ਪੰਜਾਬੀ ਮਾਂ ਬੋਲੀ ਨੂੰ ਸਮਰਿਪਤ
ਅਮਰੀਕਾ ਦੀ ਧਰਤੀ 'ਤੇ ਪਿਛਲੇ ਕਈ ਸਾਲਾਂ ਤੋਂ ਛੱਪਣ ਵਾਲਾ ਅਖ਼ਬਾਰ
ਸ਼ਾਨੇ ਪੰਜਾਬ ਯੂਐਸਏ
ਤੁਹਾਡੇ ਮੋਬਾਈਲ 'ਤੇ

# ਸ਼ਾਨੇ ਪੰਜਾਬ USA

ਸੰਪਾਦਕ-ਹਰਬਖ਼ਸ਼ ਸਿੰਘ ਟਾਹਲੀ

@shanepunjabusa | E-mail: shaanepunjabusa@gmail.com

PUNJABI WEEKLY NEWS PAPER USA

XVVII, Issue 13 | 25 April, 2024 | Ph.: 516-924-5228, Fax: 347-230-5900 | WebSite: www.shanepunjabusa.com

## ਕਾਂਗਰਸ ਦੇ ਖਤਰਨਾਕ ਇਰਾਦੇ ਜੱਗ ਜਾਹਿਰ ਹੋਏ: ਮੋਦੀ



ਅੰਬਿਕਾਪੁਰ/ਸਾਗਰ/ਨਵੀਂ ਦਿੱਲੀ, (ਸ਼.ਪ.)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੈਮ ਪਿਤਰੋਦਾ ਦੇ ਵਿਰਾਸਤੀ ਟੈਕਸ ਵਾਲੇ ਬਿਆਨ 'ਤੇ ਕਾਂਗਰਸ ਨੂੰ ਘੇਰਦਿਆਂ ਕਿਹਾ ਹੈ ਕਿ ਦੇਸ਼ ਦੀ ਸਭ ਤੋਂ ਪੁਰਾਣੀ ਪਾਰਟੀ ਦੇ ਲੋਕਾਂ ਦੀ ਸੰਪਤੀ ਅਤੇ ਹੱਕ ਖੋਹਣ ਦੇ ਖਤਰਨਾਕ ਇਰਾਦੇ ਜੱਗ ਜਾਹਿਰ ਹੋ ਗਏ ਹਨ। ਛੱਤੀਸਗੜ੍ਹ ਦੇ ਅੰਬਿਕਾਪੁਰ ਅਤੇ ਮੱਧ ਪ੍ਰਦੇਸ਼ ਦੇ ਸਾਗਰ 'ਚ ਚੋਣ ਰੈਲੀਆਂ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਦਾਅਵਾ ਕੀਤਾ ਕਿ ਕਾਂਗਰਸ ਲੋਕਾਂ ਦੀ ਸੰਪਤੀ ਅਤੇ ਕਮਾਈ ਲੁੱਟ ਕੇ ਆਪਸ 'ਚ ਵੰਡ ਲਵੇਗੀ। ਉਨ੍ਹਾਂ ਕਿਹਾ, "ਵਿਰੋਧੀ ਧਿਰ ਦਾ ਲੋਕਾਂ ਨੂੰ ਲੁੱਟਣ ਦਾ 'ਜਿੰਦਗੀ ਕੇ ਸਾਥ ਭੀ, ਜਿੰਦਗੀ ਕੇ ਬਾਅਦ ਭੀ' ਮੰਤਰ ਬਣ ਗਿਆ ਹੈ।" ਚੋਣ ਰੈਲੀਆਂ 'ਚ ਮੋਦੀ ਨੇ ਕਿਹਾ ਕਿ ਕਾਂਗਰਸ ਦਾ ਲੁਕਵਾਂ ਏਜੰਡਾ ਸਾਹਮਣੇ ਆ ਗਿਆ ਹੈ ਅਤੇ ਪਾਰਟੀ ਦੇਸ਼ ਦੇ ਸਮਾਜਿਕ ਤਾਣੇ-ਬਾਣੇ ਅਤੇ ਪਰਿਵਾਰਕ ਕਦਰਾਂ-ਕੀਮਤਾਂ ਤੋਂ ਥਿੜਕ ਗਈ ਹੈ। ਉਹ ਲੋਕਾਂ ਦੀ ਸੰਪਤੀ ਅਤੇ ਜ਼ਿੰਦਗੀ ਭਰ ਦੀ ਕਮਾਈ ਕਾਨੂੰਨੀ ਢੰਗ ਨਾਲ ਲੁੱਟਣਾ ਚਾਹੁੰਦੇ ਹਨ। ਇੰਡੀਅਨ ਓਵਰਸੀਜ ਕਾਂਗਰਸ ਦੇ ਪ੍ਰਧਾਨ ਸੈਮ ਪਿਤਰੋਦਾ ਦੇ ਬਿਆਨ ਮਗਰੋਂ ਗਰਮਾਈ ਸਿਆਸਤ ਨੂੰ ਸ਼ਾਂਤ ਕਰਨ ਲਈ ਕਾਂਗਰਸ ਤੁਰੰਤ ਹਰਕਤ 'ਚ ਆਈ ਅਤੇ ਉਨ੍ਹਾਂ ਪਿਤਰੋਦਾ ਦੇ ਬਿਆਨ ਤੋਂ ਆਪਣੇ ਆਪ ਨੂੰ ਵੱਖ ਕਰ ਲਿਆ ਅਤੇ ਕਿਹਾ ਕਿ ਜੇ ਕਾਂਗਰਸ ਸੱਤਾ 'ਚ ਆਈ ਤਾਂ ਉਸ ਦਾ ਅਜਿਹਾ ਕੋਈ ਟੈਕਸ ਲਾਉਣ ਦੀ ਯੋਜਨਾ ਨਹੀਂ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ 'ਐਕਸ' 'ਤੇ ਕਿਹਾ ਕਿ ਪਿਤਰੋਦਾ ਦੇ ਬਿਆਨ ਨੂੰ ਸਨਸਨੀਖੇਜ ਬਣਾ ਕੇ ਅਤੇ ਬਿਨਾਂ ਕਿਸੇ ਸੰਦਰਭ ਦੇ ਇਸ ਨੂੰ ਚੁੱਕ ਕੇ ਮੋਦੀ ਵੱਲੋਂ ਆਪਣੇ ਕੂੜ ਪ੍ਰਚਾਰ ਤੋਂ ਧਿਆਨ ਵੰਡਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਪਿਤਰੋਦਾ ਨੇ ਸੰਪਤੀ ਦੀ ਮੁੜ ਵੰਡ ਦੇ ਮੁੱਦੇ 'ਤੇ ਚਰਚਾ ਕਰਦੇ ਹੋਏ ਅਮਰੀਕਾ ਵਿੱਚ ਲਗਦੇ ਵਿਰਾਸਤੀ ਟੈਕਸ ਬਾਰੇ ਗੱਲ ਕੀਤੀ ਸੀ।

## ਚੋਣਾਂ ਕੰਟਰੋਲ ਨਹੀਂ ਕਰ ਸਕਦੇ: ਸੁਪਰੀਮ ਕੋਰਟ

*ਨਵੀਂ ਦਿੱਲੀ, ਸੁਪਰੀਮ ਕੋਰਟ ਨੇ ਇਲੈਕਟ੍ਰੌਨਿਕ ਵੋਟਿੰਗ ਮਸ਼ੀਨਾਂ (ਈਵੀਐਮ'ਜ) ਵਿਚਲੀਆਂ ਵੋਟਾਂ ਦੀ ਵੋਟਰ ਵੈਰੀਫਾਇਬਲ ਪੇਪਰ ਆਡਿਟ ਟਰੇਲ (ਵੀਵੀਪੈਟ) ਨਾਲ ਮੁਕੰਮਲ ਤਸਦੀਕ/ਮਿਲਾਨ ਕੀਤੇ ਜਾਣ ਦੀ ਮੰਗ ਕਰਦੀਆਂ ਪਟੀਸ਼ਨਾਂ 'ਤੇ ਫੈਸਲਾ ਰਾਖਵਾਂ ਰੱਖ ਲਿਆ ਹੈ। ਸਰਬਉੱਚ ਅਦਾਲਤ ਨੇ ਹਾਲਾਂਕਿ ਈਵੀਐੱਜ ਦੀ ਨੁਕਤਾਚੀਨੀ ਕਰਨ ਵਾਲਿਆਂ ਨੂੰ ਸਾਫ ਕਰ ਦਿੱਤਾ ਕਿ ਉਹ 'ਚੋਣਾਂ ਨੂੰ ਕੰਟਰੋਲ' ਨਹੀਂ ਕਰ ਸਕਦੀ ਜਾਂ ਮਹਿਜ ਈਵੀਐਮਜ ਦੀ ਕਾਰਗਰਤਾ ਬਾਰੇ ਸ਼ੰਕਿਆਂ ਦੇ ਆਧਾਰ 'ਤੇ ਕੋਈ ਹਦਾਇਤਾਂ ਨਹੀਂ ਦੇ ਸਕਦੀ। ਅਦਾਲਤ ਨੇ ਕਿਹਾ ਕਿ ਉਹ ਮੁੜ ਤੋਂ ਬੈਲੇਟ ਪੇਪਰਾਂ (ਚੋਣ ਪਰਚੀਆਂ) ਰਾਹੀਂ ਚੋਣਾਂ ਦੀ ਵਕਾਲਤ ਕਰਨ ਵਾਲਿਆਂ ਤੇ ਈਵੀਐੱਮਜ ਦੇ ਫਾਇਦਿਆਂ 'ਤੇ ਸ਼ੱਕ ਕਰਨ ਵਾਲਿਆਂ ਦੀ ਸੋਚ ਦੇ ਅਮਲ ਨੂੰ ਨਹੀਂ ਬਦਲ ਸਕਦੀ।*

*ਜਸਟਿਸ ਸੰਜੀਵ ਖੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੇ ਬੈਂਚ ਨੇ ਚੋਣ ਕਮਿਸ਼ਨ ਦੇ ਅਧਿਕਾਰੀ ਤੋਂ ਈਵੀਐੱਮਜ ਦੀ ਕਾਰਜਵਿਧੀ ਨਾਲ ਜੁੜੇ ਪੰਜ ਸਵਾਲ ਕੀਤੇ ਸਨ, ਜਿਨ੍ਹਾਂ ਦੇ ਜਵਾਬ ਮਿਲਣ ਮਗਰੋਂ ਅਦਾਲਤ ਨੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ। ਇਨ੍ਹਾਂ (ਸਵਾਲਾਂ) ਵਿਚ ਈਵੀਐੱਮਜ ਵਿਚ ਫਿਟ ਕੀਤੇ ਮਾਈਕਰੋਕੰਟਰੋਲਰਜ ਨੂੰ ਰੀ-ਪ੍ਰੋਗਰਾਮ ਕੀਤੇ ਜਾਣ ਸਬੰਧੀ ਸਵਾਲ ਵੀ ਸੀ। ਸੁਪਰੀਮ ਕੋਰਟ ਨੇ ਉਪਰੋਕਤ ਸਵਾਲਾਂ ਦੇ ਜਵਾਬ ਲਈ ਅੱਜ ਬਾਅਦ ਦੁਪਹਿਰ ਦੋ ਵਜੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਨਿਤੇਸ਼ ਕੁਮਾਰ ਵਿਆਸ ਨੂੰ ਤਲਬ ਕੀਤਾ ਸੀ। ਵਿਆਸ ਈਵੀਐੱਮਜ ਦੀ ਕਾਰਜਵਿਧੀ ਨੂੰ ਲੈ ਕੇ ਪਹਿਲਾਂ ਵੀ ਕੋਰਟ ਅੱਗੇ ਪੇਸ਼ਕਾਰੀ ਦੇ ਚੁੱਕੇ ਹਨ।*

*ਵਿਆਸ ਨੇ ਮਾਈਕਰੋਕੰਟਰੋਲਰਜ ਨੂੰ ਲੈ ਕੇ ਪੁੱਛੇ ਸਵਾਲ ਦੇ ਜਵਾਬ ਵਿਚ ਕਿਹਾ ਕਿ ਨਿਰਮਾਣ ਮੌਕੇ ਇਹ ਇਕੋ ਵਾਰੀ ਪ੍ਰੋਗਰਾਮ ਹੁੰਦਾ ਹੈ ਤੇ ਇਨ੍ਹਾਂ ਨੂੰ ਈਵੀਐੱਮਜ ਦੇ ਤਿੰਨ ਯੂਨਿਟਾਂ- ਬੈਲੇਟਿੰਗ ਯੂਨਿਟ, ਵੀਵੀਪੈਟ ਤੇ ਕੰਟਰੋਲ ਯੂਨਿਟ ਵਿਚ ਇੰਸਟਾਲ ਕੀਤਾ ਜਾਂਦਾ ਹੈ। ਇਸ ਮਗਰੋਂ ਇਨ੍ਹਾਂ ਨੂੰ ਰੀ-ਪ੍ਰੋਗਰਾਮ ਨਹੀਂ ਕੀਤਾ ਜਾ ਸਕਦਾ। ਉਧਰ ਐੱਨਜੀਓ 'ਐਸੋਸੀਏਸ਼ਨ ਫਾਰ ਡੈਮੋਕਰੈਟਿਕ ਰਿਫਾਰਮਜ' ਵੱਲੋਂ ਪੇਸ਼ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਨੇ ਦਾਅਵਾ ਕੀਤਾ ਕਿ ਚੋਣ ਕਮਿਸ਼ਨ ਦੇ ਅਧਿਕਾਰੀ ਦਾ ਬਿਆਨ ਪੂਰੀ ਤਰ੍ਹਾਂ ਸਹੀ ਨਹੀਂ ਹੈ। ਭੂਸ਼ਣ ਨੇ ਆਪਣੇ ਇਸ ਦਾਅਵੇ ਦੀ ਪੁਸ਼ਟੀ ਲਈ ਨਿੱਜੀ ਸੰਸਥਾ ਦੀ ਰਿਪੋਰਟ ਦਾ ਹਵਾਲਾ ਦਿੱਤਾ।*



*ਉਨ੍ਹਾਂ ਦਾਅਵਾ ਕੀਤਾ, "ਰਿਪੋਰਟ ਇਹ ਕਹਿੰਦੀ ਹੈ ਕਿ ਈਵੀਐੱਮਜ ਦੇ ਇਨ੍ਹਾਂ ਤਿੰਨ ਯੂਨਿਟਾਂ ਵਿਚ ਵਰਤੀ ਜਾਂਦੀ ਮੈਮਰੀ ਨੂੰ ਰੀ-ਪ੍ਰੋਗਰਾਮ ਕੀਤਾ ਜਾ ਸਕਦਾ ਹੈ। ਈਵੀਐੱਮਜ ਵਿਚ ਚੋਣ ਨਿਸ਼ਾਨ ਲੋਡ ਕੀਤੇ ਜਾਣ ਮੌਕੇ ਬਦਨੀਤੀ ਨਾਲ ਤਿਆਰ ਕੀਤੇ ਪ੍ਰੋਗਰਾਮ ਨੂੰ ਸੌਖਿਆਂ ਅਪਲੋਡ ਕੀਤਾ ਜਾ ਸਕਦਾ ਹੈ।" ਭੂਸ਼ਣ ਨੇ ਕਿਹਾ ਕਿ ਈਵੀਐੱਮਜ ਦੀ ਪਾਰਦਰਸ਼ਤਾ ਬਾਰੇ ਸੰਕਿਆਂ ਨੂੰ ਖਤਮ ਕਰਨ ਲਈ ਕੋਸ਼ਿਸ਼ਾਂ ਕੀਤੀਆਂ ਜਾਣ। ਇਸ 'ਤੇ ਜਸਟਿਸ ਖੰਨਾ ਨੇ ਭੂਸ਼ਣ ਨੂੰ ਕਿਹਾ ਕਿ ਅਦਾਲਤ ਨੂੰ ਚੋਣ ਕਮਿਸ਼ਨ, ਜੋ ਸੰਵਿਧਾਨਕ ਸੰਸਥਾ ਹੈ, ਵੱਲੋਂ ਮੁਹੱਈਆ ਕੀਤੇ ਡੇਟਾ ਤੇ ਜਾਣਕਾਰੀ 'ਤੇ ਭਰੋਸਾ ਕਰਨਾ ਹੋਵੇਗਾ, ਜੋ ਇਹ ਕਹਿੰਦਾ ਹੈ ਕਿ ਈਵੀਐੱਮ ਦੀ ਮੈਮਰੀ ਵਿਚਲੇ ਪ੍ਰੋਗਰਾਮ ਨੂੰ ਸਿਰਫ ਇਕੋ ਵਾਰ ਲਿਖਿਆ ਜਾ ਸਕਦਾ ਹੈ। ਬੈਂਚ ਨੇ ਭੂਸ਼ਣ ਨੂੰ ਕਿਹਾ, "ਜੇਕਰ ਤੁਸੀਂ ਕਿਸੇ ਚੀਜ ਨੂੰ ਲੈ ਕੇ ਪਹਿਲਾਂ ਹੀ ਮਨ ਜਾਂ ਰਾਇ ਬਣਾਈ ਬੈਠੇ ਹੋ ਤਾਂ ਅਸੀਂ ਇਸ ਵਿਚ ਮਦਦ ਨਹੀਂ ਕਰ ਸਕਦੇ। ਅਸੀਂ ਤੁਹਾਡੇ ਸੋਚਣ ਦੇ ਅਮਲ ਨੂੰ ਨਹੀਂ ਬਦਲ ਸਕਦੇ।" ਜਸਟਿਸ ਦੱਤਾ ਨੇ ਕਿਹਾ, "ਕੀ ਅਸੀਂ ਸ਼ੱਕ ਦੇ ਅਧਾਰ 'ਤੇ ਹਦਾਇਤਾਂ ਦੇ ਸਕਦੇ ਹਾਂ? ਤੁਸੀਂ (ਭੂਸ਼ਣ) ਜਿਹੜੀ ਰਿਪੋਰਟ 'ਤੇ ਨਿਰਭਰ ਹੋ, ਉਹ ਇਹ ਕਹਿੰਦੀ ਹੈ ਕਿ ਅਜੇ ਤੱਕ (ਈਵੀਐੱਮਜ ਨਾਲ) ਜੋੜ-ਤੋੜ ਦੀ ਕੋਈ ਘਟਨਾ ਨਹੀਂ ਹੋਈ।*

## ਕੈਨੇਡਾ ਤੋਂ 5 ਮਹੀਨੇ ਪਹਿਲਾਂ ਆਏ ਨੌਜਵਾਨ ਦੀ ਭੇਦ ਭਰੇ ਹਾਲਾਤਾਂ 'ਚ ਮਿਲੀ ਦੇਹ, ਦੋ ਖਿਲਾਫ ਪਰਚਾ ਦਰਜ

ਕੈਨੇਡਾ, (ਸ਼.ਪ.)-ਪੰਜ ਮਹੀਨੇ ਪਹਿਲਾਂ ਭੈਣ ਦੇ ਵਿਆਹ ਤੇ ਆਏ ਨੌਜਵਾਨ ਦੀ ਲਾਸ ਥਾਣਾ ਤਿੱਬੜ ਦੇ ਤਹਿਤ ਆਉਂਦੇ ਪਿੰਡ ਕੋਠੇ ਨੇੜੇ ਸਥਿਤ ਫਲਾਈ ਓਵਰ ਦੇ ਥੱਲੋਂ ਝਾੜੀਆਂ ਵਿੱਚੋਂ ਮਿਲੀ। ਮ੍ਰਿਤਕ ਨੌਜਵਾਨ ਘਰੋਂ ਆਪਣੇ ਦੋਸਤ ਦੀ ਜਨਮ ਦਿਨ ਪਾਰਟੀ ਲਈ ਨਿਕਲਿਆ ਸੀ। ਲਾਸ ਮਿਲਣ ਤੋਂ ਬਾਅਦ ਜਦੋਂ ਪੁਲਿਸ ਨੇ ਆਲੇ ਦੁਆਲੇ ਦੇ ਸੀ.ਸੀ.ਟੀ.ਵੀ. ਕੈਮਰੇ ਖੰਗਾਲੇ ਤਾਂ ਹੈਰਾਨੀਜਨਕ ਖੁਲਾਸਾ ਹੋਇਆ ਕਿ ਦੋ ਵਿਅਕਤੀਆਂ ਜਿਨਾਂ ਵਿੱਚੋਂ ਇੱਕ ਲੜਕੀ ਦੀ ਕੱਪੜੇ ਪਹਿਨਿਆ ਲੱਗ ਰਿਹਾ ਹੈ ਵੱਲੋਂ ਇਹ ਲਾਸ ਕਾਰ ਵਿੱਚ ਲਿਆ ਕੇ ਇੱਥੇ ਸੁੱਟੀ ਗਈ ਹੈ, ਜਿਸ ਤੋਂ ਬਾਅਦ ਪੁਲਿਸ ਨੇ ਤਫਤੀਸ ਕਰਦਿਆ ਦੋ ਨੌਜਵਾਨਾਂ ਨੂੰ ਮਾਮਲੇ ਵਿੱਚ ਨਾਮਜਦ ਕਰ ਲਿਆ ਹੈ।

ਮ੍ਰਿਤਕ ਦੀ ਪਛਾਣ ਜਸਨਪ੍ਰੀਤ ਸਿੰਘ (27) ਪੁੱਤਰ ਪਿਤਾ ਨਗਵੰਤ ਸਿੰਘ ਵਾਸੀ ਕੋਟ ਕੇਸਰਾ ਸਿੰਘ ਥਾਣਾ ਝੰਡੇਰ ਹਾਲ ਵਾਸੀ ਫਤਿਹਗੜ੍ਹ ਚੂੜੀਆਂ ਵਜੋਂ ਹੋਈ ਹੈ। ਮ੍ਰਿਤਕ ਨੌਜਵਾਨ 22 ਅਪ੍ਰੈਲ ਨੂੰ ਫਤਿਹਗੜ੍ਹ ਚੂੜੀਆਂ ਤੋਂ ਗੁਰਦਾਸਪੁਰ ਆਪਣੇ ਇੱਕ ਦੋਸਤ ਦੇ ਜਨਮ ਦਿਨ ਦੀ ਪਾਰਟੀ ਵਿੱਚ ਸਾਮਲ ਹੋਣ ਲਈ ਆਇਆ ਸੀ ਪਰ ਬਾਅਦ ਵਿੱਚ ਉਸ ਦਾ ਫੋਨ ਬੰਦ ਹੋ ਗਿਆ। ਜਦੋਂਕਿ ਅਗਲੇ ਦਿਨ ਸਵੇਰੇ ਤੜਕਸਾਰ ਥਾਣਾ ਤਿੱਬੜ ਦੀ ਪੁਲਿਸ ਨੂੰ ਇੱਕ ਨੌਜਵਾਨ ਦੀ ਅਣਪਛਾਤੀ ਲਾਸ ਮਿਲੀ, ਬਾਅਦ ਵਿੱਚ ਉਸਦੀ ਪਛਾਣ ਜਸਨਪ੍ਰੀਤ ਸਿੰਘ ਵਜੋਂ ਹੋਈ। ਮ੍ਰਿਤਕ ਜਸਨਪ੍ਰੀਤ ਦੇ ਦੋਸਤਾਂ ਵੱਲੋਂ ਲਾਸ ਨੂੰ ਸੁੱਟੇ ਜਾਣ ਦੀ ਸੀਸੀਟੀਵੀ ਫੁਟੇਜ ਸਾਹਮਣੇ ਆਉਣ ਤੋਂ ਬਾਅਦ ਪੁਲਿਸ ਨੇ ਦੋ ਨੌਜਵਾਨਾਂ ਖਲਿਾਫ ਕਤਲ ਦਾ ਮਾਮਲਾ ਦਰਜ ਕਰ ਲਿਆ ਹੈ।



ਮ੍ਰਿਤਕ ਜਸਨਪ੍ਰੀਤ ਸਿੰਘ ਦੇ ਪਿਤਾ ਨਗਵੰਤ ਸਿੰਘ ਨੇ ਪੁਲਿਸ ਨੂੰ ਦੱਸਿਆ ਹੈ ਕਿ ਉਹ ਪੰਜਾਬ ਪੁਲਿਸ ਵਿੱਚ ਤਾਇਨਾਤ ਸੀ। ਉਸ ਦਾ ਲੜਕਾ ਜਸਨਪ੍ਰੀਤ ਕੈਨੇਡਾ ਰਹਿੰਦਾ ਹੈ ਅਤੇ ਕਰੀਬ ਪੰਜ ਮਹੀਨੇ ਪਹਿਲਾਂ ਆਪਣੀ ਭੈਣ ਦੇ ਵਿਆਹ ਲਈ ਪਿੰਡ ਪਰਤਿਆ ਸੀ। 22 ਅਪ੍ਰੈਲ ਨੂੰ ਦੁਪਹਿਰ 2 ਵਜੇ ਦੇ ਕਰੀਬ ਜਸਨ ਇਹ ਕਹਿ ਕੇ ਘਰੋਂ ਨਿਕਲਿਆ ਸੀ ਕਿ ਗੁਰਦਾਸਪੁਰ 'ਚ ਰਹਿੰਦੇ ਉਸ ਦੇ ਇਕ ਦੋਸਤ ਦਾ ਜਨਮ ਦਿਨ ਹੈ ਅਤੇ ਉਹ ਉੱਥੇ ਜਾ ਰਿਹਾ ਹੈ। ਸਾਮ ਕਰੀਬ ਪੰਜ ਵਜੇ ਉਸ ਨੂੰ ਫੋਨ ਆਇਆ ਕਿ ਉਹ ਆਪਣੇ ਦੋਸਤ ਦੀ ਪਾਰਟੀ ਤੇ ਗੁਰਦਾਸਪੁਰ ਪਹੁੰਚ ਗਿਆ ਹੈ।

## ਲੇਹ-ਮਨਾਲੀ ਕੌਮੀ ਮਾਰਗ ਪੰਜ ਮਹੀਨਿਆਂ ਬਾਅਦ ਮੁੜ ਖੁੱਲ੍ਹਿਆ

ਲੇਹ, (ਸ਼.ਪ.)-ਬਾਰਡਰ ਰੋਡਜ ਆਰਗੇਨਾਈਜੇਸਨ (ਬੀਆਰਓ) ਨੇ ਸਰਦੀਆਂ ਦੌਰਾਨ ਭਾਰੀ ਬਰਫਬਾਰੀ ਕਾਰਨ ਕਰੀਬ ਪੰਜ ਮਹੀਨਿਆਂ ਤੋਂ ਬੰਦ 428 ਕਿਲੋਮੀਟਰ ਲੰਮਾ ਲੇਹ-ਮਨਾਲੀ ਰਾਸਟਰੀ ਰਾਜਮਾਰਗ ਵਾਹਨਾਂ ਦੀ ਆਵਾਜਾਈ ਲਈ ਮੁੜ ਖੋਲ੍ਹ ਦਿੱਤਾ ਹੈ। ਅਧਿਕਾਰੀਆਂ ਨੇ ਅੱਜ ਇਹ ਜਾਣਕਾਰੀ ਦਿੱਤੀ। ਕੇਂਦਰੀ ਸਾਸਿਤ ਪ੍ਰਦੇਸ ਲੱਦਾਖ ਨੂੰ ਹਿਮਾਚਲ ਪ੍ਰਦੇਸ ਰਾਹੀਂ ਦੇਸ ਦੇ ਬਾਕੀ ਹਿੱਸਿਆਂ ਨਾਲ ਜੋੜਨ ਵਾਲਾ ਇਹ ਮਾਰਗ ਇੱਕ ਬਦਲਵਾਂ ਰਸਤਾ ਹੈ ਜਿਸ ਨੂੰ ਸਰਦੀਆਂ ਦੀ ਸੁਰੂਆਤ 'ਚ ਭਾਰੀ ਬਰਫਬਾਰੀ ਹੋਣ ਮਗਰੋਂ ਨਵੰਬਰ ਵਿੱਚ ਬੰਦ ਕਰ ਦਿੱਤਾ ਗਿਆ ਸੀ। ਰੱਖਿਆ ਵਿਭਾਗ ਦੇ ਤਰਜਮਾਨ ਨੇ ਦੱਸਿਆ ਕਿ ਬਰਫ ਹਟਾਉਣ ਦਾ ਕੰਮ ਪੂਰਾ ਹੋਣ ਮਗਰੋਂ ਬੀਆਰਓ ਨੇ ਸੜਕ ਨੂੰ ਵਾਹਨਾਂ ਦੀ ਆਵਾਜਾਈ ਲਈ ਖੋਲ੍ਹ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਬੀਆਰਓ ਦੀਆਂ ਟੀਮਾਂ ਨੇ ਬੇਹੱਦ ਚੁਣੌਤੀਪੂਰਨ ਹਾਲਾਤ 'ਚ ਕੰਮ ਕੀਤਾ। ਉਨ੍ਹਾਂ ਮੁਤਾਬਕ ਮਾਰਗ ਸਾਫ ਕਰਨ ਦੀ ਇਹ ਕਾਰਵਾਈ ਲੱਦਾਖ ਵਿੱਚ ਪ੍ਰਾਜੈਕਟ 'ਹਿਮੰਕ' ਤਹਿਤ ਜਦਕਿ ਹਿਮਾਚਲ 'ਚ ਪ੍ਰਾਜੈਕਟ 'ਦੀਪਕ' ਤਹਿਤ ਕੀਤੀ ਗਈ। ਤਰਜਮਾਨ ਨੇ ਦੱਸਿਆ ਕਿ ਮੁਲਾਜਮਾਂ ਨੇ ਬਾਰਾਲਾਚਾ ਦੱਰ੍ਹਾ (15,910 ਫੁੱਟ), ਨਾਕੀ ਦੱਰ੍ਹਾ (15,547 ਫੁੱਟ), ਲਾਚੁੰਗ ਦੱਰ੍ਹਾ (16,616 ਫੁੱਟ) ਅਤੇ ਤਾਂਗਲਾਂਗ ਦੱਰ੍ਹਾ (17,482 ਫੁੱਟ) ਸਣੇ ਚਾਰ ਅਹਿਮ ਦੱਰ੍ਹਿਆਂ 'ਤੇ ਪਈ ਬਰਫ ਹਟਾਈ।



**Matrimonial**

*Parents seeking a match for professional (senior medical social worker) lobana sikh daughter, American, 31 years old, height 5'8". Preferred in NY and non-alcholoc.*

***Contact: Paramjit singh begowal (917-299-2086)***

## ਚੋਣਾਂ ਦੇ ਦੂਜੇ ਗੇੜ ਲਈ ਪ੍ਰਚਾਰ ਬੰਦ

ਨਵੀਂ ਦਿੱਲੀ, (ਸ਼.ਪ.)-ਲੋਕ ਸਭਾ ਚੋਣਾਂ ਦੇ ਦੂਜੇ ਗੇੜ ਲਈ ਅੱਜ ਸ਼ਾਮੀਂ ਪੰਜ ਵਜੇ ਚੋਣ ਪ੍ਰਚਾਰ ਬੰਦ ਹੋ ਗਿਆ। ਇਸ ਗੇੜ ਵਿਚ 13 ਰਾਜਾਂ ਦੀਆਂ 89 ਸੀਟਾਂ ਲਈ 26 ਅਪਰੈਲ ਨੂੰ ਵੋਟਾਂ ਪੈਣਗੀਆਂ। ਪਹਿਲੇ ਗੇੜ ਲਈ ਲੰਘੇ ਸ਼ੁੱਕਰਵਾਰ ਨੂੰ 21 ਰਾਜਾਂ ਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 102 ਸੀਟਾਂ ਲਈ 65.5 ਫੀਸਦ ਪੋਲਿੰਗ ਹੋਈ ਸੀ। ਦੂਜੇ ਗੇੜ ਵਿਚ ਕੇਰਲਾ ਦੀਆਂ ਸਾਰੀਆਂ 20 ਸੀਟਾਂ; ਕਰਨਾਟਕ ਦੀਆਂ ਕੁੱਲ 28 ਸੀਟਾਂ 'ਚੋਂ 14, ਰਾਜਸਥਾਨ ਦੀਆਂ 13, ਮਹਾਰਾਸ਼ਟਰ ਤੇ ਉੱਤਰ ਪ੍ਰਦੇਸ਼ 8-8, ਮੱਧ ਪ੍ਰਦੇਸ਼ 7, ਅਸਾਮ ਤੇ ਬਿਹਾਰ 5-5, ਛੱਤੀਸਗੜ੍ਹ ਤੇ ਪੱਛਮੀ ਬੰਗਾਲ ਦੀਆਂ 3-3 ਅਤੇ ਮਨੀਪੁਰ, ਤ੍ਰਿਪੁਰਾ ਤੇ ਜੰਮੂ ਕਸ਼ਮੀਰ ਦੀ ਇਕ-ਇਕ ਲੋਕ ਸਭਾ ਸੀਟ ਲਈ ਵੋਟਾਂ ਪੈਣਗੀਆਂ। ਦੂਜੇ ਗੇੜ ਲਈ ਚੋਣ ਪ੍ਰਚਾਰ ਖਤਮ ਹੋਣ ਤੋਂ ਪਹਿਲਾਂ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਛੱਤੀਸਗੜ੍ਹ ਦੇ ਅੰਬਿਕਾਪੁਰ ਤੇ ਮਹਾਰਾਸ਼ਟਰ ਦੇ ਸਾਗਰ ਵਿਚ ਚੋਣ ਰੈਲੀਆਂ ਨੂੰ ਸੰਬੋਧਨ ਕੀਤਾ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਰਨਾਟਕ ਦੇ ਆਪਣੇ ਪਿੱਤਰੀ ਰਾਜ ਕਲਬੁਰਗੀ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਤੇ ਭਾਜਪਾ ਨੂੰ ਘੇਰਿਆ। ਸ੍ਰੀ ਮੋਦੀ ਨੇ ਐਤਵਾਰ ਨੂੰ ਰਾਜਸਥਾਨ ਦੇ ਬਾਂਸਵਾੜਾ ਤੇ ਮਗਰੋਂ ਪੱਛਮੀ ਯੂਪੀ



ਦੇ ਅਲੀਗੜ੍ਹ ਵਿਚ ਇਕ ਫਿਰਕੇ ਖਿਲਾਫ ਕਥਿਤ ਟਿੱਪਣੀਆਂ ਕਰਕੇ ਦੂਜੇ ਗੇੜ ਦੇ ਚੋਣ ਪ੍ਰਚਾਰ ਨੂੰ ਭਖਾ ਦਿੱਤਾ ਹੈ। ਸੱਤ ਪੜਾਵੀ ਚੋਣ ਪ੍ਰੋਗਰਾਮ ਦੇ ਦੂਜੇ ਗੇੜ ਵਿਚ ਜਿਨ੍ਹਾਂ ਪ੍ਰਮੁੱਖ ਉਮੀਦਵਾਰਾਂ ਦੀ ਸਿਆਸੀ ਕਿਸਮਤ ਦਾ ਫੈਸਲਾ ਹੋਵੇਗਾ, ਉਨ੍ਹਾਂ ਵਿਚ ਕੇਂਦਰੀ ਮੰਤਰੀ ਰਾਜੀਵ ਚੰਦਰਸ਼ੇਖਰ (ਤਿਰੂਵਨੰਤਪੁਰਮ), ਭਾਜਪਾ ਦੇ ਤੇਜਸਵੀ ਸੂਰਿਆ(ਕਰਨਾਟਕ), ਹੇਮਾ ਮਾਲਿਨੀ ਤੇ ਅਰੁਣ ਗੋਵਿਲ (ਦੋਵੇਂ ਯੂਪੀ), ਕਾਂਗਰਸ ਆਗੂ ਰਾਹੁਲ ਗਾਂਧੀ (ਵਾਇਨਾਡ) ਤੇ ਸ਼ਸ਼ੀ ਥਰੂਰ (ਤਿਰੂਵਨੰਤਪੁਰਮ) ਆਦਿ ਨਾਮ ਸ਼ਾਮਲ ਹਨ।

# ਸੁਤੰਤਰਤਾ ਸੰਗਰਾਮੀ ਗਿਆਨੀ ਹਰਨਾਮ ਸਿੰਘ ਜਲਾਲਪੁਰ ਦੀ ਸਲਾਨਾ ਬਰਸੀ ਸਰਧਾ ਨਾਲ ਮਨਾਈ



ਮਿਆਣੀ (ਹਰਜਿੰਦਰ ਸਿੰਘ ਮੁਲਤਾਨੀ)-ਪਿੰਡ ਜਲਾਲਪੁਰ ਵਿਖੇ ਫਰੀਡਮ ਫਾਈਟਰ ਗਿਆਨੀ ਹਰਨਾਮ ਸਿੰਘ ਮੈਮੋਰੀਅਲ ਟਰੱਸਟ (ਰਜਿ.) ਜਲਾਲਪੁਰ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਪ੍ਰਧਾਨ ਜਸਵੰਤ ਸਿੰਘ ਬਿੱਟੂ ਦੀ ਅਗਵਾਈ ਵਿੱਚ ਸੁਤੰਤਰਤਾ ਸੰਗਰਾਮੀ ਗਿਆਨੀ ਹਰਨਾਮ ਸਿੰਘ ਜਲਾਲਪੁਰ ਦੀ ਸਲਾਨਾ ਬਰਸੀ ਬੜੀ ਸਰਧਾ ਨਾਲ ਮਨਾਈ ਗਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਗ੍ਰਹਿ ਵਿਖੇ ਭੋਗ ਪਾਉਣ ਉਪਰੰਤ ਗੁਰਦੁਆਰਾ ਕੁਵਾਖ ਪੱਤੀ ਜਲਾਪੁਰ ਵਿਖੇ ਹੋਏ ਸਰਧਾਂਜਲੀ ਸਮਾਗਮ ਦੌਰਾਨ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ, ਕਥਾਵਾਚਕ ਗਿਆਨੀ ਬਲਬੀਰ ਸਿੰਘ ਮਾਡਲ ਟਾਊਨ ਜਲੰਧਰ, ਭਾਈ ਹਰਪ੍ਰੀਤ ਸਿੰਘ ਕਿਲਾਪੱਤੀ, ਭਾਈ ਜਗਤਾਰ ਸਿੰਘ ਕੁਵਾਖਪੱਤੀ ਆਦਿ ਜਥਿਆਂ ਨੇ ਗੁਰਬਾਣੀ ਦੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ, ਹਲਕਾ ਇੰਚਾਰਜ ਟਾਂਡਾ ਅਰਵਿੰਦਰ ਸਿੰਘ ਰਸੂਲਪੁਰ, ਕੋਰ ਕਮੇਟੀ ਮੈਂਬਰ ਰਜਿੰਦਰ ਸਿੰਘ ਮਾਰਸਲ, ਕੇਸਵ ਸੈਣੀ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਸੇਠੀ, ਪ੍ਰਧਾਨ ਜਗਤਾਰ ਸਿੰਘ ਸਲੇਮਪੁਰ, ਜਸਵੰਤ ਸਿੰਘ ਅੰਬੀ, ਤਰਸੇਮ ਸਿੰਘ ਨੰਦੀ, ਚਰਨ ਸਿੰਘ ਬੰਬੇ, ਸਤਵਿੰਦਰ ਸਿੰਘ ਟੀਟੂ ਜਰਮਨ, ਬਲਵੀਰ ਸਿੰਘ, ਅਮਰਜੀਤ ਸਿੰਘ ਸੰਨੀ ਅਮਰੀਕਾ, ਬਿਕਰਮਜੀਤ ਸਿੰਘ ਬਿੱਕਰ ਅਮਰੀਕਾ, ਮਨਜੋਤ ਸਿੰਘ ਜਲਾਲਪੁਰ, ਬਲਕਾਰ ਸਿੰਘ, ਬਲਵਿੰਦਰ ਸਿੰਘ, ਦੀਦਾਰ ਸਿੰਘ, ਅਵਤਾਰ ਸਿੰਘ, ਇੰਸਪੈਕਟਰ ਗੁਰਬਖਸ ਸਿੰਘ, ਕੁਲਦੀਪ ਸਿੰਘ ਇੰਗਲੈਂਡ, ਗੁਰਨਾਮ ਸਿੰਘਾ ਇੰਗਲੈਂਡ, ਰਸਵਿੰਦਰ ਸਿੰਘ ਬੱਬਰ, ਨੰਬਰਦਾਰ ਕੁਲਵੰਤ ਸਿੰਘ, ਕੁਲਵੰਤ ਸਿੰਘ ਸੋਨੂੰ, ਬਲਜੀਤ ਸਿੰਘ ਲਾਲੀ, ਲਖਵਿੰਦਰ ਸਿੰਘ ਲੱਖਾ, ਬਲਕਾਰ ਸਿੰਘ, ਮਸਤਾਨ ਸਿੰਘ, ਸੇਵਾ ਸਿੰਘ, ਤਰਸੇਮ ਸਿੰਘ ਲੰਮੇ, ਕਾਲਾ ਚੱਕ ਬਾਮੂੰ, ਸੇਵਾ ਸਿੰਘ ਡਮਾਣਾ, ਜਰਨੈਲ ਸਿੰਘ ਸਿੰਦਾ, ਅਜੀਤ ਸਿੰਘ, ਸੁਰਜੀਤ ਸਿੰਘ, ਸੁਰਿੰਦਰ ਸਿੰਘ ਨੰਗਲੀ,ਨੰਬਰਦਾਰ ਗੁਰਮੀਤ ਸਿੰਘ, ਨੰਬਰਦਾਰ ਕੁਲਵੰਤ ਸਿੰਘ, ਸਰਬਜੀਤ ਸਿੰਘ ਪੈਟੀ, ਸੁਖਦੇਵ ਸਿੰਘ, ਪਰਮਜੀਤ ਸਿੰਘ ਪੱਪੀ, ਲਖਵਿੰਦਰ ਸਿੰਘ ਨਿੱਕਾ, ਪਵਿੱਤਰ ਸਿੰਘ ਪੱਪੀ ਆਦਿ ਨੇ ਗਿਆਨੀ ਹਰਨਾਮ ਸਿੰਘ ਜਲਾਲਪੁਰ ਨੂੰ ਸਰਧਾ ਦੇ ਫੁੱਲ ਭੇਟ ਕਰਦਿਆਂ ਉਹਨਾਂ ਵਲੋਂ ਦਿੱਤੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਫੋਟੋ ਕੈਪਸਨ15.01 ਪਿੰਡ ਜਲਾਲਪੁਰ ਵਿਖੇ ਸੁੰਤਰਤਾ ਸੰਗਰਾਮੀ ਗਿਆਨੀ ਹਰਨਾਮ ਸਿੰਘ ਜਲਾਲਪੁਰ ਦੀ ਬਰਸੀ ਮੌਕੇ ਭਾਈ ਸਰਬਜੀਤ ਸਿੰਘ ਪਟਨਾ ਸਾਹਿਬ ਦਾ ਜਥਾ ਕੀਰਤਨ ਕਰਦਾ ਹੋਇਆ।

# ਕੇਜਰੀਵਾਲ ਤੇ ਕਵਿਤਾ ਦੀ ਨਿਆਂਇਕ ਹਿਰਾਸਤ 7 ਮਈ ਤੱਕ ਵਧਾਈ



ਨਵੀਂ ਦਿੱਲੀ, (ਸ਼.ਪ.)-ਦਿੱਲੀ ਕੋਰਟ ਨੇ ਕਥਿਤ ਆਬਕਾਰੀ ਨੀਤੀ ਘੁਟਾਲੇ ਨਾਲ ਸਬੰਧਤ ਮਨੀ ਲਾਂਡਰਿੰਗ ਕੇਸ ਵਿਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਭਾਰਤ ਰਾਸ਼ਟਰ ਸਮਿਤੀ (ਬੀਆਰਐੱਸ) ਆਗੂ ਕੇ.ਕਵਿਤਾ ਦੀ ਨਿਆਂਇਕ ਹਿਰਾਸਤ 7 ਮਈ ਤੱਕ ਵਧਾ ਦਿੱਤੀ ਹੈ। ਸੀਬੀਆਈ ਤੇ ਈਡੀ ਮਾਮਲਿਆਂ ਬਾਰੇ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਨੇ ਕੇਜਰੀਵਾਲ ਤੇ ਕਵਿਤਾ ਨਾਲ ਸਹਿ ਮੁਲਜਮ ਚੰਨਪ੍ਰੀਤ ਸਿੰਘ ਦੀ ਹਿਰਾਸਤ ਵਿਚ ਵੀ ਵਾਧਾ ਕੀਤਾ ਹੈ। ਸਿੰਘ ਨੇ 2022 ਗੋਆ ਅਸੈਂਬਲੀ ਚੋਣਾਂ ਦੌਰਾਨ ਕਥਿਤ ਆਮ ਆਦਮੀ ਪਾਰਟੀ ਦੇ ਫੰਡਾਂ ਦਾ ਪ੍ਰਬੰਧ ਕੀਤਾ ਸੀ। ਇਨ੍ਹਾਂ ਤਿੰਨਾਂ ਨੂੰ ਰਿਮਾਂਡ ਦੀ ਮਿਆਦ ਪੂਰੀ ਹੋਣ ਮਗਰੋਂ ਵਰਚੁਅਲੀ ਕੋਰਟ ਵਿਚ ਪੇਸ਼ ਕੀਤਾ ਗਿਆ ਸੀ। ਜੱਜ ਨੇ ਤਿਲੰਗਾਨਾ ਤੋਂ ਵਿਧਾਨ ਪਰਿਸ਼ਦ ਦੀ ਮੈਂਬਰ ਤੇ ਸੂਬੇ ਦੇ ਸਾਬਕਾ ਮੁੱਖ ਮੰਤਰੀ ਕੇ.ਚੰਦਰਸ਼ੇਖਰ ਰਾਓ ਦੀ ਧੀ ਕਵਿਤਾ ਦੀ ਸੀਬੀਆਈ ਵੱਲੋਂ ਦਰਜ ਭ੍ਰਿਸ਼ਟਾਚਾਰ ਕੇਸ ਵਿਚ ਨਿਆਂਇਕ ਹਿਰਾਸਤ 7 ਮਈ ਤੱਕ ਵਧਾਈ ਹੈ। ਕੋਰਟ ਨੇ ਕਵਿਤਾ ਦੀ ਮਨੀ ਲਾਂਡਰਿੰਗ ਕੇਸ ਵਿਚ ਦਰਜ ਜਮਾਨਤ ਅਰਜੀ ’ਤੇ ਸੁਣਵਾਈ ਬੁੱਧਵਾਰ ਤੱਕ ਮੁਲਤਵੀ ਕਰ ਦਿੱਤੀ ਹੈ। ਇਸ ਤੋਂ ਪਹਿਲਾਂ 22 ਅਪਰੈਲ ਨੂੰ ਜੱਜ ਨੇ ਭ੍ਰਿਸ਼ਟਾਚਾਰ ਕੇਸ ਵਿਚ ਕਵਿਤਾ ਦੀ ਜਮਾਨਤ ਅਰਜੀ ’ਤੇ ਆਪਣਾ ਫੈਸਲਾ 2 ਮਈ ਲਈ ਰਾਖਵਾਂ ਰੱਖ ਲਿਆ ਸੀ। ਕਵਿਤਾ ਈਡੀ ਤੇ ਸੀਬੀਆਈ ਵੱਲੋਂ ਦਰਜ ਇਨ੍ਹਾਂ ਦੋਵਾਂ ਕੇਸਾਂ ਵਿਚ ਨਿਆਂਇਕ ਹਿਰਾਸਤ ਤਹਿਤ ਤਿਹਾੜ ਜੇਲ੍ਹ ਵਿਚ ਹੈ। ਈਡੀ ਨੇ ਕਵਿਤਾ ਨੂੰ ਮਨੀ ਲਾਂਡਰਿੰਗ ਕੇਸ ਵਿਚ 15 ਮਾਰਚ ਨੂੰ ਉਸ ਦੀ ਹੈਦਰਾਬਾਦ ਵਿਚਲੀ ਬੰਜਾਰਾ ਹਿੱਲਜ ਰਿਹਾਇਸ਼ ਤੋਂ ਗ੍ਰਿਫਤਾਰ ਕੀਤਾ ਸੀ। ਸੀਬੀਆਈ ਨੇ ਮਗਰੋਂ 11 ਅਪਰੈਲ ਨੂੰ ਤਿਹਾੜ ਜੇਲ੍ਹ ਵਿਚੋਂ ਕਵਿਤਾ ਨੂੰ ਗ੍ਰਿਫਤਾਰ ਕਰ ਲਿਆ ਸੀ। ਉਧਰ ਈਡੀ ਨੇ ਕੇਜਰੀਵਾਲ ਨੂੰ 21 ਮਾਰਚ ਨੂੰ ਗ੍ਰਿਫਤਾਰ ਕੀਤਾ ਸੀ।

# ਸੈਕਟਰ-56 ਵਿੱਚੋਂ ਹਰਿਆਣਾ ਪੁਲੀਸ ਦੇ ਕਾਂਸਟੇਬਲ ਦੀ ਲਾਸ਼ ਮਿਲੀ



ਚੰਡੀਗੜ੍ਹ, (ਸ਼.ਪ.)-ਚੰਡੀਗੜ੍ਹ ਤੇ ਮੁਹਾਲੀ ਦੇ ਸਰਹੱਦ ’ਤੇ ਸਥਿਤ ਸੈਕਟਰ-56 ਵਿੱਚ ਪੁਲੀਸ ਚੌਕੀ ਸਾਹਮਣੇ ਹਰਿਆਣਾ ਪੁਲੀਸ ਦੇ ਕਾਂਸਟੇਬਲ ਦੀ ਹੱਤਿਆ ਕਰ ਦਿੱਤੀ ਗਈ ਹੈ। ਮ੍ਰਿਤਕ ਦੇ ਚਿਹਰੇ ਅਤੇ ਸਰੀਰ ’ਤੇ ਸੱਟਾਂ ਦੇ ਨਿਸ਼ਾਨ ਹਨ। ਇਸ ਬਾਰੇ ਜਾਣਕਾਰੀ ਮਿਲਦਿਆਂ ਹੀ ਚੰਡੀਗੜ੍ਹ ਪੁਲੀਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਪੁਲੀਸ ਨੇ ਮ੍ਰਿਤਕ ਦੀ ਲਾਸ਼ ਪੋਸਟਮਾਰਟਮ ਲਈ ਸੈਕਟਰ-16 ਦੇ ਹਸਪਤਾਲ ਵਿੱਚ ਰੱਖ ਦਿੱਤੀ ਹੈ। ਮ੍ਰਿਤਕ ਦੀ ਪਛਾਣ ਅਜੀਤ ਸਿੰਘ ਵਜੋਂ ਹੋਈ ਹੈ। ਜਾਣਕਾਰੀ ਅਨੁਸਾਰ ਅੱਜ ਸਵੇਰੇ 7 ਵਜੇ ਦੇ ਕਰੀਬ ਇਕ ਔਰਤ ਨੇ ਪੁਲੀਸ ਚੌਕੀ ਦੇ ਸਾਹਮਣੇ ਜੰਗਲ ਦੇ ਇਲਾਕੇ ਵਿੱਚ ਇਕ ਪੁਲੀਸ ਮੁਲਾਜ਼ਮ ਦੀ ਲਾਸ਼ ਪਏ ਹੋਣ ਦੀ ਸੂਚਨਾ ਦਿੱਤੀ। ਪੁਲੀਸ ਨੇ ਲਾਸ਼ ਬਾਰੇ ਜਾਣਕਾਰੀ ਮਿਲਦਿਆਂ ਹੀ ਜਾਂਚ ਸ਼ੁਰੂ ਕਰ ਦਿੱਤੀ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਕਿ ਮੁਲਜ਼ਮ ਨੇ ਹਰਿਆਣਾ ਪੁਲੀਸ ਦੀ ਵਰਦੀ ਪਾਈ ਹੋਈ ਸੀ, ਉਸ ਦੇ ਚਿਹਰੇ ਅਤੇ ਸਰੀਰ ’ਤੇ ਸੱਟਾਂ ਦੇ ਨਿਸ਼ਾਨ ਹਨ। ਪੁਲੀਸ ਨੂੰ ਮ੍ਰਿਤਕ ਦੀ ਪੋਸਟਿੰਗ ਬਾਰੇ ਪੁਸ਼ਟੀ ਨਹੀਂ ਹੋ ਪਾ ਰਹੀ ਹੈ। ਉਸ ਦਾ ਬਟੂਆ ਅਤੇ ਮੋਬਾਈਲ ਫੋਨ ਗਾਇਬ ਹੈ।

ਆਨ ਲਾਈਨ ਅਖ਼ਬਰਾ ਦੇਖਣ ਲਈ
ਸ਼ਾਨੇ ਪੰਜਾਬ ਯੂਐਸਏ
ਯੂਟਿਊਬ ’ਤੇ ਸਰਚ ਕਰੋ।
ਫੇਸ ਬੁੱਕ ਪੇਜ ’ਤੇ ਫਲੋ ਕਰੋ।
ਵਧੇਰੇ ਜਾਣਕਾਰੀ ਸਾਨੂੰ ਈ-ਮੇਲ ਕਰੋ।




# ਪਿੰਡ ਟਾਹਲੀ ਦਾ ਬਾਬਾ ਮੁਤਾਬ ਦਾਸ ਯਾਦਗਾਰੀ ਕੁਸ਼ਤੀ ਮੁਕਾਬਲੇ ਜੱਸਾ ਪੱਟੀ ਨੇ ਮਨਜੀਤ ਖਤਰੀ ਦਿੱਲੀ ਹਰਾ ਕੇ ਆਪਣੇ ਨਾਮ ਕੀਤਾ



ਮਿਆਂਣੀ, (ਹਰਜਿੰਦਰ ਸਿੰਘ ਮੁਲਤਾਨੀ)-ਪਿੰਡ ਟਾਹਲੀ ਵਿਖੇ ਟਾਹਲੀ ਬੱਲਾ ਇੰਟਰਨੈਸਨਲ ਵੈਲਫੇਅਰ ਸੋਸਾਇਟੀ ਅਮਰੀਕਾ ਵੱਲੋਂ ਪਰਵਾਸੀ ਭਾਰਤੀਆਂ ਅਤੇ ਪਿੰਡ ਅਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ 8 ਵਾ ਬਾਬਾ ਮੁਤਾਬ ਦਾਸ ਕੁਸਤੀ ( ਦੰਗਲ) ਮੁਕਾਬਲੇ ਆਮਿੱਟ ਯਾਦਾ ਛੱਡਦੇ ਹੋਏ ਸਮਾਪਤ ਹੋ ਗਿਆ ਅੰਤਰਰਾਸਟਰੀ ਪਹਿਲਵਾਨ ਦੇਵਾ ਨੰਦ ਯਾਦ ਵਿੱਚ ਕਰਵਾਏ ਗਏ ਮੁਕਾਬਲੇ ਜੱਸਾ ਪੱਟੀ ਨੇ ਮਨਜੀਤ ਖੱਤਰੀ ਦਿੱਲੀ ਨੂੰ ਚਿੱਤ ਕਰਕੇ ਵੱਡੀ ਰੁਮਾਲੀ ਆਪਣੇ ਨਾਮ ਕੀਤੀ ਪ੍ਰਧਾਨ ਰੌਣਕ ਸਿੰਘ ਸਾਬਕਾ ਪ੍ਰਧਾਨ ਭਲਵਾਨ ਸਤਨਾਮ ਸਿੰਘ ਸੱਤਾ ਤੇ ਸਤਵਿੰਦਰ ਸਿੰਘ ਮੁਲਤਾਨੀ ਦੀ ਅਗਵਾਈ ਵਿੱਚ ਹੋਏ ਮੁਕਾਬਲੇ ਦੀ ਗੱਲਾਂ ਤੇ ਉਹ ਹੋ ਗਿਆ ਦੌਰਾਨ ਛੋਟੀ ਰਮਾਲੀ ਕੁਸਤੀ ਰਵੀ ਵੇਰਾ ਸਾਹਕੋਟ ਨੇ ਤਾਲਿਬ ਬਾਬਾ ਫਲਾਈ ਨੂੰ ਚਿੱਤ ਕਰਕੇ ਆਪਣੇ ਨਾਮ ਕੀਤੀ ਕੁਸਤੀ ਦੰਗਲ ਮੁਕਾਬਲੇ ਦੌਰਾਨ ਪੰਜਾਬ ਭਰ ਚੋਂ ਪਹਿਲਵਾਨਾਂ ਨੇ ਭਾਗ ਲੈ ਕੇ ਸਾਨਦਾਰ ਕੁਸਤੀਆ ਦਾ ਪ੍ਰਦਰਸਨ ਕੀਤਾ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਆਈ.ਜੀ ਜਗਜੀਤ ਸਿੰਘ ਵਰਿਆਣ ਨੇ ਜੇਤੂ ਪਹਿਲਵਾਨਾਂ ਨੂੰ ਇਨਾਮਾਂ ਦੀ ਵੰਡ ਕੀਤੀ ਅਤੇ ਪੰਜਾਬ ਦੀ ਪੁਰਾਤਨ ਖੇਡ ਕੁਸਤੀ ਵਾਰੇ ਵਿਸਥਾਰ ਪੂਰਵਕ ਪੂਰਵਕ ਜਾਣਕਾਰੀ ਵੀ ਦਿੱਤੀ। ਇਸ ਮੌਕੇ ਵਿਸੇਸ ਮਹਿਮਾਨ ਵਜੋਂ ਪਹੁੰਚੇ ਸਾਬਕਾ ਕੈਬਨਿਟ ਮੰਤਰੀ ਸੰਗਤ ਸਿੰਘ ਗਿਲਜੀਆਂ, ਜਿਲ੍ਹਾ ਪ੍ਰਧਾਨ ਸ੍ਰੋਮਣੀ ਅਕਾਲੀ ਦਲ ਲਖਵਿੰਦਰ ਸਿੰਘ ਲੱਖੀ, ਸ੍ਰੋਮਣੀ ਕਮੇਟੀ ਮੈਂਬਰ ਜਥੇਦਾਰ ਤਾਰਾ ਸਿੰਘ ਸੱਲਾ ਪ੍ਰਧਾਨ ਬਲਦੇਵ ਸਿੰਘ ਸੱਲਾ ਪ੍ਰਧਾਨ ਪ੍ਰੀਤਮ ਸਿੰਘ ਗਿਲਜੀਆਂ ਯੂ.ਐਸ.ਏ, ਬਲਦੇਵ ਸਿੰਘ ਗਿਲਜੀਆ ਜਰਨੈਲ ਸਿੰਘ ਗਿੱਲਜੀਆਂ ਹਿੰਮਤ ਸਿੰਘ ਮਹਿਮਦਪੁਰ ਸੁਰਿੰਦਰ ਸਿੰਘ ਛਿੰਦਾ ਗਿੱਲਜੀਆਂ ਨੇ ਪ੍ਰਬੰਧਕਾਂ ਵੱਲੋਂ ਕਰਵਾਏ ਗਏ ਕੁਸਤੀ ਦੰਗਲ ਮੁਕਾਬਲੇ ਦੀ ਸਲਾਘਾ ਕੀਤੀ ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੰਪੂਰਨ ਸਿੰਘ, ਬਲਵੀਰ ਸਿੰਘ ਸਰਬਜੀਤ ਸਿੰਘ, ਇੰਦਰਜੀਤ ਸਿੰਘ, ਮੰਗਤ ਸਿੰਘ ਟਾਹਲੀ, ਰਜਿੰਦਰ ਸਿੰਘ ਪਟਵਾਰੀ, ਜੈਮਲ ਸਿੰਘ ਲਾਟੀ, ਜੰਗਵੀਰ ਸਿੰਘ, ਨੰਬਰਦਾਰ, ਵਿੱਕੀ ਯੂ.ਐਸ ਏ, ਜਸਵਿੰਦਰ ਸਿਘ ਸਰਪੰਚ ਬੱਲਾ, ਬਚਿੱਤਰ ਸਿੰਘ ਸਰਪੰਚ ਟਾਹਲੀ, ਕੁਲਵਿੰਦਰ ਸਿੰਘ ਬੱਬਲ, ਬਲਜਿੰਦਰ ਸਿੰਘ ਬੱਬੂ ਸਟੇਜ ਸੈਕਟਰੀ, ਮਲਕੀਤ ਸਿੰਘ, ਬਲਦੇਵ ਸਿੰਘ, ਬਲਵਿੰਦਰ ਸਿੰਘ, ਸੁਰਿੰਦਰ ਸਿੰਘ , ਗੁਰਚਰਨ ਸਿੰਘ, ਬਾਬੂ ਜੋਗਿੰਦਰ ਸਿੰਘ, ਹੌਲਦਾਰ ਹਰਭਜਨ ਸਿੰਘ, ਹਰਬੰਸ ਸਿੰਘ ਥਾਣੇਦਾਰ, ਹਰਮਨਪ੍ਰੀਤ ਸਿੰਘ, ਗੁਰਸੇਵਕ ਸਿੰਘ, ਸੁਖਜਿੰਦਰ ਸਿੰਘ, ਬਲਵੀਰ ਸਿੰਘ, ਲਖਵਿੰਦਰ ਸਿੰਘ, ਅਮਰਜੀਤ ਕੌਰ, ਨਰਿੰਦਰ ਕੌਰ, ਹਨੀ ਯੂਐਸ ਏ, ਸੰਗਾਰ ਸਿੰਘ, ਬਲਦੇਵ ਸਿੰਘ ਪ੍ਰਧਾਨ, ਲਖਵਿੰਦਰ ਸਿੰਘ, ਬਲਵਿੰਦਰ ਸਿੰਘ ਆਦਿ ਮੌਜੂਦ ਸਨ।

# ਆਸ਼ੀਸ਼ ਮਿਸ਼ਰਾ ਦੀ ਰੈਲੀਆਂ ਵਿੱਚ ਹਾਜਰੀ ਜਮਾਨਤ ਸ਼ਰਤਾਂ ਦੀ ਉਲੰਘਣਾ : ਸੁਪਰੀਮ ਕੋਰਟ



ਨਵੀਂ ਦਿੱਲੀ, (ਸ਼.ਪ.)-ਸੁਪਰੀਮ ਕੋਰਟ ਨੇ ਕਿਹਾ ਕਿ ਲਖੀਮਪੁਰ ਖੀਰੀ ਹਿੰਸਾ ਕੇਸ ਦੇ ਮੁਲਜਮਾਂ ਵਿਚੋਂ ਇਕ ਆਸ਼ੀਸ਼ ਮਿਸਰਾ, ਜੋ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਕੁਮਾਰ ਦਾ ਪੁੱਤਰ ਹੈ, ਜੇਕਰ ਸਿਆਸੀ ਸਮਾਗਮਾਂ ਵਿਚ ਸਰੀਰਕ ਰੂਪ ਵਿਚ ਹਾਜਰੀ ਭਰ ਰਿਹਾ ਹੈ ਤਾਂ ਇਹ ਉਸ ਨੂੰ ਮਿਲੀ ਜਮਾਨਤ ਦੀਆਂ ਸ਼ਰਤਾਂ ਦਾ ਉਲੰਘਣ ਹੈ। ਸੁਪਰੀਮ ਕੋਰਟ ਨੇ ਆਸ਼ੀਸ਼ ਮਿਸ਼ਰਾ ਨੂੰ 2021 ਦੇ ਲਖੀਮਪੁਰ ਖੀਰੀ ਹਿੰਸਾ ਕੇਸ, ਜਿਸ ਵਿਚ ਅੱਠ ਵਿਅਕਤੀਆਂ ਦੀ ਜਾਨ ਜਾਂਦੀ ਰਹੀ ਸੀ, ਵਿਚ ਪਿਛਲੇ ਸਾਲ 25 ਜਨਵਰੀ ਨੂੰ ਅੰਤਰਿਮ ਜਮਾਨਤ ਦਿੱਤੀ ਸੀ। ਸੁਪਰੀਮ ਕੋਰਟ ਨੇ ਉਸ ਮੌਕੇ ਆਸ਼ੀਸ਼ ਮਿਸ਼ਰਾ ਨੂੰ ਹੇਠਲੀ ਅਦਾਲਤ ਵੱਲੋਂ ਅੰਤਰਿਮ ਜਮਾਨਤ ਲਈ ਲਾਈਆਂ ਸ਼ਰਤਾਂ ਵਿਚ ਰਾਹਤ ਦਿੰਦੇ ਹੋਏ ਜਮਾਨਤ ਦੇ ਅਰਸੇ ਦੌਰਾਨ ਉੱਤਰ ਪ੍ਰਦੇਸ਼ ਜਾਂ ਫਿਰ ਦਿੱਲੀ ਵਿਚ ਰਹਿਣ ਦੀ ਹਦਾਇਤ ਕੀਤੀ ਸੀ। ਇਹ ਕੇਸ 3 ਅਕਤੂਬਰ 2021 ਨੂੰ ਇਕ ਐੱਸਯੂਵੀ ਵੱਲੋਂ ਕੁਝ ਕਿਸਾਨਾਂ ਨੂੰ ਦਰੜਨ ਮਗਰੋਂ ਭੜਕੀ ਹਿੰਸਾ ਨਾਲ ਸਬੰਧਤ ਹੈ, ਜਿਸ ਵਿਚ ਚਾਰ ਕਿਸਾਨਾਂ ਸਣੇ ਅੱਠ ਵਿਅਕਤੀਆਂ ਦੀ ਮੌਤ ਹੋ ਗਈ ਸੀ। ਮੁਲਜਮ ਆਸ਼ੀਸ਼ ਮਿਸ਼ਰਾ ਇਸ ਐੱਸਯੂਵੀ ਵਿਚ ਕਥਿਤ ਸਵਾਰ ਦੱਸਿਆ ਜਾਂਦਾ ਸੀ। ਜਸਟਿਸ ਸੂਰਿਆ ਕਾਂਤ ਤੇ ਜਸਟਿਸ ਪੀ.ਐੱਸ.ਨਰਸਿਮ੍ਹਾ ਦੇ ਬੈਂਚ ਨੇ ਉਪਰੋਕਤ ਟਿੱਪਣੀਆਂ ਲਖੀਮਪੁਰ ਖੀਰੀ ਹਿੰਸਾ ਕੇਸ ਦੇ ਇਕ ਪੀੜਤ ਵਲੋਂ ਪੇਸ਼ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਦੇ ਦਾਅਵਿਆਂ ਮਗਰੋਂ ਕੀਤੀ ਹੈ। ਭੂਸ਼ਣ ਨੇ ਦਾਅਵਾ ਕੀਤਾ ਸੀ ਕਿ ਮਿਸ਼ਰਾ ਸਿਆਸੀ ਸਮਾਗਮਾਂ ਵਿਚ ਸਮੂਲੀਅਤ ਦੇ ਨਾਲ ਅਜਿਹੇ ਹੀ ਇਕ ਸਮਾਗਮ ਵਿਚ ਟ੍ਰਾਈਸਾਈਕਲਾਂ ਵੰਡ ਰਿਹਾ ਹੈ। ਬੈਂਚ ਨੇ ਜੁਬਾਨੀ ਕਲਾਮੀ ਕਿਹਾ, “ਜੇਕਰ ਉਹ ਸਰੀਰਕ ਰੂਪ ਵਿਚ ਹਾਜਰੀ ਭਰ ਰਿਹੈ, ਤਾਂ ਯਕੀਨੀ ਤੌਰ ’ਤੇ ਇਹ ਉਲੰਘਣਾ ਹੈ।” ਭੂਸ਼ਣ ਨੇ ਦਾਅਵਾ ਕੀਤਾ ਕਿ ਮਿਸ਼ਰਾ ਸੁਪਰੀਮ ਕੋਰਟ ਵੱਲੋਂ ਲਾਈ ਸ਼ਰਤ ਕਿ ਮੁਲਜਮ ਸਿਰਫ ਕੇਸ ਦੀ ਸੁਣਵਾਈ ਲਈ ਯੂਪੀ ਵਿਚ ਦਾਖਲ ਹੋ ਸਕਦਾ ਹੈ, ਦੀ ਉਲੰਘਣਾ ਕਰ ਰਿਹਾ ਹੈ। ਭੂਸ਼ਣ ਨੇ ਕਿਹਾ, “ਮੁਲਜਮ ਨੇ ਹਾਲ ਹੀ ਵਿਚ ਕਈ ਸਮਾਗਮਾਂ ਵਿਚ ਹਾਜਰੀ ਭਰੀ ਹੈ। ਉਸ ਵੱਲੋਂ ਯੂਪੀ ਵਿਚ ਟ੍ਰਾਈਸਾਈਕਲਾਂ ਵੰਡੀਆਂ ਜਾ ਰਹੀਆਂ ਹਨ। ਮੈਨੂੰ ਨਹੀਂ ਪਤਾ ਕਿ ਇਸ ਦੀ ਇਜਾਜਤ ਕਿਵੇਂ ਦਿੱਤੀ ਗਈ। ਮੈਂ ਹਲਫਨਾਮਾ ਦਾਖਲ ਕਰਕੇ ਕੋਰਟ ਅੱਗੇ ਦਸਤਾਵੇਜ ਰੱਖਾਂਗਾ।”

ਉਧਰ ਮਿਸ਼ਰਾ ਵੱਲੋਂ ਪੇਸ਼ ਸੀਨੀਅਰ ਵਕੀਲ ਸਿੱਧਾਰਥ ਦਵੇ ਨੇ ਹਲਫਨਾਮੇ ਦਾ ਵਿਰੋਧ ਕਰਦੇ ਹੋਏ ਕਿਹਾ, “ਮੇਰਾ ਮੁਵੱਕਿਲ ਇੰਨਾ ਮੂਰਖ ਨਹੀਂ ਕਿ ਆਜਾਦੀ ਦੀ ਇੰਜ ਉਲੰਘਣਾ ਕਰੇ।” ਸੁਪਰੀਮ ਕੋਰਟ ਨੇ ਭੂਸ਼ਣ ਨੂੰ ਆਪਣੇ ਦੋਸ਼ਾਂ ਨੂੰ ਸਾਬਤ ਕਰਨ ਲਈ ਹਲਫਨਾਮਾ ਦਾਖਲ ਕਰਨ ਲਈ ਕਿਹਾ ਹੈ।

# ਨਿੱਝਰ ਮਾਮਲੇ ਦੀ ਰਿਪੋਰਟਿੰਗ ਕਰਨ ਵਾਲੀ ਪੱਤਰਕਾਰ ਨੇ ਭਾਰਤ ਛੱਡਿਆ



ਨਵੀਂ ਦਿੱਲੀ, (ਸ਼.ਪ.)- ਆਸਟਰੇਲਿਆਈ ਪੱਤਰਕਾਰ ਨੇ ਅੱਜ ਦਾਅਵਾ ਕੀਤਾ ਕਿ ਸਰਕਾਰ ਵੱਲੋਂ ਵਰਕ ਵੀਜਾ ਦੀ ਮਿਆਦ ਵਧਾਏ ਜਾਣ ਤੋਂ ਇਨਕਾਰ ਕੀਤੇ ਜਾਣ ਮਗਰੋਂ ਉਸ ਨੂੰ ਭਾਰਤ ਛੱਡਣ ਲਈ ਮਜਬੂਰ ਹੋਣਾ ਪਿਆ। ਉਸ ਨੇ ਕਿਹਾ ਕਿ ਭਾਰਤ ਸਰਕਾਰ ਨੇ ਵਰਕ ਵੀਜਾ ਦੀ ਮਿਆਦ ਵਧਾਉਣ ਤੋਂ ਇਹ ਕਹਿੰਦਿਆਂ ਇਨਕਾਰ ਕਰ ਦਿੱਤਾ ਕਿ ਉਸ ਦੀਆਂ ਰਿਪੋਰਟਾਂ ‘ਸੀਮਾਵਾਂ ਦੀ ਉਲੰਘਣਾ’ ਹਨ। ਆਸਟਰੇਲੀਅਨ ਬਰਾਡਕਾਸਟਿੰਗ ਕਾਰਪੋਰੇਸਨ (ਏਬੀਸੀ) ਦੀ ਦੱਖਣੀ ਏਸੀਆ ਬਿਊਰੋ ਦੀ ਮੁਖੀ ਅਵਨੀ ਡਾਇਸ ਨੇ ਕਿਹਾ ਕਿ ਸਿੱਖ ਵੱਖਵਾਦੀ ਹਰਦੀਪ ਸਿੰਘ ਨਿੱਝਰ ਦੇ ਕਤਲ ਦੀ ਰਿਪੋਰਟਿੰਗ ਕਰਨ ਕਾਰਨ ਭਾਰਤ ਸਰਕਾਰ ਵੱਲੋਂ ਇਤਰਾਜ ਜਤਾਏ ਜਾਣ ਮਗਰੋਂ ਲੋਕ ਸਭਾ ਚੋਣਾਂ ਵਾਲੇ ਦਿਨ 19 ਅਪਰੈਲ ਨੂੰ ਉਸ ਨੂੰ ਭਾਰਤ ਛੱਡਣਾ ਪਿਆ। ਡਾਇਸ ਨੇ ‘ਐਕਸ’ ’ਤੇ ਕਿਹਾ, “ਪਿਛਲੇ ਹਫਤੇ ਮੈਨੂੰ ਅਚਾਨਕ ਭਾਰਤ ਛੱਡਣਾ ਪਿਆ। ਮੋਦੀ ਸਰਕਾਰ ਨੇ ਇਹ ਕਹਿੰਦਿਆਂ ਮੇਰਾ ਵੀਜਾ ਵਧਾਉਣ ਤੋਂ ਇਨਕਾਰ ਕਰ ਦਿੱਤਾ ਕਿ ਮੇਰੀਆਂ ਰਿਪੋਰਟਾਂ ‘ਸੀਮਾਵਾਂ ਦੀ ਉਲੰਘਣਾ’ ਹਨ।”

ਡਾਇਸ ਨੇ ਕਿਹਾ, “ਸਾਨੂੰ ਇਹ ਵੀ ਦੱਸਿਆ ਗਿਆ ਕਿ ਭਾਰਤੀ ਮੰਤਰਾਲੇ ਦੇ ਨਿਰਦੇਸ਼ ਕਾਰਨ ਮੈਨੂੰ ਚੋਣਾਂ ਸਬੰਧੀ ਰਿਪੋਰਟਿੰਗ ਕਰਨ ਦੀ ਮਾਨਤਾ ਵੀ ਨਹੀਂ ਮਿਲੇਗੀ। ਅਸੀਂ ਉਸ ਦੇਸ਼ ਦੀਆਂ ਚੋਣਾਂ ਤੋਂ ਇੱਕ ਦਿਨ ਪਹਿਲਾਂ ਨਿਕਲੇ ਜਿਸ ਨੂੰ ਪ੍ਰਧਾਨ ਮੰਤਰੀ ਮੋਦੀ ‘ਲੋਕਤੰਤਰ ਦੀ ਮਾਂ’ ਆਖਦੇ ਹਨ।”

# ਬੇਰੁਜ਼ਗਾਰੀ ਤੇ ਮਹਿੰਗਾਈ ਨੇ ਭਾਜਪਾ ਦਾ ਤਖਤ ਹਲੂਣਿਆ

ਕੀਇਹ 2004 ਵਰਗਾ ਕੋਈ ਪਲ ਹੈ? ਉਹ ਆਮ ਚੋਣਾਂ ਹੈਰਾਨੀਜਨਕ ਨਤੀਜਿਆਂ ਲਈ ਜਾਣੀਆਂ ਜਾਂਦੀਆਂ ਹਨ; ਨਾ ਕੇਵਲ ਹਾਰਨ ਵਾਲਿਆਂ ਲਈ ਸਗੋਂ ਜੇਤੂਆਂ ਲਈ ਵੀ, ਤੇ ਇਨ੍ਹਾਂ ਦਾ ਸਿਆਸੀ ਨਿਰੀਖਕਾਂ ਉਪਰ ਵੀ ਦੂਰਗਾਮੀ ਪ੍ਰਭਾਵ ਪਿਆ ਸੀ ਕਿਉਂਕਿ ਉਨ੍ਹਾਂ ਅਜਿਹੀ ਭਰਮਾਊ ਮੁਹਿੰਮ ਚਲਦੀ ਦੇਖੀ ਸੀ ਜਿਸ ਦਾ ਸਿੱਟਾ ਸੱਤਾ ਤਬਦੀਲੀ ਵਿਚ ਹੋਇਆ ਸੀ। ਦਰਅਸਲ, ਕਾਂਗਰਸ ਨੇ ਬਹੁਤਾ ਕੁਝ ਨਹੀਂ ਕੀਤਾ ਸੀ ਸਗੋਂ ਇਹ ਸਭ ਕੁਝ ਭਾਜਪਾ ਦੀ 'ਇੰਡੀਆ ਸ਼ਾਈਨਿੰਗ' ਨਾਅਰੇ ਦਾ ਕੀਤਾ ਕਰਾਇਆ ਸੀ ਕਿਉਂਕਿ ਬਹੁਗਿਣਤੀ ਦਾ ਭਾਰਤ ਚਮਕ ਨਹੀਂ ਰਿਹਾ ਸੀਜਸ ਕਰ ਕੇ ਇਸ ਤਰ੍ਹਾਂ ਦਾ ਦਿਲਕਸ਼ ਨਾਅਰਾ ਘੜਨ ਵਾਲੇ ਸਮਾਰਟ ਕਾਪੀਰਾਈਟਰਾਂ ਨੂੰ ਸ਼ਰਮਿੰਦਗੀ ਉਠਾਉਣੀ ਪਈ। ਹਾਲ ਹੀ ਵਿਚ ਸੈਂਟਰ ਫਾਰ ਸਟੱਡੀ ਆਫ ਡਿਵੈਲਪਿੰਗ ਸੁਸਾਇਟੀਜ਼ (ਸੀਐੱਸਡੀਐੱਸ) ਦੇ ਕਰਵਾਏ ਚੁਣਾਵੀ ਸਰਵੇਖਣ ਤੋਂ 2004 ਦੀ ਚੋਣ ਪ੍ਰਚਾਰ ਮੁਹਿੰਮ ਦਾ ਚੇਤਾ ਆ ਗਿਆ। ਸੀਐੱਸਡੀਐੱਸ ਅਜਿਹੀ ਵਿਚਾਰਸ਼ੀਲ ਸੰਸਥਾ ਹੈ ਜਿਸ ਦੀ ਸਥਾਪਨਾ ਕਰੀਬ 60 ਸਾਲ ਪਹਿਲਾਂ ਰਜਨੀ ਕੋਠਾਰੀ, ਡੀਐੱਲ ਸੇਠ ਅਤੇ ਅਸ਼ੀਸ਼ ਨੰਦੀ ਵਰਗੇ ਰਾਜਨੀਤਕ ਸ਼ਾਸਤਰੀਆਂ ਨੇ ਕੀਤੀ ਸੀ। ਇਸ ਸਰਵੇਖਣ ਦੇ ਨਤੀਜੇ ਲੰਘੇ ਵੀਰਵਾਰ ਅੰਗਰੇਜ਼ੀ ਦੇ ਇਕ ਪ੍ਰਮੁੱਖ ਅਖ਼ਬਾਰ ਨੇ ਪ੍ਰਕਾਸ਼ਤ ਕੀਤੇ ਹਨ। ਸੀਐੱਸਡੀਐੱਸ ਦੇ ਸਰਵੇਖਣ ਅਨੁਸਾਰ ਲੋਕ ਸਭਾ ਚੋਣਾਂ ਵਿਚ ਬੇਰੁਜ਼ਗਾਰੀ ਅਤੇ ਵਧਦੀ ਮਹਿੰਗਾਈ ਵੋਟਰਾਂ ਦੇ ਮੁੱਖ ਸਰੋਕਾਰ ਹਨ ਨਾ ਕਿ ਹਿੰਦੂਤਵ। ਰਾਮ ਮੰਦਰ ਅਤੇ ਭ੍ਰਿਸ਼ਟਾਚਾਰ ਜਿਹੇ ਦੋਵੇਂ ਮੁੱਦੇ 8-8 ਫ਼ੀਸਦ ਅੰਕਾਂ ਨਾਲ ਰੁਜ਼ਗਾਰ (27%), ਵਧਦੀ ਮਹਿੰਗਾਈ (23%), ਵਿਕਾਸ (13%) ਅਤੇ ਹੋਰ ਮਸਲਿਆਂ (9%) ਤੋਂ ਬਾਅਦ ਪੰਜਵੇਂ ਅਤੇ ਛੇਵੇਂ ਨੰਬਰ 'ਤੇ ਆਉਂਦੇ ਹਨ। ਸਰਵੇਖਣਕਾਰਾਂ ਦਾ ਦਾਅਵਾ ਹੈ ਕਿ ਉਨ੍ਹਾਂ 19 ਸੂਬਿਆਂ ਦੀਆਂ 100 ਲੋਕ ਸਭਾ ਹਲਕਿਆਂ ਦੇ 400 ਮਤਦਾਨ ਕੇਂਦਰਾਂ 'ਤੇ ਪਹੁੰਚ ਕੇ 10019 ਲੋਕਾਂ ਦੀ ਰਾਇ ਲਈ ਤਾਂ ਉਹ ਬੇਰੁਜ਼ਗਾਰੀ ਦਾ ਅਸਰ ਦੇਖ ਕੇ ਹੱਕੇ-ਬੱਕੇ ਰਹਿ ਗਏ।ਸਰਵੇਖਣ ਤਹਿਤ ਕਰੀਬ 62 ਫ਼ੀਸਦ ਲੋਕਾਂ ਨੂੰ ਨੌਕਰੀ ਹਾਸਲ ਕਰਨ ਵਿਚ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ; ਕਸਬਿਆਂ ਅਤੇ ਪਿੰਡਾਂ ਦੇ ਮੁਕਾਬਲੇ ਵੱਡੇ ਸ਼ਹਿਰਾਂ ਵਿਚ ਸਮੱਸਿਆ ਹੋਰ ਵੀ ਜ਼ਿਆਦਾ ਹੈ। ਇਹ ਹੈਰਤ ਅੰਗੇਜ਼ ਅੰਕੜਾ ਹੈ। ਕਿਸੇ ਸਮਾਜ ਦੀ ਤਰੱਕੀ ਦਾ ਅਸਲ ਪੈਮਾਨਾ ਇਹੀ ਹੁੰਦਾ ਹੈ ਕਿ ਕਿੰਨੀ ਜ਼ਿਆਦਾ ਸੰਖਿਆ ਵਿਚਲੋਕਾਂ ਨੂੰ ਰੁਜ਼ਗਾਰ ਮਿਲਦਾ ਹੈ ਨਾ ਕਿ ਇਹ ਕਿ ਸ਼ੇਅਰ ਬਾਜ਼ਾਰ ਛੜੱਪੇ ਮਾਰ ਕਿ ਕਿੰਨੀ ਉਚਾਈ 'ਤੇ ਪਹੁੰਚ ਗਿਆ ਹੈ ਜਾਂ ਭਾਰਤੀ ਖਰਬਪਤੀਆਂ ਦੀ ਧਨ ਸੰਪਦਾ ਕਿੱਥੇ ਅੱਪੜ ਗਈ ਹੈ। ਜਦੋਂ 2004 ਵਿਚ ਸੱਤਾਧਾਰੀ ਪਾਰਟੀ ਲਈ ਭਾਰਤ ਲਿਸ਼ਕਾਂ ਮਾਰ ਰਿਹਾ ਸੀ ਤਦ ਗ਼ਰੀਬਾਂ ਲਈ ਇਹ ਬਿਲਕੁਲ



**ਚੌਟਾਲਾ ਪਰਿਵਾਰ ਦੀਆਂ ਦੋ ਪਾਰਟੀਆਂ ਜੇਜੇਪੀ ਅਤੇ ਇਨੈਲੋ ਚੋਣ ਮੈਦਾਨ ਵਿਚ ਆ ਗਈਆਂ ਹਨ ਅਤੇ ਇਹ ਦੋਵੇਂ ਜਾਟ ਵੋਟਾਂ ਦੀਆਂ ਦਾਅਵੇਦਾਰ ਹਨਨਹੀਂ ਤਾਂ ਇਨ੍ਹਾਂ ਦਾ ਵੱਡਾ ਹਿੱਸਾ ਕਾਂਗਰਸ ਦੇ ਭੁਪਿੰਦਰ ਸਿੰਘ ਹੁੱਡਾ ਦੇ ਖਾਤੇ ਵਿਚ ਜਾਣਾ ਸੀ।**

ਵੀ ਨਹੀਂ ਸੀ ਅਤੇ ਫਿਰ ਉਨ੍ਹਾਂ ਵੋਟਾਂ ਵਾਲੇ ਦਿਨ ਆਪਣਾ ਸਾਰਾ ਗੁੱਸਾ ਕੱਢਿਆ ਸੀ। ਬੇਰੁਜ਼ਗਾਰੀ ਤੋਂ ਇਲਾਵਾ ਜਿਹੜੇ ਇਕ ਹੋਰ ਮੁੱਦੇ ਦੀ ਗ਼ਰੀਬਾਂ 'ਤੇ ਬਹੁਤੀ ਮਾਰ ਪੈਂਦੀ ਹੈ, ਉਹ ਹੈ ਮਹਿੰਗਾਈ। ਸਰਵੇਖਣ ਦੌਰਾਨ 71 ਫ਼ੀਸਦ ਲੋਕਾਂ ਨੇ ਵਧਦੀ ਮਹਿੰਗਾਈ ਦੀ ਗੱਲ ਕੀਤੀ ਅਤੇ ਗ਼ਰੀਬ ਵਰਗਾਂ 'ਚੋਂ 76 ਫ਼ੀਸਦ ਲੋਕ ਇਸ ਤੋਂ ਪ੍ਰੇਸ਼ਾਨ ਹਨ। ਭਾਜਪਾ ਨੂੰ ਇਸ ਨੂੰ ਸੁਣਨਾ ਅਤੇ ਗਹੁ ਨਾਲ ਦੇਖਣਾ ਚਾਹੀਦਾ ਹੈ। ਬੇਰੁਜ਼ਗਾਰੀ ਅਤੇ ਵਧਦੀ ਮਹਿੰਗਾਈ ਰੋਜ਼ੀ-ਰੋਟੀ ਨਾਲ ਜੁੜੇ ਦੋ ਪੂਰਕ ਮੁੱਦੇ ਹਨ ਜੋ ਪਛਾਣ ਦੀ ਸਿਆਸਤ ਉਪਰ ਭਾਰੂ ਪੈ ਜਾਂਦੇ ਹਨ। ਅਸਲ ਵਿਚ ਇਸ ਨਾਲ ਕੋਈ ਫ਼ਰਕ ਨਹੀਂ ਪੈਂਦਾ ਕਿ ਆਮ ਰਾਏ ਅਤੇ ਬਿਰਤਾਂਤ ਘੜਨਵਾਲੇ ਕੀ ਸੋਚਦੇ ਹਨ ਸਗੋਂ ਵੱਢ ਇਸ ਕਰ ਕੇ ਪੈਂਦਾ ਹੈ ਕਿ ਖਸਤਾਹਾਲ ਵੋਟਰ ਨਾਖ਼ੁਸ਼ ਹਨ ਤੇ ਉਨ੍ਹਾਂ ਦੀ ਸੰਖਿਆ ਬਹੁਤ ਜ਼ਿਆਦਾ ਹੈ। 2004 ਤੋਂ ਉਲਟ ਮੌਜੂਦਾ ਸਰਕਾਰ ਨੂੰ ਇਸ ਸੰਕਟ ਦਾ ਪਤਾ ਹੈ। ਚੋਣਾਂ ਤੋਂ ਪਹਿਲਾਂ ਇਸ ਦੇ ਸਾਰੇ ਕਿਰਿਆਕਲਾਪ ਇਸੇ ਗੱਲ ਦਾ ਸੰਕੇਤ ਸਨ ਕਿ ਇਸ ਨੂੰ ਹਾਲਾਤ ਬਦਲਣ ਦੀ ਕਾਹਲੀ ਹੈ। ਕਸ਼ਮੀਰ ਤੋਕੰਨਿਆਕੁਮਾਰੀ ਤੱਕ ਭਾਜਪਾ ਮੁਕਾਮੀ ਭਿਆਲਾਂ ਨਾਲ ਗੰਢ-ਤੁਪ ਕਰਨ ਲੱਗੀ ਹੈ ਜਾਂ ਤਿੰਨ-ਚਾਰ ਕੋਣੇ ਮੁਕਾਬਲੇ ਯਕੀਨੀ ਬਣਾਉਣਾ ਚਾਹੁੰਦੀ ਹੈ ਤਾਂ ਕਿ ਵਿਰੋਧੀ ਧਿਰ ਦੀਆਂ ਵੋਟਾਂ ਵੰਡੀਆਂ ਜਾਣ। ਗ਼ੁਲਾਮ ਨਬੀ ਆਜ਼ਾਦ ਦੀ ਪਾਰਟੀ ਨੇ ਘੱਟੋ-ਘੱਟ ਊਧਮਪੁਰ ਹਲਕੇ ਵਿਚ ਬਹੁਕੋਣੀ ਮੁਕਾਬਲਾ ਬਣਾ ਦਿੱਤਾ ਹੈ ਜਿੱਥੇ ਗ਼ੁਲਾਮ ਮੁਹੰਮਦ ਸੂਰੀ ਮੁਸਲਿਮ ਵੋਟਾਂ ਵਿਚ ਸੰਨ੍ਹ ਲਾ ਸਕਦੇ ਹਨ। ਪੰਜਾਬ ਅੰਦਰ ਵੀ ਦੋ ਮੁੱਖ ਮੁਹਾਜ਼ਾਂ ਦੀ ਬਜਾਇ ਚਹੁੰ-ਕੋਣੀ ਮੁਕਾਬਲੇ ਹੋਣ ਦੇ ਆਸਾਰ ਹਨ ਜਿਨ੍ਹਾਂ ਕਰ ਕੇ ਰਲੇ-ਮਿਲੇ ਨਤੀਜੇ ਆ ਸਕਦੇ ਹਨ। ਹਰਿਆਣਾ ਵਿਚ ਜਨਨਾਇਕ ਜਨਤਾ ਪਾਰਟੀ (ਜੇਜੇਪੀ) ਨੂੰ ਚੁੱਪ-ਚੁਪੀਤੇ ਭਾਜਪਾ ਸਰਕਾਰ 'ਚੋਂ ਬਾਹਰ ਦਾ ਰਸਤਾ ਦਿਖਾਉਣ ਨਾਲ ਸੱਤਾਧਾਰੀ ਪਾਰਟੀ ਨੂੰ ਵਿਰੋਧੀ ਧਿਰ ਦੀਆਂ ਜਾਟ ਵੋਟਾਂ ਵਿਚ ਵੰਡਣ ਵਿਚ ਮਦਦ ਮਿਲ ਸਕਦੀ ਹੈ। ਚੌਟਾਲਾ ਪਰਿਵਾਰ ਦੀਆਂ ਦੋ ਪਾਰਟੀਆਂ ਜੇਜੇਪੀ ਅਤੇ ਇਨੈਲੋ ਚੋਣ ਮੈਦਾਨ ਵਿਚ ਆ ਗਈਆਂ ਹਨ ਅਤੇ ਇਹ ਦੋਵੇਂ ਜਾਟ ਵੋਟਾਂ ਦੀਆਂ ਦਾਅਵੇਦਾਰ ਹਨਨਹੀਂ ਤਾਂ ਇਨ੍ਹਾਂ ਦਾ ਵੱਡਾ ਹਿੱਸਾ ਕਾਂਗਰਸ ਦੇ ਭੁਪਿੰਦਰ ਸਿੰਘ ਹੁੱਡਾ ਦੇ ਖਾਤੇ ਵਿਚ ਜਾਣਾ ਸੀ। ਹੁਣ ਬਿਰੇਂਦਰ ਸਿੰਘ ਅਤੇ ਉਨ੍ਹਾਂ ਦੇ ਪੁੱਤਰ ਦੀ ਕਾਂਗਰਸ ਵਿਚ ਵਾਪਸੀ ਹੋਣ ਨਾਲ ਜਾਟ ਭਾਈਚਾਰੇ ਅੰਦਰ ਪਾਰਟੀ ਦੀ ਛਬ ਹੋਰ ਨਿੱਖਰ ਗਈ ਹੈ ਪਰ ਹੋਰਨਾਂ ਪੱਛੜੇ ਵਰਗ (ਓਬੀਸੀ) ਨਾਲ ਸਬੰਧਿਤ ਮੁੱਖ ਮੰਤਰੀ ਨਾਇਬ ਸਿੰਘ ਸੈਣੀਦੀ ਅਗਵਾਈ ਹੇਠ ਭਾਜਪਾ ਮਨੋਹਰ ਲਾਲ ਖੱਟਰ ਦੇ ਨੌਂ ਸਾਲਾ ਸ਼ਾਸਨ ਖਿਲਾਫ਼ ਗ਼ੈਰ-ਜਾਟ ਵੋਟਰਾਂ ਦੇ ਰੋਹ ਦੀ ਧਾਰ ਖੁੰਢੀ ਕਰ ਸਕਦੀ ਹੈ। ਇਹ ਤੁੱਕਾ ਚੱਲ ਵੀ ਸਕਦਾ ਹੈ ਤੇ ਨਹੀਂ ਵੀ ਚੱਲ ਸਕਦਾ ਪਰ ਇਕ ਗੱਲ ਸਾਫ਼ ਹੈ ਕਿ ਚੋਣ ਰਣਨੀਤੀ ਮੁਕਾਮੀ ਮੁੱਦਿਆਂ, ਸੱਤਾ ਵਿਰੋਧ ਅਤੇ ਸਮਾਜਿਕ ਕਾਰਕਾਂ ਦੀ ਸਮਝ 'ਤੇ ਆਧਾਰਿਤ ਹੈ। ਕੀ ਇਹੋ ਜਿਹੇ ਉਪਰਾਲੇ ਬੇਰੁਜ਼ਗਾਰੀ ਦੇ ਸੇਕ ਨੂੰ ਸਹਾਰ ਸਕਦੀ ਹੈ? ਸੈਂਟਰ ਫਾਰ ਮੌਨੀਟ੍ਰਿੰਗ ਇੰਡੀਅਨ ਇਕੌਨੋਮੀ (ਸੀਐੱਮਆਈਈ) ਮੁਤਾਬਕ ਜਨਵਰੀ 2023 ਵਿਚ ਬੇਰੁਜ਼ਗਾਰੀ ਦੀ ਸਭ ਤੋਂ ਮਾੜੀ ਦਰ (37.4 ਫ਼ੀਸਦ) ਹਰਿਆਣਾ ਵਿਚ ਹੀ ਸੀ। ਬਿਨਾਂ ਸ਼ੱਕ, ਹਰਿਆਣਾ ਸਰਕਾਰ ਨੇ ਇਨ੍ਹਾਂ ਅੰਕੜਿਆਂ ਨੂੰ ਪ੍ਰਵਾਨ ਨਹੀਂ ਕੀਤਾ ਸੀ ਅਤੇ ਇਹ ਕੋਈ ਰੱਬੀ ਇਲਹਾਮ ਵੀ ਨਹੀਂ ਸਨ ਪਰ ਇਨ੍ਹਾਂ ਨੂੰ ਸੰਕੇਤ ਤਾਂ ਮੰਨਿਆ ਹੀ ਜਾ ਸਕਦਾ ਹੈ। ਭਾਜਪਾ ਨੇ ਮੁੱਖ ਮੰਤਰੀ ਬਦਲ ਕੇ ਅਤੇ ਵੋਟਾਂ ਪਾੜਨ ਦੀ ਰਣਨੀਤੀ ਅਪਣਾ ਕੇ ਆਰਥਿਕ ਤੰਗੀ ਦੀ ਜੋ ਸਿਆਸੀ ਦਵਾ ਲਿਆਂਦੀ ਸੀ, ਉਹ ਦਿਲਚਸਪ ਜ਼ਰੂਰ ਹੈ। ਹਰੇਕ ਅਹਿਮ ਸੂਬੇ ਵਿਚ ਜਿੱਥੇ ਜਦੋਂ ਤੱਕ ਕੋਈ ਸਿੱਧਾ ਮੁਕਾਬਲਾ ਨਾ ਹੋਵੇ ਅਤੇ ਕਦੇ ਕਦਾਈਂ ਉਨ੍ਹਾਂ ਸੂਬਿਆਂ ਵਿਚ ਵੀ ਜਿੱਥੇ ਇਸ ਦਾ ਬਹੁਤਾ ਕੁਝ ਦਾਅ 'ਤੇ ਨਹੀਂ ਲੱਗਿਆ ਹੁੰਦਾ ਤਾਂ ਭਾਜਪਾ ਗੱਠਜੋੜਾਂ, ਵੋਟਾਂ ਪਾੜਨ, ਦਲ ਬਦਲੀਆਂ ਅਤੇ ਸਮਾਜਿਕ ਸ਼ਕਤੀਆਂ ਦੀ ਮੁੜ ਸਫ਼ਬੰਦੀ ਦੀ ਕਲਾ ਅਜ਼ਮਾਉਂਦੀ ਰਹੀ ਹੈ। ਮਿਸਾਲ ਦੇ ਤੌਰ 'ਤੇ ਬਿਹਾਰ ਵਿਚ ਨਿਤੀਸ਼ ਕੁਮਾਰ, ਉੱਤਰ ਪ੍ਰਦੇਸ਼ ਵਿਚ ਰਾਸ਼ਟਰੀ ਲੋਕ ਦਲ ਦੇ ਜਯੰਤ ਚੌਧਰੀ, ਕਰਨਾਟਕ ਵਿਚ ਸਾਬਕਾ ਪ੍ਰਧਾਨ ਮੰਤਰੀ ਦੇਵਗੌੜਾ ਤੱਕ ਪਹੁੰਚਣਾ ਅਤੇ ਮਹਾਰਾਸ਼ਟਰ ਵਿਚ ਸ਼ਿਵ ਸੈਨਾ ਅਤੇ ਐੱਨਸੀਪੀ ਤੋਂ ਵੱਖ ਹੋਏ ਧੜਿਆਂ ਨੂੰ ਆਪਣੀ ਸਫ਼ ਵਿਚ ਰਲਾਉਣਾ ਕੁੱਲ 196 ਸੀਟਾਂ ਵਾਲੇ ਇਨ੍ਹਾਂ ਪ੍ਰਮੁੱਖ ਸੂਬਿਆਂ ਅੰਦਰ ਆਰਥਿਕ ਸਮੱਸਿਆਵਾਂ ਦਾ ਅਸਰ ਘਟਾਉਣ ਦੇ ਉਪਰਾਲੇ ਹੀ ਸਨ। 2019 ਦੀਆਂ ਚੋਣਾਂ ਵਿਚ ਭਾਜਪਾ ਦੀ ਅਗਵਾਈ ਵਾਲੇ ਐੱਨਡੀਏ ਨੇ ਇਨ੍ਹਾਂ 'ਚੋਂ 170 ਸੀਟਾਂ ਜਿੱਤੀਆਂ ਸਨ। ਇਉਂ ਪ੍ਰਤੀਤ ਹੁੰਦਾ ਹੈ ਕਿ ਭਾਜਪਾ ਨੇ ਇਹ ਤਾੜ ਲਿਆ ਸੀ ਕਿ ਆਰਥਿਕ ਸੰਕਟ ਨਾਰਾਜ਼ਗੀ ਪੈਦਾ ਕਰਨਗੇ ਜਿਸ ਕਰ ਕੇ ਇਨ੍ਹਾਂ ਸਾਰੇ ਸੂਬਿਆਂ ਵਿਚ ਉਸ ਨੇ ਚੁਣਾਵੀ ਜੋੜਤੋੜ ਕਰ ਲਿਆ ਸੀ। ਹੁਣ ਸਵਾਲ ਇਹ ਹੈ ਕਿ ਕੀ ਬੇਰੁਜ਼ਗਾਰੀ ਅਤੇ ਮਹਿੰਗਾਈ ਭਾਜਪਾ ਨੂੰ ਐਡਾ ਵੱਡਾ ਝਟਕਾ ਦੇ ਸਕਣਗੇ ਅਤੇ ਇਸ ਦੀ ਜੋੜਤੋੜ ਵਾਲੀ ਸਿਆਸਤ ਪਿਛਾਂਹ ਛੁੱਟ ਜਾਵੇਗੀ? 2004 'ਚ ਕਾਂਗਰਸ ਨੇ ਬਹੁਤਾ ਕੁਝ ਨਹੀਂ ਕੀਤਾ ਸੀ, ਆਰਥਿਕ ਸੰਕਟ ਨੇ ਹੀ ਭਾਜਪਾ ਨੂੰ ਮਾਤ ਦੇ ਦਿੱਤੀ ਸੀ। ਉਦੋਂ ਚੋਣਾਂ ਤੋਂ ਬਾਅਦ ਭਾਜਪਾ ਦੇ ਚੋਟੀ ਦੇ ਆਗੂ ਪ੍ਰਮੋਦ ਮਹਾਜਨ ਨੇ ਮੰਨਿਆ ਸੀ ਕਿ ਗ਼ਰੀਬਾਂ ਨੇ ਸਰਕਾਰ ਡੇਗ ਦਿੱਤੀ ਸੀ। ਹੁਣ ਸਥਿਤੀ ਵੱਖਰੀ ਹੈ। ਸਰਕਾਰ ਨੂੰ ਪਤਾ ਹੈ ਕਿ ਉਸ ਨੂੰ ਕਿਹੋ ਜਿਹੀ ਸਥਿਤੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਇਸ ਨੇ ਹਰੇਕ ਪੱਧਰ 'ਤੇ ਬਾਰੀਕੀ ਨਾਲ ਪ੍ਰਬੰਧਨ ਕੀਤਾ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗਰੀਬਾਂ ਲਈ ਸ਼ੁਰੂ ਕੀਤੀਆਂ ਕਲਿਆਣਕਾਰੀ ਯੋਜਨਾਵਾਂ ਦੀ ਚਰਚਾ ਕਰਦੇ ਰਹਿੰਦੇ ਹਨ। ਕੀ ਇਹ ਕੰਮ ਦੇਣਗੀਆਂ? ਕੀ ਇਹ ਕਾਫ਼ੀ ਹੋਵੇਗਾ? ਫਿਲਹਾਲ ਗਰੀਬਾਂ ਦਾ ਗੁੱਸਾ ਫੁੱਟ ਕੇ ਬਾਹਰ ਨਹੀਂ ਆਇਆ ਅਤੇ ਇਸ ਗੱਲ ਦੇ ਸੰਕੇਤ ਨਹੀਂ ਮਿਲਦੇ ਕਿ ਇਹ ਰੋਹ ਦੀ ਸੂਨਾਮੀ ਦਾ ਰੂਪ ਧਾਰਨ ਕਰ ਸਕਦਾ ਹੈ।

ਲੇਖਕ-ਰਾਜੇਸ਼ ਰਾਮਚੰਦਰਨ






# ਪ੍ਰਧਾਨ ਮੰਤਰੀ ਨੇ ਵਿਰੋਧੀ ਧਿਰ 'ਤੇ ਸੰਵਿਧਾਨ ਤੇ ਅੰਬੇਡਕਰ ਦੀ ਪ੍ਰਵਾਹ ਨਾ ਕਰਨ ਦਾ ਦੋਸ਼ ਲਾਇਆ



ਜੈਪੁਰ, (ਸ਼.ਪ.)–ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਾਂਗਰਸ 'ਤੇ ਦੋਸ਼ ਲਾਇਆ ਕਿ ਉਹ ਦਲਿਤਾਂ, ਪੱਛੜੇ ਵਰਗਾਂ ਤੇ ਆਦਿਵਾਸੀਆਂ ਦਾ ਰਾਖਵਾਂਕਰਨ ਮਜਹਬ ਦੇ ਆਧਾਰ 'ਤੇ ਮੁਸਲਮਾਨਾਂ ਨੂੰ ਦੇਣਾ ਚਾਹੁੰਦੀ ਸੀ। ਉਨ੍ਹਾਂ ਇੱਕ ਵਾਰ ਫਿਰ ਦੋਸ਼ ਲਾਇਆ ਕਿ ਕਾਂਗਰਸ ਨੇ ਆਪਣੇ ਚੋਣ ਮੈਨੀਫੈਸਟੋ 'ਚ ਲੋਕਾਂ ਦਾ ਪੈਸਾ ਖੋਹ ਕੇ ਆਪਣੇ 'ਖਾਸ' ਲੋਕਾਂ ਨੂੰ ਵੰਡਣ ਦੀ ਡੂੰਘੀ ਸਾਜਸ਼ਿ ਰਚੀ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਕਾਂਗਰਸ ਦੇ ਰਾਜ 'ਚ ਆਪਣੀ ਆਸਥਾ ਦਾ ਪਾਲਣ ਕਰਨਾ ਵੀ ਮੁਸ਼ਕਲ ਹੋ ਜਾਂਦਾ ਹੈ ਅਤੇ ਉਸ ਦੇ ਰਾਜ 'ਚ ਹਨੂਮਾਨ ਚਾਲੀਸਾ ਸੁਣਨਾ ਵੀ ਗੁਨਾਹ ਹੋ ਜਾਂਦਾ ਹੈ। ਉਨ੍ਹਾਂ ਕਾਂਗਰਸ ਖਲਿਾਫ ਇਹ ਟਿੱਪਣੀ ਉਸ ਦਿਨ ਕੀਤੀ ਜਦੋਂ ਦੇਸ਼ ਭਰ 'ਚ ਹਨੂਮਾਨ ਜੈਅੰਤੀ ਮਨਾਈ ਜਾ ਰਹੀ ਹੈ। ਉਹ ਰਾਜਸਥਾਨ ਦੇ ਟੌਂਕ 'ਚ ਚੋਣ ਰੈਲੀ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ, 'ਮੋਦੀ ਤੁਹਾਨੂੰ ਗਾਰੰਟੀ ਦਿੰਦਾ ਹੈ ਕਿ ਦਲਿਤਾਂ ਤੇ ਪੱਛੜੇ ਕਬੀਲਿਆਂ ਲਈ ਰਾਖਵਾਂਕਰਨ ਕਦੀ ਖਤਮ ਨਹੀਂ ਹੋਵੇਗਾ ਅਤੇ ਨਾ ਹੀ ਧਰਮ ਦੇ ਨਾਂ 'ਤੇ ਵੰਡੀਆਂ ਪਾਉਣ ਦੀ ਇਜਾਜਤ ਦਿੱਤੀ ਜਾਵੇਗੀ।' ਉਨ੍ਹਾਂ ਕਿਹਾ ਕਿ ਤਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੇ ਆਪਣੇ ਇੱਕ ਭਾਸ਼ਣ 'ਚ ਕਿਹਾ ਸੀ ਕਿ ਦੇਸ਼ ਦੇ ਸਰੋਤਾਂ 'ਤੇ ਪਹਿਲਾ ਹੱਕ ਮੁਸਲਮਾਨਾਂ ਦਾ ਹੈ। ਉਨ੍ਹਾਂ ਕਿਹਾ, 'ਇਹ ਕੋਈ ਸੰਜੋਗ ਨਹੀਂ ਹੈ। ਇਹ ਕੋਈ ਇੱਕੋ-ਇੱਕ ਬਿਆਨ ਨਹੀਂ ਹੈ। ਕਾਂਗਰਸ ਦੀ ਵਿਚਾਰਧਾਰਾ ਹਮੇਸ਼ਾ ਹੀ ਤੁਸ਼ਟੀਕਰਨ ਤੇ ਵੋਟ ਬੈਂਕ ਦੀ ਰਾਜਨੀਤੀ ਦੀ ਰਹੀ ਹੈ।' ਉਨ੍ਹਾਂ ਕਿਹਾ, '2004 'ਚ ਕੇਂਦਰ ਵਿੱਚ ਸਰਕਾਰ ਬਣਾਉਂਦਿਆਂ ਹੀ ਕਾਂਗਰਸ ਨੇ ਸਭ ਤੋਂ ਪਹਿਲਾ ਕੰਮ ਆਂਧਰਾ ਪ੍ਰਦੇਸ਼ 'ਚ ਐੱਸਸੀ/ਐੱਸਟੀ ਦਾ ਰਾਖਵਾਂਕਰਨ ਘਟਾਉਂਦਿਆਂ ਇਹ ਕੋਟਾ ਮੁਸਲਮਾਨਾਂ ਨੂੰ ਦੇਣ ਦਾ ਕੀਤਾ ਸੀ।' ਉਨ੍ਹਾਂ ਕਿਹਾ ਕਿ ਇਹ ਇੱਕ ਪਾਇਲਟ ਪ੍ਰਾਜੈਕਟ ਸੀ ਅਤੇ ਕਾਂਗਰਸ ਇਸ ਨੂੰ ਸਾਰੇ ਮੁਲਕ 'ਚ ਲਾਗੂ ਕਰਨਾ ਚਾਹੁੰਦੀ ਸੀ।

2004 ਤੋਂ 2010 ਵਿਚਾਲੇ ਕਾਂਗਰਸ ਨੇ ਚਾਰ ਵਾਰ ਆਂਧਰਾ ਪ੍ਰਦੇਸ਼ 'ਚ ਮੁਸਲਿਮ ਰਾਖਵਾਂਗਕਨ ਲਾਗੂ ਕਰਨ ਦੀ ਕੋਸ਼ਿਸ਼ ਕੀਤੀ ਪਰ ਸੁਪਰੀਮ ਕੋਰਟ ਦੇ ਦਖਲ ਕਾਰਨ ਉਹ ਅਜਿਹਾ ਨਾ ਕਰ ਸਕੀ। ਉਨ੍ਹਾਂ ਕਿਹਾ ਕਿ ਕਾਂਗਰਸ ਨੇ ਕਦੀ ਵੀ ਸੰਵਿਧਾਨ ਜਾਂ ਬੀ.ਆਰ. ਅੰਬੇਡਕਰ ਦੀ ਪ੍ਰਵਾਹ ਨਹੀਂ ਕੀਤੀ। ਉਨ੍ਹਾਂ ਕਿਹਾ ਕਿ ਜਦੋਂ ਕਰਨਾਟਕ 'ਚ ਭਾਜਪਾ ਸਰਕਾਰ ਆਈ ਤਾਂ ਉਸ ਨੇ ਪਹਿਲਾ ਕੰਮ ਕਾਂਗਰਸ ਵੱਲੋਂ ਐੱਸਸੀ/ਐੱਸਟੀ ਤੋਂ ਖੋਹ ਕੇ ਮੁਸਲਮਾਨਾਂ ਨੂੰ ਦਿੱਤਾ ਗਿਆ ਰਾਖਵਾਂਕਰਨ ਖਤਮ ਕਰਨ ਦਾ ਦਿੱਤਾ।

**ਭ੍ਰਿਸ਼ਟਾਚਾਰ ਲੁਕਾਉਣ ਲਈ ਕਾਂਗਰਸ ਨੇ ਹਿੰਸਾ ਨੂੰ ਉਤਸ਼ਾਹਿਤ ਕੀਤਾ: ਪ੍ਰਧਾਨ ਮੰਤਰੀ**

ਧਮਤਰੀ, ਪ੍ਰਧਾਨ ਮੰਤਰੀ ਨੇ ਕਾਂਗਰਸ 'ਤੇ ਦੋਸ਼ ਲਾਇਆ ਕਿ ਉਹ ਆਪਣਾ ਭ੍ਰਿਸ਼ਟਾਚਾਰ ਲੁਕਾਉਣ ਲਈ ਹਿੰਸਾ ਨੂੰ ਉਤਸਾਹਿਤ ਕਰਦੀ ਰਹੀ ਹੈ। ਪ੍ਰਧਾਨ ਮੰਤਰੀ ਨੇ ਅੱਜ ਮਹਾਸਮੁੰਦ ਲੋਕ ਸਭਾ ਹਲਕੇ ਅਧੀਨ ਆਉਂਦੇ ਧਮਤਰੀ ਜਲ੍ਹਿੇ ਦੇ ਸ਼ਿਆਮਤਰਾਈ ਪਿੰਡ 'ਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਸੂਬੇ ਦੀ ਜਨਤਾ ਨਾਲ ਵਾਅਦਾ ਕੀਤੀ ਕਿ ਉਹ ਮਾਓਵਾਦ ਤੇ ਨਕਸਲਵਾਦ ਨੂੰ ਜੜ੍ਹੋਂ ਖਤਮ ਕਰ ਦੇਣਗੇ।

# ਭਾਜਪਾ 'ਤੇ ਬੰਬ ਧਮਾਕੇ ਕਰਨ ਦੀਆਂ ਧਮਕੀਆਂ ਦੇਣ ਦਾ ਲਾਇਆ ਦੋਸ਼



ਹਸਨ, (ਸ਼.ਪ.)–ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਅੱਜ ਦੋਸ਼ ਲਾਇਆ ਭਾਜਪਾ ਉਨ੍ਹਾਂ ਲੋਕਾਂ ਦੀ ਹੱਤਿਆ ਕਰਨ ਜਾਂ ਉਨ੍ਹਾਂ ਨੂੰ ਜੇਲ੍ਹ 'ਚ ਸੁੱਟਣ ਦੀ ਕੋਸ਼ਿਸ਼ ਕਰ ਰਹੀ ਹੈ ਜੋ ਉਸ ਖਲਿਾਫ ਬੋਲ ਰਹੇ ਹਨ। ਮਮਤਾ ਬੈਨਰਜੀ ਟੀਐੱਮਸੀ ਦੇ ਜਨਰਲ ਸਕੱਤਰ ਤੇ ਆਪਣੇ ਭਤੀਜੇ ਅਭਿਸ਼ੇਕ ਬੈਨਰਜੀ ਦੇ ਘਰ ਤੇ ਦਫਤਰ ਦੀ ਕਥਿਤ ਤੌਰ 'ਤੇ ਰੇਕੀ ਕਰਨ ਦੇ ਮਾਮਲੇ 'ਚ ਕੋਲਕਾਤਾ ਪੁਲੀਸ ਵੱਲੋਂ ਮੁੰਬਈ ਦੇ ਰਹਿਣ ਵਾਲੇ ਵਿਅਕਤੀ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਜਕਿਰ ਕਰ ਰਹੇ ਸਨ। ਇਹ ਵਿਅਕਤੀ ਕਥਿਤ ਤੌਰ 'ਤੇ 26/11 ਦੇ ਮੁੰਬਈ ਅਤਿਵਾਦੀ ਹਮਲੇ ਦੇ ਦੋਸ਼ੀ ਡੇਵਿਡ ਹੈਡਲੀ ਨੂੰ ਵੀ ਮਿਲਿਆ ਸੀ।

ਬੀਰਭੂਮ ਤੋਂ ਪਾਰਟੀ ਦੀ ਉਮੀਦਵਾਰ ਸ਼ਤਾਬਦੀ ਰੌਇ ਦੇ ਹੱਕ 'ਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਪੁੱਛਿਆ ਕਿ ਜੇਕਰ ਭਾਜਪਾ ਨੂੰ ਚੋਣਾਂ ਜਿੱਤਣ ਦਾ ਭਰੋਸਾ ਹੈ ਤਾਂ ਉਹ ਵਿਰੋਧੀ ਧਿਰ ਦੇ ਆਗੂਆਂ ਨੂੰ ਡਰਾ-ਧਮਕਾ ਕਿਉਂ ਰਹੀ ਹੈ। ਉਨ੍ਹਾਂ ਕਿਹਾ, 'ਇੱਕ ਭਾਜਪਾ ਆਗੂ ਕਹਿੰਦਾ ਹੈ ਕਿ ਉਹ ਬੰਬ ਧਮਾਕਾ ਕਰ ਦੇਵੇਗਾ। ਜੇਕਰ ਤੁਹਾਨੂੰ ਮਮਤਾ ਬੈਨਰਜੀ ਤੋਂ ਕੋਈ ਪ੍ਰੇਸ਼ਾਨੀ ਹੈ ਤਾਂ ਮੈਨੂੰ ਮਾਰ ਦਿਓ। ਤੁਸੀਂ ਅਭਿਸ਼ੇਕ ਬੈਨਰਜੀ ਦੀ ਹੱਤਿਆ ਦੀ ਸਾਜਸਿ ਰਚ ਰਹੇ ਹੋ ਅਤੇ ਅਸੀਂ ਉਸ ਵਿਅਕਤੀ ਨੂੰ ਸਾਜਸ਼ਿ ਅੰਜਾਮ ਦੇਣ ਤੋਂ ਪਹਿਲਾਂ ਗ੍ਰਿਫਤਾਰ ਕਰ ਲਿਆ ਹੈ।' ਉਨ੍ਹਾਂ ਕਿਹਾ, 'ਜੋ ਲੋਕ ਉਨ੍ਹਾਂ (ਭਾਜਪਾ) ਖਲਿਾਫ ਬੋਲਦੇ ਹਨ, ਉਹ ਉਨ੍ਹਾਂ ਦੀ ਹੱਤਿਆ ਕਰਨਾ ਚਾਹੁੰਦੇ ਹਨ ਜਾਂ ਉਨ੍ਹਾਂ ਨੂੰ ਜੇਲ੍ਹ 'ਚ ਸੁੱਟਣਾ ਚਾਹੁੰਦੇ ਹਨ। ਉਹ ਅਜਿਹੇ ਲੋਕਾਂ ਨੂੰ ਦੁਨੀਆ ਤੋਂ ਹਟਾਉਣਾ ਚਾਹੁੰਦੇ ਹਨ। ਜੇਕਰ ਤੁਹਾਨੂੰ ਆਪਣੀ ਜਿੱਤ ਦਾ ਇੰਨਾ ਭਰੋਸਾ ਹੈ ਤਾਂ ਲੋਕਾਂ ਨੂੰ ਧਮਕਾਉਣ ਦੀ ਕੀ ਲੋੜ ਹੈ।'

## ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾ ਰਹੀ ਹੈ ਭਾਜਪਾ: ਸੁਖਬੀਰ ਬਾਦਲ

*ਜਲੰਧਰ, (ਸ਼.ਪ.)–ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਮਹਿੰਦਰ ਸਿੰਘ ਕੇਪੀ ਦੇ ਘਰ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਸਿਆਸੀ ਹਾਲਾਤ ਵਿਚ ਸਿਰਫ ਇਕ ਖੇਤਰੀ ਪਾਰਟੀ ਹੀ ਪੰਜਾਬੀਆਂ ਦੀਆਂ ਆਸਾਂ 'ਤੇ ਖਰੀ ਉਤਰ ਸਕਦੀ ਹੈ। ਸ੍ਰੀ ਬਾਦਲ ਨੇ ਕੇਂਦਰ ਦੀ ਮੋਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਭਾਜਪਾ ਵੱਲੋਂ ਘੱਟ ਗਿਣਤੀਆਂ ਨੂੰ ਮਿੱਥ ਕੇ ਨਿਸਾਨਾ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਘੱਟ ਗਿਣਤੀਆਂ ਦੇ ਵਿਰੁੱਧ ਬਿਆਨ ਨਹੀਂ ਦੇਣਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਭਾਜਪਾ ਦੀ ਇਕ ਭਾਈਚਾਰੇ ਨੂੰ ਦੂਜੇ ਨਾਲ ਭਾਈਚਾਰੇ ਨਾਲ ਲੜਾਉਣ ਦੀ ਨੀਤੀ ਦੇਸ ਦੇ ਹਿੱਤ ਵਿਚ ਨਹੀਂ ਹੈ। ਸ੍ਰੀ ਬਾਦਲ ਨੇ ਸਾਰੀਆਂ ਕੌਮੀ ਪਾਰਟੀਆਂ ਨੂੰ ਸੁਨੇਹਾ ਦਿੰਦਿਆਂ ਕਿਹਾ ਕਿ ਸਾਰੀਆਂ ਪਾਰਟੀਆਂ ਨੂੰ ਇਸ ਦੇਸ ਨੂੰ ਸਭ ਦਾ ਮੰਨਣਾ ਚਾਹੀਦਾ ਹੈ ਨਾ ਕਿ ਕਿਸੇ ਇਕ ਭਾਈਚਾਰੇ ਦਾ, ਨਹੀਂ ਤਾਂ ਦੇਸ ਵਿਕਾਸ ਹੀ ਨਹੀਂ ਕਰ ਸਕੇਗਾ। ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਦਿੱਲੀ ਵਾਲੀਆਂ ਪਾਰਟੀਆਂ ਵੱਲੋਂ ਇਕ ਭਾਈਚਾਰੇ ਨੂੰ ਦੂਜੇ ਨਾਲ ਲੜਾਉਣ ਦੀ ਨੀਤੀ ਦੇ ਉਲਟ ਅਕਾਲੀ ਦਲ ਪੰਜਾਬ ਵਿਚ ਅਜਿਹਾ ਕਦੇ ਨਹੀਂ ਹੋਣ ਦੇਵੇਗਾ।*

# ਸਤਲੁਜ ਨੇੜੇ ਮਾਰੇ ਛਾਪੇ ਦੌਰਾਨ 18,000 ਲਿਟਰ ਲਾਹਣ ਬਰਾਮਦ

ਜਲੰਧਰ, (ਸ਼.ਪ.)–ਆਬਕਾਰੀ ਵਿਭਾਗ ਵੱਲੋਂ ਦਰਿਆ ਸਤਲੁਜ ਦੇ ਨਾਲ ਲੱਗਦੇ 15 ਕਿਲੋਮੀਟਰ ਇਲਾਕੇ ਵਿੱਚ ਮਾਰੇ ਛਾਪੇ ਦੌਰਾਨ 18,000 ਲਿਟਰ ਲਾਹਣ ਬਰਾਮਦ ਕਰਕੇ ਮੌਕੇ 'ਤੇ ਕੀਤੀ ਨਸ਼ਟ ਕੀਤੀ ਗਈ। ਸਹਾਇਕ ਕਮਿਸ਼ਨਰ (ਆਬਕਾਰੀ) ਜਲੰਧਰ ਰੇਂਜ ਵੈਸਟ ਨਵਜੀਤ ਸਿੰਘ ਨੇ ਦੱਸਿਆ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ 'ਤੇ ਆਬਕਾਰੀ ਵਿਭਾਗ ਵੱਲੋਂ ਨਾਜਾਇਜ਼ ਸ਼ਰਾਬ ਖਿਲਾਫ਼ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਦਰਿਆ ਸਤਲੁਜ ਦੇ ਨਾਲ ਲੱਗਦੇ 15 ਕਿਲੋਮੀਟਰ ਦੇ ਖੇਤਰ ਵਿੱਚ ਤਲਾਸ਼ੀ ਅਭਿਆਨ ਚਲਾਇਆ ਗਿਆ। ਸਹਾਇਕ ਕਮਿਸ਼ਨਰ (ਆਬਕਾਰੀ) ਨਵਜੀਤ ਸਿੰਘ ਨੇ ਦੱਸਿਆ ਕਿ ਉਪ ਕਮਿਸ਼ਨਰ (ਆਬਕਾਰੀ) ਜਲੰਧਰ ਜ਼ੋਨ ਸੁਰਿੰਦਰ ਕੁਮਾਰ ਗਰਗ ਦੀ ਅਗਵਾਈ ਵਿੱਚ ਛਾਪੇ ਮਾਰੇ ਗਏ।

ਆਬਕਾਰੀ ਅਫ਼ਸਰ ਸੁਨੀਲ ਗੁਪਤਾ ਅਤੇ ਆਬਕਾਰੀ ਨਿਰੀਖਕ ਸਾਹਿਲ ਰੰਗਾ, ਸਰਵਨ ਸਿੰਘ ਢਿੱਲੋਂ ਅਤੇ ਹਰਪ੍ਰੀਤ ਸਿੰਘ ਵੱਲੋਂ ਪਿੰਡ ਵੇਹਰਾਂ, ਭੋਡੇ, ਗਦਰੇ, ਬੁਰਜ, ਸੰਘੋਵਾਲ ਅਤੇ ਮਾਊ ਸਾਹਿਬ ਖੇਤਰਾਂ ਵਿੱਚ ਤਲਾਸ਼ੀ ਅਭਿਆਨ ਚਲਾ ਕੇ 15 ਤਰਪਾਲਾਂ ਵਿੱਚ ਲਗਭਗ 18,000 ਲਿਟਰ ਲਾਹਨ ਫੜੀ ਗਈ ਅਤੇ ਮੌਕੇ 'ਤੇ ਹੀ ਸੁੱਕੇ ਥਾਂ 'ਤੇ ਇਸ ਨੂੰ ਨਸ਼ਟ ਕਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਇਹ ਲਾਹਣ ਦਰਿਆ ਦੇ ਪਾਣੀ ਵਿੱਚ ਛੁਪਾ ਕੇ



ਰੱਖੀ ਹੋਈ ਸੀ। ਉਨ੍ਹਾਂ ਦੱਸਿਆ ਕਿ ਨਾਜ਼ਾਇਜ ਸ਼ਰਾਬ ਦੇ ਕਾਰੋਬਾਰੀਆਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

**ਧਾਰੀਵਾਲ: ਭਾਰੀ ਮਾਤਰਾ ਵਿੱਚ ਨਾਜਾਇਜ ਸ਼ਰਾਬ ਬਰਾਮਦ**

ਧਾਰੀਵਾਲ, ਥਾਣਾ ਧਾਰੀਵਾਲ ਦੀ ਪੁਲੀਸ ਨੇ 1,12,500 ਐੱਮ ਐੱਲ ਨਾਜਾਇਜ ਸ਼ਰਾਬ ਬਰਾਮਦ ਕੀਤੀ ਹੈ। ਥਾਣਾ ਧਾਰੀਵਾਲ ਦੇ ਸਹਾਇਕ ਸਬ ਇੰਸਪੈਕਟਰ ਨਿਰਮਲ ਸਿੰਘ ਨੇ ਦੱਸਿਆ ਉਹ ਸਮੇਤ ਪੁਲੀਸ ਪਾਰਟੀ ਬਾਈਪਾਸ ਪੁਲ ਖੁੰਡਾ ਹੇਠਾਂ ਨਾਕਾਬੰਦੀ ਕਰ ਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸਨ ਕਿ ਇੱਕ ਸਪਲੈਂਡਰ ਮੋਟਰਸਾਈਕਲ 'ਤੇ ਪਿੰਡ ਖੁੰਡਾ ਵਾਲੇ ਪਾਸਿਓਂ ਇੱਕ ਵਿਅਕਤੀ ਆਉਂਦਾ ਦਿਖਾਈ ਦਿੱਤਾ।

## ਕਿਸਾਨਾਂ ਵੱਲੋਂ ਹੰਸ ਰਾਜ ਹੰਸ ਦਾ ਕਾਲੀਆਂ ਝੰਡੀਆਂ ਨਾਲ ਵਿਰੋਧ

ਮੋਗਾ, (ਸ਼.ਪ.)–ਫ਼ਰੀਦਕੋਟ ਰਾਖਵਾਂ ਹਲਕੇ ਤੋਂ ਭਾਜਪਾ ਉਮੀਦਵਾਰ ਹੰਸ ਰਾਜ ਹੰਸ ਨੂੰ ਲਗਾਤਾਰ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੰਸ ਰਾਜ ਹੰਸ ਅੱਜ ਬਾਘਾਪੁਰਾਣਾ ਵਿਚ ਚੋਣ ਪ੍ਰਚਾਰ ਕਰਨ ਪੁੱਜੇ ਸਨ। ਇਸ ਦੌਰਾਨ ਕਿਰਤੀ ਕਿਸਾਨ ਯੂਨੀਅਨ ਆਗੂ ਚਮਕੌਰ ਸਿੰਘ ਰੋਡੇ ਦੀ ਅਗਵਾਈ ਹੇਠ ਵੱਡੀ ਗਿਣਤੀ ਕਿਸਾਨ ਵਿਰੋਧ ਕਰਨ ਲਈ ਡਟ ਗਏ ਤਾਂ ਪੁਲਿਸ ਨੇ ਕਰੀਬ ਦੋ ਦਰਜਨ ਕਿਸਾਨਾਂ ਨੂੰ ਗੱਡੀਆਂ 'ਚ ਬਿਠਾ ਕੇ ਥਾਣੇ ਬੰਦ ਕਰ ਦਿੱਤਾ। ਇਸ ਮਗਰੋਂ ਉਹ ਨਿਹਾਲ ਸਿੰਘ ਵਾਲਾ ਵਿੱਚ ਅਗਰਵਾਲ ਧਰਮਸ਼ਾਲਾ ਵਿਚ ਚੋਣ ਪ੍ਰਚਾਰ ਕਰਨ ਲਈ ਪੁੱਜੇ, ਜਿੱਥੇ ਬੀ.ਕੇ.ਯੂ. ਏਕਤਾ ਉਗਰਾਹਾਂ ਜ਼ਿਲ੍ਹਾ ਪ੍ਰਧਾਨ ਅਮਰਜੀਤ ਸਿੰਘ ਸੈਦੋਕੇ, ਬੀ.ਕੇ.ਯੂ. ਆਜ਼ਾਦ ਜ਼ਿਲ੍ਹਾ ਪ੍ਰਧਾਨ ਇੰਦਰਮੋਹਨ ਸਿੰਘ ਪੱਤੋ ਹੀਰਾ ਸਿੰਘ ਦੀ ਅਗਵਾਈ ਹੇਠ ਕਿਸਾਨਾਂ ਨੇ ਕਾਲੀਆਂ ਝੰਡੀਆਂ ਦਿਖਾ ਕੇ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਪੁਲਿਸ ਨੇ ਕਰੀਬ 30 ਕਿਸਾਨਾਂ ਨੂੰ ਥਾਣੇ 'ਚ ਡੱਕ ਦਿੱਤਾ। ਪੁਲਿਸ ਨੇ ਇਸ ਅਨਾਜ ਮੰਡੀ ਨੂੰ ਜਾਂਦੇ ਸਾਰੇ ਰਸਤਿਆਂ ਨੂੰ ਸੀਲ ਕਰ ਦਿੱਤਾ, ਜਿਸ ਕਾਰਨ ਇਥੇ ਕਾਰੋਬਾਰੀਆਂ ਤੇ ਸਬਜ਼ੀ ਵੇਚਣ ਵਾਲਿਆਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਇਸ ਮੌਕੇ ਪੁਲਿਸ ਨੇ ਵਿਰੋਧ ਪ੍ਰਦਰਸ਼ਨ ਕਰ ਰਹੇ ਬੀ.ਕੇ.ਯੂ. ਏਕਤਾ ਉਗਰਾਹਾਂ ਦੇ ਆਗੂ ਜਗਜੀਤ ਸਿੰਘ ਮੱਦੋਕੇ ਅਤੇ ਜਸਵਿੰਦਰ ਸਿੰਘ ਘਾਲੀ ਸਣੇ ਬੀਕੇਯੂ ਕਰਾਂਤੀ ਜਥੇਬੰਦੀ ਦੇ ਕਰੀਬ 20 ਆਗੂਆਂ ਨੂੰ ਹਿਰਾਸਤ ਵਿਚ ਲੈ ਕੇ ਥਾਣੇ ਸਦਰ ਅੰਦਰ ਡੱਕ ਦਿੱਤਾ।

ਸੰਪਾਦਕ-ਹਰਬਖ਼ਸ਼ ਸਿੰਘ ਟਾਹਲੀ

ਸ਼ਾਨੇ ਪੰਜਾਬ

PUNJABI WEEKLY NEWS PAPER USA

XVIII, Issue 30, Date 14 Nov. 2019, Ph.: 516-924-5228, Fax: 347-230-5900, WebSite: www.shanepunjabusa.com, E-mail: shaanepunjabusa@gmail.com

| | |
|---|---|
| **Publisher :** | **SHANE PUNJAB USA** |
| **Chief Editor :** | **Harbax Singh Tahli (516-924-5228)** |
| **Pattron:** | **Himmat Singh Sarpanch 917-553-5036** |
| **Photojournalist :** | **Baldev Singh (B.J.)** |
| **Cultural Reporter:** | **Giyani Surjit Singh** |
| **Reporter:** | **Raj Gogna (732-485-3632)** |
| **Distributor :** | **Harbhajan Singh** |
| **Hoshiarpur:** | **Harjinder Singh Multani** |
| **India Office Incharge :** | **Sanjay Kumar Sharma Mob.7889164343** |


### ਸ਼ਾਨੇ ਪੰਜਾਬ ਦੇ ਆਨਰੇਰੀ ਸਲਾਹਕਾਰ ਅਤੇ ਸਪੋਰਟਰ

- ਰਘਬੀਰ ਸਿੰਘ ਸੁਭਾਨਪੁਰ
- ਹਿੰਮਤ ਸਿੰਘ ਸਰਪੰਚ
- ਹਰਦੀਪ ਸਿੰਘ ਗੋਲਡੀ
- ਮਹਿੰਦਰ ਸਿੰਘ ਮਹਿਮਦਪੁਰ
- ਮਨਜੀਤ ਸਿੰਘ ਦਸੂਹਾ
- ਪ੍ਰੀਤਮ ਸਿੰਘ ਗਿਲਜੀਆਂ
- ਰਣਜੀਤ ਸਿੰਘ ਮਹਿਮਦਪੁਰ
- ਬਜਿੰਦਰ ਸਿੰਘ ਮੁਲਤਾਨੀ
- ਸਤਵਿੰਦਰ ਸਿੰਘ ਮੁਲਤਾਨੀ
- ਅਮਰੀਕ ਸਿੰਘ ਮੌਰਥਲੀ
- ਸਤਿਨਾਮ ਸਿੰਘ ਸੱਤਾ
- ਦਿਲਬਾਗ ਸਿੰਘ
- ਭੁਪਿੰਦਰ ਸਿੰਘ ਮੁਲਤਾਨੀ

114-11-101 Richmond Hill Ny-11419, Jalandhar Office 181-5128531, Mob. 7889164343

# ਉਮਰ ਅਬਦੁੱਲਾ ਵੱਲੋਂ ਪੀਡੀਪੀ 'ਤੇ ਭਾਜਪਾ ਨੂੰ ਲਾਭ ਪਹੁੰਚਾਉਣ ਦਾ ਦੋਸ਼

ਸ੍ਰੀਨਗਰ, (ਸ਼.ਪ.)–ਨੈਸ਼ਨਲ ਕਾਨਫਰੰਸ (ਐੱਨਸੀ) ਨੇਤਾ ਉਮਰ ਅਬਦੁੱਲਾ ਨੇ ਅੱਜ ਮੁਫਤੀ ਮਹਿਬੂਬਾ ਦੀ ਅਗਵਾਈ ਵਾਲੀ ਪੀਪਲਜ ਡੈਮੋਕਰੈਟਿਕ ਪਾਰਟੀ (ਪੀਡੀਪੀ) 'ਤੇ ਦੋਸ਼ ਲਾਇਆ ਕਿ ਉਹ ਜੰਮੂ ਕਸ਼ਮੀਰ ਵਿੱਚ 'ਇੰਡੀਆ' ਬਲਾਕ ਖਲਿਾਫ ਚੋਣ ਲੜ ਕੇ ਭਾਜਪਾ ਨੂੰ ਲਾਹਾ ਪਹੁੰਚਾ ਰਹੀ ਹੈ। ਖੇਤਰੀ ਵਿਰੋਧੀ ਹੋਣ ਦੇ ਬਾਵਜੂਦ ਪੀਡੀਪੀ ਤੇ ਨੈਸ਼ਨਲ ਕਾਨਫਰੰਸ ਵਿਰੋਧੀ ਗੱਠਜੋੜ ਲਈ ਇਕੱਠੇ ਹੋਏ ਸਨ ਪਰ ਸੀਟਾਂ ਦੀ ਵੰਡ ਨੂੰ ਲੈ ਕੇ ਸਮਝੌਤਾ ਨਹੀਂ ਹੋ ਸਕਿਆ।



ਅਬਦੁੱਲਾ ਨੇ ਅਨੰਤਨਾਗ ਜਿਲ੍ਹੇ ਦੇ ਬਿਜਬਹੇੜਾ 'ਚ ਚੋਣ ਰੈਲੀ ਦੌਰਾਨ ਕਿਹਾ, "ਇਹ ਉਹ (ਪੀਡੀਪੀ) ਹੈ ਜੋ ਖੁਦਗਰਜ ਸੀ। ਉਨ੍ਹਾਂ ਨੇ ਸਿਰਫ ਇਹ (ਅਨੰਤਨਾਗ-ਰਾਜੌਰੀ) ਸੀਟ ਲੈਣ ਦੇ ਮਨੋਰਥ ਨਾਲ ਹੀ ਇੰਡੀਆ ਗੱਠਜੋੜ ਨਾਲ ਸਮਝੌਤਾ ਕੀਤਾ ਸੀ।" ਉਨ੍ਹਾਂ ਕਿਹਾ, "ਇੰਡੀਆ ਗੱਠਜੋੜ ਭਾਜਪਾ ਖਿਲਾਫ ਲੜ ਰਿਹਾ ਹੈ ਅਤੇ ਇੱਥੇ ਇੰਡੀਆ ਗੱਠਜੋੜ ਇਸ ਸਟੇਜ 'ਤੇ ਹੈ। ਜਿਹੜੇ ਇਸ ਸਟੇਜ 'ਤੇ ਨਹੀਂ ਹਨ ਉਹ ਭਾਜਪਾ ਨੂੰ ਲਾਹਾ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਇਹ ਸਚਾਈ ਹੈ।" ਉਨ੍ਹਾਂ ਆਖਿਆ ਕਿ ਗੱਠਜੋੜ ਬਣਾਉਣ ਦਾ ਮਕਸਦ ਫਿਰਕੂ ਤਾਕਤਾਂ, 'ਖਾਸਕਰ ਭਾਜਪਾ' ਦਾ ਮੁਕਾਬਲਾ ਕਰਨਾ ਹੈ। ਉਨ੍ਹਾਂ ਮੁਤਾਬਕ, "ਇੱਥੇ ਜੰਮੂ ਕਸ਼ਮੀਰ ਵਿੱਚ ਵੀ ਅਸੀਂ ਇਸ ਮਕਸਦ ਨਾਲ ਇੰਡੀਆ ਗੱਠਜੋੜ 'ਚ ਸ਼ਾਮਲ ਹੋਏ ਹਾਂ। ਇਸ ਦਾ ਉਦੇਸ਼ ਸੀਟਾਂ ਜਾਂ ਆਪਣੇ ਹਿੱਤ ਦੇਖਣਾ ਨਹੀਂ ਸੀ। ਅਸੀਂ ਜੰਮੂ ਕਸਮੀਰ ਤੇ ਦੇਸ਼ ਦੇ ਬਾਕੀ ਹਿੱਸਿਆਂ 'ਚ ਹਿੱਤਾਂ ਨੂੰ ਵੀ ਦੇਖ ਰਹੇ ਸੀ।"

**ਕਾਨਫਰੰਸ ਨਾਲ ਗੱਠਜੋੜ 'ਤੇ ਕਾਂਗਰਸ ਮੁੜ ਵਿਚਾਰ ਕਰੇ: ਮਹਿਬੂਬਾ**

ਕੋਕਰਨਾਗ: ਪੀਡੀਪੀ ਪ੍ਰਧਾਨ ਮਹਿਬੂਬਾ ਮੁਫਤੀ ਨੇ ਕਿਹਾ ਕਿ ਨੈਸ਼ਨਲ ਕਾਨਫਰੰਸ (ਐੱਨਸੀ) ਨੇਤਾ ਮੁਹੰਮਦ ਅਕਰਮ ਨੇ ਕਾਂਗਰਸ ਦੀ ਤੁਲਨਾ ਭਾਜਪਾ ਨਾਲ ਕੀਤੀ ਹੈ ਜਿਸ ਕਰਕੇ ਦੇਸ਼ ਦੀ ਸਭ ਤੋਂ ਪੁਰਾਣੀ ਰਾਜਨੀਤਕ ਪਾਰਟੀ ਦੇ ਵਰਕਰਾਂ ਨੂੰ ਜੰਮੂ-ਕਸ਼ਮੀਰ ਦੀ ਸਭ ਤੋਂ ਪੁਰਾਣੀ ਖੇਤਰੀ ਪਾਰਟੀ (ਐੱਨਸੀ) ਹਮਾਇਤ ਦੇਣ 'ਤੇ ਮੁੜ ਵਿਚਾਰ ਕਰਨੀ ਚਾਹੀਦੀ ਹੈ। ਮੁਫਤੀ ਨੇ ਅਨੰਤਨਾਗ ਜਲ੍ਹਿੇ ਲਾਰਨੂ ਇਲਾਕੇ 'ਚ ਚੋਣ ਪ੍ਰਚਾਰ ਦੌਰਾਨ ਪੱਤਰਕਾਰਾਂ ਨੂੰ ਕਿਹਾ, "ਨੈਸ਼ਨਲ ਕਾਂਗਰਸ 'ਚ ਸ਼ਾਮਲ ਹੋਣ ਮੌਕੇ ਚੌਧਰੀ ਅਕਰਮ ਵੱਲੋਂ ਕਾਂਗਰਸ ਦੀ ਤੁਲਨਾ ਭਾਜਪਾ ਨਾਲ ਕਰਨ ਤੋਂ ਵੱਧ ਬੁਰਾ ਕੀ ਹੋ ਸਕਦਾ ਹੈ। ਉਨ੍ਹਾਂ ਕਿਹਾ ਹੈ ਕਿ ਕਾਂਗਰਸ ਤੇ ਭਾਜਪਾ 'ਚ ਕੋਈ ਫਰਕ ਨਹੀਂ ਹੈ।"

# ਆਮ ਲੋਕਾਂ ਦੀ ਕਮਾਈ ’ਤੇ ‘ਪੰਜਾ’ ਮਾਰਨਾ ਚਾਹੁੰਦੀ ਹੈ ਕਾਂਗਰਸ: ਮੋਦੀ

ਅਲੀਗੜ੍ਹ, (ਸ਼.ਪ.)-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਾਂਗਰਸ ’ਤੇ ਗੰਭੀਰ ਦੋਸ਼ ਲਾਉਂਦਿਆਂ ਕਿਹਾ ਕਿ ਇਹ ਪਾਰਟੀ ਦੇਸ਼ ’ਤੇ ‘ਮਾਓਵਾਦੀ ਸੋਚ’ ਥੋਪ ਕੇ ਲੋਕਾਂ ਦੀ ਕਮਾਈ ’ਤੇ ਪੰਜਾ (ਕਬਜਾ) ਮਾਰਨਾ ਚਾਹੁੰਦੀ ਹੈ ਅਤੇ ਜੇਕਰ ਉਹ ਸੱਤਾ ’ਚ ਆ ਗਏ ਤਾਂ ਮਾਵਾਂ ਤੇ ਭੈਣਾਂ ਦੇ ਮੰਗਲਸੂਤਰ ਤੱਕ ਸਲਾਮਤ ਨਹੀਂ ਰਹਿਣਗੇ। ਉਂਜ ਉਨ੍ਹਾਂ ਇਹ ਬਿਆਨ ਦੁਹਰਾਉਣ ਦੀ ਕੋਸ਼ਿਸ਼ ਨਹੀਂ ਕੀਤੀ ਕਿ ਇਹ ਕਮਾਈ ਮੁਸਲਮਾਨਾਂ ਕੋਲ ਜਾਵੇਗੀ। ਮੁਸਲਮਾਨਾਂ ਦੀ ਵੱਡੀ ਆਬਾਦੀ ਵਾਲੇ ਅਲੀਗੜ੍ਹ ’ਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮੋਦੀ ਨੇ ਕਾਂਗਰਸ ਅਤੇ ਸਮਾਜਵਾਦੀ ਪਾਰਟੀ ’ਤੇ ‘ਤੁਸ਼ਟੀਕਰਨ’ ਦੀ ਨੀਤੀ ਆਪਣਾਉਣ ਦਾ ਦੋਸ਼ ਲਾਇਆ ਅਤੇ ਕਿਹਾ ਕਿ ਉਨ੍ਹਾਂ ਘੱਟ ਗਿਣਤੀਆਂ ਦੇ ਸਮਾਜਿਕ-ਆਰਥਿਕ ਹਾਲਾਤ ਬਦਲਣ ਦਾ ਕੋਈ ਉਪਰਾਲਾ ਨਹੀਂ ਕੀਤਾ। ਉਨ੍ਹਾਂ ਭਾਜਪਾ ਸਰਕਾਰ ਦੇ ਕਾਰਜਕਾਲ ਦੌਰਾਨ ਫਿਰਕੇ ਦੀ ਸਹਾਇਤਾ ਲਈ ਚੁੱਕੇ ਗਏ ਕਦਮਾਂ, ਤੀਹਰੇ ਤਲਾਕ ਖਿਲਾਫ ਕਾਨੂੰਨ ਲਿਆਉਣ ਅਤੇ ਹੱਜ ਕੋਟਾ ਵਧਾਉਣ ਆਦਿ ਦਾ ਜਕਿਰ ਕੀਤਾ। ਜਕਿਰਯੋਗ ਹੈ ਕਿ ਐਤਵਾਰ ਨੂੰ ਪ੍ਰਧਾਨ ਮੰਤਰੀ ਨੇ ਇਹ ਦਾਅਵਾ ਕਰਕੇ ਸਿਆਸੀ ਵਿਵਾਦ ਪੈਦਾ ਕਰ ਦਿੱਤਾ ਸੀ ਕਿ ਕਾਂਗਰਸ ਨੇ ਚੋਣ ਮਨੋਰਥ ਪੱਤਰ ’ਚ ਵਾਅਦਾ ਕੀਤਾ ਹੈ ਕਿ ਸਰਵੇਖਣ ਕਰਵਾਉਣ ਮਗਰੋਂ ਪਾਰਟੀ ਵਾਧੂ ਕਮਾਈ ਹੋਰ ਫਿਰਕਿਆਂ ਨੂੰ ਵੰਡ ਦੇਵੇਗੀ। ਉਨ੍ਹਾਂ ਸਾਬਕਾ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਵੱਲੋਂ 2006 ’ਚ ਮੁਸਲਮਾਨਾਂ ਬਾਰੇ ਦਿੱਤੇ ਗਏ ਬਿਆਨ ਦਾ ਹਵਾਲਾ ਦਿੱਤਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਡਾ. ਮਨਮੋਹਨ ਸਿੰਘ ਨੇ ਦੇਸ਼ ਦੇ ਵਸੀਲਿਆਂ ’ਤੇ ਪਹਿਲਾ ਹੱਕ ਮੁਸਲਮਾਨਾਂ ਦਾ ਦੱਸਿਆ ਸੀ। ਮੋਦੀ ਨੇ ਰਾਜਸਥਾਨ ਦੇ ਬਾਂਸਵਾੜਾ ’ਚ ਰੈਲੀ ਦੌਰਾਨ ਕਿਹਾ ਸੀ ਕਿ ਕਾਂਗਰਸ ਹੋਰਾਂ ਦੀ ਕਮਾਈ ‘ਘੁਸਪੈਠੀਆਂ’ ਅਤੇ ‘ਜਿਨ੍ਹਾਂ ਦੀ ਵੱਧ ਔਲਾਦ ਹੈ’ ਉਨ੍ਹਾਂ ਹਵਾਲੇ ਕਰ ਦੇਵੇਗੀ। ਅਲੀਗੜ੍ਹ ’ਚ ਸੋਮਵਾਰ ਨੂੰ ਰੈਲੀ ਦੌਰਾਨ ਮੋਦੀ ਨੇ ਕਮਾਈ ਅੱਗੇ ਵੰਡਣ ਦਾ ਬਿਆਨ ਦੁਹਰਾਇਆ ਅਤੇ ਕਿਹਾ ਕਿ ਉਹ ਕਾਂਗਰਸ ਅਤੇ ਵਿਰੋਧੀ ਗੱਠਜੋੜ ‘ਇੰਡੀਆ’ ਦੇ ਇਰਾਦਿਆਂ ਪ੍ਰਤੀ ਲੋਕਾਂ ਨੂੰ ਚੌਕਸ ਕਰਨਾ ਚਾਹੁੰਦੇ ਹਨ। ਰਾਹੁਲ ਗਾਂਧੀ ਦਾ ਹਵਾਲਾ ਦਿੰਦਿਆਂ ਉਨ੍ਹਾਂ ਦਾਅਵਾ ਕੀਤਾ,“ਕਾਂਗਰਸ ਦੇ ਸ਼ਹਿਜਾਦੇ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਸਰਕਾਰ ਆਈ ਤਾਂ ਕੌਣ ਕਿੰਨਾ ਕਮਾਉਂਦਾ ਹੈ, ਕਿਸ ਦੇ ਕੋਲ ਕਿੰਨੀ ਸੰਪਤੀ ਹੈ, ਉਸ ਦੀ ਜਾਂਚ ਕਰਾਉਣਗੇ। ਇੰਨਾ ਹੀ ਨਹੀਂ, ਉਹ ਆਖਦੇ ਹਨ ਕਿ ਇਹ ਜੋ ਸੰਪਤੀ ਹੈ, ਉਸ ਨੂੰ ਸਰਕਾਰ ਆਪਣੇ ਕਬਜੇ ’ਚ ਲੈ ਕੇ ਸਾਰਿਆਂ ਨੂੰ ਵੰਡ ਦੇਵੇਗੀ। ਇਹ ਉਨ੍ਹਾਂ ਦਾ ਚੋਣ ਮਨੋਰਥ ਪੱਤਰ ਆਖ ਰਿਹਾ ਹੈ। ਤੁਸੀਂ ਜਰਾ ਸੋਚੋ ਸਾਡੀਆਂ ਮਾਵਾਂ ਅਤੇ ਭੈਣਾਂ ਕੋਲ ਸੋਨਾ ਹੁੰਦਾ ਹੈ। ਉਸ ਨੂੰ ਪਵਿੱਤਰ ਮੰਨਿਆ ਜਾਂਦਾ ਹੈ। ਕਾਨੂੰਨ ਵੀ ਉਸ ਦੀ ਰੱਖਿਆ ਕਰਦਾ ਹੈ ਪਰ ਹੁਣ ਉਨ੍ਹਾਂ (ਕਾਂਗਰਸ) ਦੀ ਨਜਰ ਕਾਨੂੰਨ ਬਦਲ ਕੇ ਸਾਡੀਆਂ ਮਾਵਾਂ-ਭੈਣਾਂ ਦੀ ਸੰਪਤੀ ਖੋਹਣ ’ਤੇ ਹੈ। ਉਨ੍ਹਾਂ ਦੇ ਮੰਗਲਸੂਤਰ ’ਤੇ ਇਨ੍ਹਾਂ ਲੋਕਾਂ ਦੀ ਨਜਰ ਹੈ।” ਉਨ੍ਹਾਂ ਦਾਅਵਾ ਕੀਤਾ ਕਿ ਵਿਰੋਧੀ ਧਿਰ ਨੌਕਰੀ ਪੇਸ਼ਾ ਮੁਲਾਜਮਾਂ ਦੀ ਸੰਪਤੀ ਬਾਰੇ ਸਰਵੇ ਕਰਾਉਣਾ ਚਾਹੁੰਦੀ ਹੈ। ਕਾਂਗਰਸ ਇਹ ਵੀ ਕਰ ਸਕਦੀ ਹੈ ਕਿ ਜੇ ਤੁਹਾਡੇ ਕੋਲ ਦੋ ਘਰ ਹਨ ਤਾਂ ਇਕ ਖੋਹ ਲਿਆ ਜਾਵੇਗਾ। ‘ਇਹ ਮਾਓਵਾਦੀ ਸੋਚ ਹੈ। ਇਹ ਕਮਿਊਨਿਸਟਾਂ ਦੀ ਸੋਚ ਹੈ, ਇੰਜ ਕਰਕੇ ਕਿੰਨੇ ਹੀ ਦੇਸ਼ਾਂ ਨੂੰ ਉਹ ਬਰਬਾਦ ਕਰ ਚੁੱਕੇ ਹਨ। ਹੁਣ ਇਹੋ ਨੀਤੀ ਕਾਂਗਰਸ ਪਾਰਟੀ ਅਤੇ ਇੰਡੀ ਗੱਠਜੋੜ ਭਾਰਤ ’ਚ ਲਾਗੂ ਕਰਨਾ ਚਾਹੁੰਦੇ ਹਨ।’ ਰਾਜਸਥਾਨ ’ਚ ਦਿੱਤੇ ਭਾਸ਼ਨ ਨੂੰ ਵਿਰੋਧੀ ਧਿਰ ‘ਨਫਰਤੀ ਭਾਸ਼ਨ’ ਆਖ ਰਹੀ ਹੈ ਪਰ ਅਲੀਗੜ੍ਹ ’ਚ ਉਨ੍ਹਾਂ ਲੋਕਾਂ ਦੀ ਕਮਾਈ ਮੁਸਲਮਾਨਾਂ ’ਚ ਵੰਡਣ ਦੀ ਗੱਲ ਨਹੀਂ ਆਖੀ।

**‘ਪਰਿਵਾਰਵਾਦੀਆਂ ਨੇ ਲੋਕਾਂ ਨੂੰ ਲੁੱਟ ਕੇ ਜਾਇਦਾਦਾਂ ਬਣਾਈਆਂ’**

ਵਿਰੋਧੀ ਧਿਰ ’ਤੇ ਵਰ੍ਹਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ‘ਪਰਿਵਾਰਵਾਦੀਆਂ’ ਨੇ ਲੋਕਾਂ ਨੂੰ ‘ਲੁੱਟ’ ਕੇ ਜਾਇਦਾਦਾਂ ਬਣਾਈਆਂ ਹਨ ਅਤੇ ਉਹ ਆਪਣੀ ‘ਬੇਅੰਤ ਕਮਾਈ’ ’ਚੋਂ ਗਰੀਬਾਂ ਨੂੰ ਕੁਝ ਵੀ ਨਹੀਂ ਦੇ ਰਹੇ ਹਨ ਤੇ ਹੁਣ ਉਨ੍ਹਾਂ ਦੀ ਅੱਖ ਲੋਕਾਂ ਦੀ ਸੰਪਤੀ ’ਤੇ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਅਲੀਗੜ੍ਹ ਦੇ ਲੋਕਾਂ ਨੇ ਦੋ ‘ਸ਼ਹਿਜਾਦਿਆਂ’ ਵੱਲੋਂ ਪਰਿਵਾਰਵਾਦ ਦੀ ਸਿਆਸਤ, ਭ੍ਰਿਸ਼ਟਾਚਾਰ ਅਤੇ ਤੁਸ਼ਟੀਕਰਨ ’ਤੇ ਤਾਲਾ ਲਗਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬੀਤੇ 10 ਸਾਲ ਤਾਂ ਟਰੇਲਰ ਸਨ ਅਤੇ ਅਜੇ ਤਾਂ ਹੋਰ ਬਹੁਤ ਸਾਰਾ ਕੰਮ ਕਰਨਾ ਬਾਕੀ ਹੈ।

**ਚੋਣ ਮੈਨੀਫੈਸਟੋ ਬਾਰੇ ‘ਜਾਣਕਾਰੀ’ ਦੇਣ ਲਈ ਪ੍ਰਧਾਨ ਮੰਤਰੀ ਤੋਂ ਸਮਾਂ ਮੰਗਿਆ: ਖੜਗੇ**

ਚੰਨਾਪਤਾਨਾ/ਬੰਗਲੂਰ, ਕਾਂਗਰਸ ਦੇ ਪ੍ਰਧਾਨ ਐੱਮ.ਮਲਿਕਾਰਜੁਨ ਖੜਗੇ ਨੇ ਅੱਜ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਚੋਣ ਪ੍ਰਚਾਰ ਦੌਰਾਨ ਦਿੱਤਾ ‘400 ਪਾਰ’ ਦਾ ਸੱਦਾ ਲੋਕ ਸਭਾ ਵਿਚ ਐੱਨਡੀਏ ਲਈ ਦੋ-ਤਿਹਾਈ ਬਹੁਮੱਤ ਹਾਸਲ ਕਰਨ ਵੱਲ ਸੇਧਿਤ ਹੈ ਤਾਂ ਕਿ ਸੰਵਿਧਾਨ ਵਿਚ ਲੋੜੀਂਦੇ ਬਦਲਾਅ ਕੀਤੇ ਜਾ ਸਕਣ। ਉਨ੍ਹਾਂ ਦਾਅਵਾ ਕੀਤਾ ਕਿ ਭਾਜਪਾ ਦੀ ਅਗਵਾਈ ਵਾਲੇ ਐੱਨਡੀਏ ਲਈ ਐਤਕੀਂ 200 ਸੀਟਾਂ ਦਾ ਅੰਕੜਾ ਪਾਰ ਕਰਨਾ ਵੀ ਔਖਾ ਹੈ। ਉਧਰ ਪਾਰਟੀ ਦੇ ਮੈਨੀਫੈਸਟੋ ਨੂੰ ਲੈ ਕੇ ਪ੍ਰਧਾਨ ਮੰਤਰੀ ਵੱਲੋਂ ਕੀਤੀ ਕਥਿਤ ਫਿਰਕੂ ਟਿੱਪਣੀ ਦੇ ਹਵਾਲੇ ਨਾਲ ਕਾਂਗਰਸ ਨੇ ਅੱਜ ਕਿਹਾ ਕਿ ਪਾਰਟੀ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਨਰਿੰਦਰ ਮੋਦੀ ਤੋਂ ਸਮਾਂ ਮੰਗਿਆ ਹੈ ਤਾਂ ਕਿ ਉਨ੍ਹਾਂ ਨੂੰ ਪਾਰਟੀ ਦੇ ਚੋਣ ਵਾਅਦਿਆਂ ਬਾਰੇ ‘ਸਿੱਖਿਅਤ’ ਕੀਤਾ ਜਾ ਸਕੇ।ਖੜਗੇ ਨੇ ਚੰਨਾਪਤਾਨਾ ਵਿਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ 2024 ਦੀਆਂ ਲੋਕ ਸਭਾ ਚੋਣਾਂ ਵਿਚ ‘ਅਦ੍ਰਿਸ਼ ਹਨੇਰੀ’ ਚੱਲ ਰਹੀ ਹੈ, ਜੋ ਐੱਨਡੀਏ ਨੂੰ ਵੱਡਾ ਝਟਕਾ ਦੇਵੇਗੀ। ਖੜਗੇ ਨੇ ਕਿਹਾ ਕਿ ਉਹ ਲੋਕ ਸਭਾ ਚੋਣਾਂ ਲਈ ਕਾਂਗਰਸ ਦੇ ਚੋਣ ਮੈਨੀਫੈਸਟੋ ’ਤੇ ਖੁੱਲ੍ਹੀ ਵਿਚਾਰ ਚਰਚਾ ਲਈ ਤਿਆਰ ਹਨ। ਉਨ੍ਹਾਂ ਪਾਰਟੀ ਦੇ ਮੈਨੀਫੈਸਟੋ ’ਤੇ ਮੁਸਲਿਮ ਲੀਗ ਦੀ ਛਾਪ ਹੋਣ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ। ਖੜਗੇ ਨੇ ਕਿਹਾ, “ਇਹ ਚੋਣਾਂ ਜਮਹੂਰੀਅਤ ਤੇ ਸੰਵਿਧਾਨ ਨੂੰ ਬਚਾਉਣ ਲਈ ਜਰੂਰੀ ਹਨ। ਜੇਕਰ ਤੁਸੀਂ ਇਨ੍ਹਾਂ ਮੁੱਦਿਆਂ ’ਤੇ ਵੋਟ ਪਾਉਗੇ ਤਾਂ ਵੋਟ ਕਾਂਗਰਸ ਨੂੰ ਜਾਵੇਗੀ। ਜੇਕਰ ਤੁਸੀਂ ਕਾਂਗਰਸ ਲਈ ਵੋਟ ਨਾ ਪਾਈ ਤਾਂ ਦੇਸ਼ ਵਿਚ ਸੰਵਿਧਾਨ ਜਾਂ ਜਮਹੂਰੀਅਤ ਨਾਂ ਦੀ ਕੋਈ ਚੀਜ ਨਹੀਂ ਹੋਵੇਗੀ।”



**ਪ੍ਰਧਾਨ ਮੰਤਰੀ ਦੀ ਅਸਲ ਮੁੱਦਿਆਂ ਤੋਂ ਧਿਆਨ ਵੰਡਾਉਣ ਦੀ ਨਵੀਂ ਰਣਨੀਤੀ: ਰਾਹੁਲ**

ਨਵੀਂ ਦਿੱਲੀ, ਕਾਂਗਰਸ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ‘ਜਹਿਰੀਲੇ ਭਾਸ਼ਾ’ ਵਰਤਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਉਨ੍ਹਾਂ ਕੋਲ ਅਸਲ ਮੁੱਦਿਆਂ ਤੋਂ ਧਿਆਨ ਵੰਡਾਉਣ ਲਈ ਕਈ ਨਵੀਆਂ ਰਣਨੀਤੀਆਂ ਹਨ ਪਰ ਉਨ੍ਹਾਂ ਦੇ ‘ਝੂਠ ਦਾ ਕਾਰੋਬਾਰ’ ਖਤਮ ਹੋਣ ਕੰਢੇ ਹੈ। ਕਾਂਗਰਸ ਦੇ ਮਹਿੰਗਾਈ ਅਤੇ ਬੇਰੁਜਗਾਰੀ ਬਾਰੇ ਨਵੇਂ ਇਸ਼ਤਿਹਾਰ ਨੂੰ ਸਾਂਝਾ ਕਰਦਿਆਂ ਕਾਂਗਰਸ ਦੇ ਸਾਬਕਾ ਮੁਖੀ ਰਾਹੁਲ ਗਾਂਧੀ ਨੇ ‘ਐਕਸ’ ’ਤੇ ਕਿਹਾ, “ਦੇਸ਼ ’ਚ ਬੇਰੁਜਗਾਰੀ ਅਤੇ ਮਹਿੰਗਾਈ ਸਿਖਰ ’ਤੇ ਹੈ ਅਤੇ ਨਰਿੰਦਰ ਮੋਦੀ ਆਖ ਰਹੇ ਹਨ ਕਿ ਸਾਰਾ ਕੁਝ ਵਧੀਆ ਹੈ। ਉਨ੍ਹਾਂ ਕੋਲ ਮੁੱਦਿਆਂ ਤੋਂ ਧਿਆਨ ਵੰਡਾਉਣ ਦੀਆਂ ਕਈ ਨਵੀਆਂ ਤਕਨੀਕਾਂ ਹਨ। ਪਰ ਉਨ੍ਹਾਂ ਦੇ ਝੂਠ ਦਾ ਕਾਰੋਬਾਰ ਖਤਮ ਹੋਣ ਕੰਢੇ ਹੈ।” ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਈ ਮੁੱਦਿਆਂ ’ਤੇ ਜਹਿਰੀਲੀ ਭਾਸ਼ਾ ਬੋਲਦੇ ਹਨ। ਸੀਪੀਐੱਮ ਦੇ ਜਨਰਲ ਸਕੱਤਰ ਸੀਤਾਰਾਮ ਯੇਚੁਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਦਾ ਬਿਆਨ ਭੱਦਾ ਹੈ ਅਤੇ ਚੋਣ ਕਮਿਸ਼ਨ ਦੀ ਚੁੱਪੀ ਹੋਰ ਵੀ ਭਿਆਨਕ ਹੈ। ਉਨ੍ਹਾਂ ਆਸ ਜਤਾਈ ਕਿ ਸੁਪਰੀਮ ਕੋਰਟ ਇਸ ਦਾ ਨੋਟਿਸ ਲੈ ਕੇ ਕਾਰਵਾਈ ਸ਼ੁਰੂ ਕਰੇਗਾ। ਤ੍ਰਿਣਮੂਲ ਕਾਂਗਰਸ ਆਗੂ ਸਾਕੇਤ ਗੋਖਲੇ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੋਦੀ ਦੇ ਬਿਆਨ ’ਤੇ ਚੋਣ ਕਮਿਸ਼ਨ ਨੂੰ ਕਾਰਵਾਈ ਲਈ ਲਿਖਣ। ਟੀਐੱਮਸੀ ਦੇ ਰਾਜ ਸਭਾ ਮੈਂਬਰ ਨੇ ਮੁੱਖ ਚੋਣ ਕਮਿਸ਼ਨਰ ਦੀ ਈਮੇਲ ਆਈਡੀ ਸਾਂਝੀ ਕਰਦਿਆਂ ਲੋਕਾਂ ਨੂੰ ਕਿਹਾ ਕਿ ਉਹ ਵਿਰੋਧੀ ਧਿਰ ਦੀ ਨਹੀਂ ਸੁਣਦਾ ਹੈ, ਇਸ ਲਈ ਉਹ ਉਸ ਨੂੰ ਜਰੂਰ ਲਿਖਣ। ਉਨ੍ਹਾਂ ਇਕ ਹਜਾਰ ਜੰਿਮੇਵਾਰ ਭਾਰਤੀ ਨਾਗਰਿਕਾਂ ਨੂੰ ਮੋਦੀ ਖਲਿਾਫ ਸਖਤ ਕਾਰਵਾਈ ਦੀ ਮੰਗ ਕਰਨ ਲਈ ਈਮੇਲ ਕਰਨ ਦੀ ਅਪੀਲ ਕੀਤੀ ਹੈ।

## ਕਿਸਾਨਾਂ ਨੇ ਸਰਕਾਰ ’ਤੇ ਦਹਿਸ਼ਤ ਫੈਲਾਉਣ ਦੇ ਲਾਏ ਦੋਸ਼, ਰੇਲਵੇ ਅਧਿਕਾਰੀਆਂ ਵੱਲੋਂ ਮੁਰੰਮਤ ਲਈ ਮਸ਼ੀਨ ਲਿਆਉਣ ਦਾ ਦਾਅਵਾ

ਸ਼ੰਭੂ ਬੈਰੀਅਰ (ਪਟਿਆਲਾ), (ਸ਼.ਪ.)-ਹਰਿਆਣਾ ਦੀ ਜੇਲ੍ਹ ’ਚ ਬੰਦ ਤਿੰਨ ਕਿਸਾਨਾਂ ਦੀ ਰਿਹਾਈ ਲਈ ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਅਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਸ਼ੰਭੂ ਰੇਲਵੇ ਸਟੇਸ਼ਨ ’ਤੇ ਜਾਰੀ ਧਰਨੇ ਦੇ 6ਵੇਂ ਦਿਨ ਅੱਜ ਰੇਲਵੇ ਟਰੈਕ ’ਤੇ ਇਲੈਕਟ੍ਰੋਨਿਕ ਮਸ਼ੀਨ ਨਜ਼ਰ ਆਉਣ ਨਾਲ ਕਿਸਾਨਾਂ ’ਚ ਭਗਦੜ ਮੱਚ ਗਈ। ਇਹ ਮਸ਼ੀਨ ਭਾਵੇਂ ਧਰਨੇ ਵਾਲੀ ਥਾਂ ਤੋਂ ਦੂਰ ਹੀ ਰਹੀ, ਪਰ ਪ੍ਰਦਰਸ਼ਨਕਾਰੀਆਂ ਨੇ ਦਾਅਵਾ ਕੀਤਾ ਕਿ ਸਰਕਾਰ ਦਹਿਸ਼ਤ ਫੈਲਾਉਣ ਦੇ ਇਰਾਦੇ ਨਾਲ ਅਜਿਹੀਆਂ ਕੋਝੀਆਂ ਚਾਲਾਂ ਚੱਲ ਰਹੀ ਹੈ। ਉਧਰ ਰੇਲਵੇ ਅਧਿਕਾਰੀਆਂ ਦਾ ਤਰਕ ਸੀ ਕਿ ਇਲੈਕਟ੍ਰੋਨਿਕਸ ਮਸ਼ੀਨ ਮੁਰੰਮਤ ਲਈ ਲਿਆਂਦੀ ਗਈ ਸੀ, ਜੋ ਜਲਦੀ ਹੀ ਵਾਪਸ ਪਰਤ ਗਈ।

ਰੇਲਵੇ ਟਰੈਕ ’ਤੇ ਧਰਨਾ ਲਾਈ ਬੈਠੇ ਕਿਸਾਨਾਂ ਨੇ ਇਸ ਕਾਰਵਾਈ ਦਾ ਵਿਰੋਧ ਕਰਦਿਆਂ ਕੇਂਦਰ ਸਰਕਾਰ ਖਿਲਾਫ਼ ਨਾਅਰੇਬਾਜੀ ਵੀ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦੇ ਜਜਬੇ ਨੂੰ ਪਰਖ ਰਹੀ ਹੈ। ਉਨ੍ਹਾਂ ਕਿਹਾ ਕਿ ਜਦੋਂ ਸਾਰਿਆਂ ਨੂੰ ਕਿਸਾਨਾਂ ਦੇ ਇਸ ਧਰਨੇ ਬਾਰੇ ਜਾਣਕਾਰੀ ਹੈ, ਤਾਂ ਸੂਚਿਤ ਕੀਤੇ ਬਿਨਾਂ ਅਜਿਹੀ ਕਾਰਵਾਈ ਨੂੰ ਅੰਜਾਮ ਦੇਣ ਦੀ ਕੀ ਲੋੜ ਹੈ।

ਆਗੂਆਂ ਕਿਹਾ ਕਿ ਉਹ ਸਾਥੀਆਂ ਦੀ ਰਿਹਾਈ ਤੋਂ ਬਿਨਾਂ ਇਥੋਂ ਉਠ ਕੇ ਨਹੀਂ ਜਾਣਗੇ। ਉਧਰ ਸੋਸ਼ਲ ਮੀਡੀਆ ’ਤੇ ਵਾਇਰਲ ਇੱਕ



ਵੀਡੀਓ ’ਚ ਕਿਸਾਨ ਆਗੂ ਨੇ ਦਾਅਵਾ ਕੀਤਾ ਹੈ ਕਿ ਸਰਕਾਰ ਵੱਲੋਂ ਰਾਤ ਸਮੇਂ ਵੀ ਅਜਿਹੀ ਕੋਈ ਸ਼ਰਾਰਤ ਕੀਤੀ ਜਾ ਸਕਦੀ ਹੈ। ਇਸ ਲਈ ਵੱਧ ਤੋਂ ਵੱਧ ਕਿਸਾਨ ਸ਼ੰਭੂ ਰੇਲਵੇ ਸਟੇਸ਼ਨ ’ਤੇ ਪੁੱਜਣ। ਇਸੇ ਦੌਰਾਨ ਤੈਅਸ਼ੁਦਾ ਪ੍ਰੋਗਰਾਮ ਤਹਿਤ ਅੱਜ ਜੀਂਦ ਵਿੱਚ ਰੋਕੀ ਗਈ ਸੜਕੀ ਆਵਾਜਾਈ ਲਈ ਵੱਡੀ ਗਿਣਤੀ ਕਿਸਾਨ ਹਰਿਆਣਾ ਚਲੇ ਗਏ ਸਨ। ਇਸ ਮਗਰੋਂ ਸ਼ੰਭੂ ਵਿੱਚ ਰੇਲਵੇ ਟਰੈਕ ਅਤੇ ਸ਼ੰਭੂ ਬਾਰਡਰ ’ਤੇ ਜਾਰੀ ਧਰਨਿਆਂ ਦੀ ਅਗਵਾਈ ਬੀਬੀਆਂ ਨੇ ਕੀਤੀ।

## ਕਾਂਗਰਸ ਪਾਰਟੀ ਨੇ ਫਰੀਦਕੋਟ ਅਤੇ ਹੁਸ਼ਿਆਰਪੁਰ ਤੋਂ ਉਮੀਦਵਾਰ ਐਲਾਨੇ

ਚੰਡੀਗੜ੍ਹ, (ਸ਼.ਪ.)-ਕਾਂਗਰਸ ਪਾਰਟੀ ਦੀ ਕੇਂਦਰੀ ਚੋਣ ਕਮੇਟੀ ਨੇ ਦੂਜੀ ਸੂਚੀ ਜਾਰੀ ਕਰਕੇ ਪੰਜਾਬ ਦੇ ਦੋ ਰਾਖਵੇਂ ਲੋਕ ਸਭਾ ਹਲਕਿਆਂ ਤੋਂ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ। ਪਹਿਲੀ ਸੂਚੀ ਵਿਚ ਛੇ ਉਮੀਦਵਾਰ ਐਲਾਨੇ ਗਏ ਸਨ। ਕਾਂਗਰਸ ਨੇ ਹਲਕਾ ਫਰੀਦਕੋਟ (ਰਾਖਵਾਂ) ਤੋਂ ਅਮਰਜੀਤ ਕੌਰ ਸਾਹੋਕੇ ਨੂੰ ਚੋਣ ਮੈਦਾਨ ਵਿਚ ਉਤਾਰਿਆ ਹੈ ਜਦੋਂ ਕਿ ਹਲਕਾ ਹੁਸ਼ਿਆਰਪੁਰ (ਰਾਖਵਾਂ) ਤੋਂ ਯਾਮਿਨੀ ਗੋਮਰ ਨੂੰ ਉਮੀਦਵਾਰ ਬਣਾਇਆ ਹੈ। ਕਾਂਗਰਸ ਪਾਰਟੀ ਨੇ ਦੂਜੀ ਸੂਚੀ ਵਿਚ ਦੋ ਮਹਿਲਾਵਾਂ ਨੂੰ ਟਿਕਟਾਂ ਦੇ ਕੇ ਉਨ੍ਹਾਂ ਦੀ ਭਾਗੀਦਾਰੀ ਯਕੀਨੀ ਬਣਾਈ ਹੈ।

ਪਾਰਟੀ ਨੇ ਫਰੀਦਕੋਟ ਹਲਕੇ ਤੋਂ ਮੌਜੂਦਾ ਸੰਸਦ ਮੈਂਬਰ ਮੁਹੰਮਦ ਸਦੀਕ ਦੀ ਟਿਕਟ ਕੱਟ ਦਿੱਤੀ ਹੈ ਅਤੇ ਉਪਰੋਕਤ ਦੋਵੇਂ ਹਲਕਿਆਂ ਤੋਂ ਦਲ ਬਦਲੂ ਨੇਤਾਵਾਂ ਨੂੰ ਉਮੀਦਵਾਰ ਬਣਾਇਆ ਹੈ। ਫਰੀਦਕੋਟ ਹਲਕੇ ਤੋਂ ਪਾਰਟੀ ਨੇ ਸਥਾਨਕ ਉਮੀਦਵਾਰ ਨੂੰ ਤਰਜੀਹ ਦਿੱਤੀ ਹੈ। ਅਮਰਜੀਤ ਕੌਰ ਸਾਹੋਕੇ ਦਾ ਪਿੰਡ ਸਾਹੋਕੇ ਹੈ ਜੋ ਕਿ ਮਹਾਨ ਕਵੀ ਬਾਬੂ ਰਜਬ ਅਲੀ ਦਾ ਜੱਦੀ ਪਿੰਡ ਹੈ। ਕਾਂਗਰਸ ਨੇ ਪੰਜਾਬ ਦੇ ਚਾਰੋਂ ਰਾਖਵੇਂ ਹਲਕਿਆਂ ਤੋਂ ਟਿਕਟਾਂ ਦੀ ਵੰਡ ਦਾ ਕੰਮ ਮੁਕੰਮਲ ਕਰ ਲਿਆ ਹੈ।

ਪਹਿਲੀ ਸੂਚੀ ਵਿਚ ਕਾਂਗਰਸ ਨੇ ਜਲੰਧਰ ਤੋਂ ਚਰਨਜੀਤ ਚੰਨੀ, ਸੰਗਰੂਰ ਤੋਂ ਸੁਖਪਾਲ ਸਿੰਘ ਖਹਿਰਾ, ਬਠਿੰਡਾ ਤੋਂ ਜੀਤ ਮਹਿੰਦਰ ਸਿੱਧੂ, ਪਟਿਆਲਾ ਤੋਂ ਡਾ. ਧਰਮਵੀਰ ਗਾਂਧੀ, ਅੰਮ੍ਰਿਤਸਰ ਤੋਂ ਗੁਰਜੀਤ ਸਿੰਘ ਔਜਲਾ ਤੇ ਫਤਿਹਗੜ੍ਹ ਸਾਹਿਬ ਤੋਂ ਅਮਰ ਸਿੰਘ ਨੂੰ ਉਮੀਦਵਾਰ ਐਲਾਨਿਆ ਹੈ। ਕਾਂਗਰਸ ਹੁਣ ਤੱਕ ਅੱਠ ਉਮੀਦਵਾਰ ਐਲਾਨ ਚੁੱਕੀ ਹੈ ਜਦੋਂ ਕਿ ਬਾਕੀ ਪੰਜ ਹਲਕਿਆਂ ’ਤੇ ਪੇਚ ਫਸਦਾ ਨਜ਼ਰ ਆ ਰਿਹਾ ਹੈ।

## ਮੈਂ ਅਤੇ ਅਭਿਸ਼ੇਕ ਬਿਲਕੁਲ ਸੁਰੱਖਿਅਤ ਨਹੀਂ: ਮਮਤਾ



ਕੁਮਾਰਗੰਜ, (ਸ਼.ਪ.)-ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਦੋਸ਼ ਲਾਇਆ ਹੈ ਕਿ ਭਾਜਪਾ ਉਸ ਨੂੰ ਅਤੇ ਉਸ ਦੇ ਭਤੀਜੇ ਤੇ ਟੀਐੱਮਸੀ ਦੇ ਜਨਰਲ ਸਕੱਤਰ ਅਭਿਸ਼ੇਕ ਬੈਨਰਜੀ ਨੂੰ ਨਿਸ਼ਾਨਾ ਬਣਾ ਰਹੀ ਹੈ ਅਤੇ ਉਹ ਆਪਣੇ ਆਪ ਨੂੰ ਬਿਲਕੁਲ ਸੁਰੱਖਿਅਤ ਮਹਿਸੂਸ ਨਹੀਂ ਕਰ ਰਹੇ। ਮਮਤਾ ਨੇ ਇਹ ਦੋਸ਼ ਉਸ ਸਮੇਂ ਲਾਇਆ ਹੈ ਜਦੋਂ ਵਿਧਾਨ ਸਭਾ ’ਚ ਵਿਰੋਧੀ ਧਿਰ ਦੇ ਆਗੂ ਸੁਵੇਂਦੂ ਅਧਿਕਾਰੀ ਨੇ ਇਕ ਦਿਨ ਪਹਿਲਾਂ ਕਿਹਾ ਹੈ ਕਿ ‘ਸੋਮਵਾਰ ਨੂੰ ਵੱਡਾ ਧਮਾਕਾ ਹੋਵੇਗਾ ਜਿਸ ਨਾਲ ਟੀਐੱਮਸੀ ਅਤੇ ਉਸ ਦੀ ਸਿਖਰਲੀ ਲੀਡਰਸ਼ਿਪ ਹਿੱਲ ਜਾਵੇਗੀ।’ ਕੁਮਾਰਗੰਜ ’ਚ ਚੋਣ ਰੈਲੀ ਨੂੰ ਸੰਬੋਧਨ ਕਰਦਿਆਂ ਮਮਤਾ ਨੇ ਕਿਹਾ,“ਭਾਜਪਾ ਮੈਨੂੰ ਅਤੇ ਅਭਿਸ਼ੇਕ ਨੂੰ ਨਿਸ਼ਾਨਾ ਬਣਾ ਰਹੀ ਹੈ। ਅਸੀਂ ਸੁਰੱਖਿਅਤ ਨਹੀਂ ਹਾਂ ਪਰ ਫਿਰ ਵੀ ਅਸੀਂ ਭਗਵਾ ਪਾਰਟੀ ਦੀਆਂ ਸਾਜਸ਼ਿਾਂ ਤੋਂ ਨਹੀਂ ਡਰਦੇ ਹਾਂ। ਅਸੀਂ ਸਾਰਿਆਂ ਨੂੰ ਅਪੀਲ ਕਰਦੇ ਹਾਂ ਕਿ ਟੀਐੱਮਸੀ ਆਗੂਆਂ ਅਤੇ ਪੱਛਮੀ ਬੰਗਾਲ ਦੇ ਲੋਕਾਂ ਖਲਿਾਫ ਸਾਜਸ਼ਿਾਂ ਪ੍ਰਤੀ ਉਹ ਚੌਕਸ ਰਹਿਣ।” ਅਧਿਕਾਰੀ ਦੇ ਬਿਆਨ ਦਾ ਜਵਾਬ ਦਿੰਦਿਆਂ ਟੀਐੱਮਸੀ ਸੁਪਰੀਮੋ ਨੇ ਕਿਹਾ ਕਿ ਇਕ ਦੇਸ਼ਧ੍ਰੋਹੀ ਹੈ ਜੋ ਆਪਣੇ ਪਰਿਵਾਰ ਅਤੇ ਗੈਰਕਾਨੂੰਨੀ ਸੰਪਤੀ ਦੀ ਰਾਖੀ ਲਈ ਭਾਜਪਾ ’ਚ ਸ਼ਾਮਲ ਹੋ ਗਿਆ ਸੀ। ਉਸ ਦੀ ਚਾਕਲੇਟ ਬੰਬ ਧਮਾਕੇ ਦੀ ਧਮਕੀ ਦਾ ਜਵਾਬ ਅਸੀਂ ਆਤਿਸ਼ਬਾਜੀ ਚਲਾ ਕੇ ਦਿਆਂਗੇ। ‘ਸਾਡੇ ਲਈ ਆਤਿਸ਼ਬਾਜੀ ਪੀਐੱਮ ਕੇਅਰ ਫੰਡ ’ਚ ਖਾਮੀਆਂ ਅਤੇ ਹਰੇਕ ਨਾਗਰਿਕ ਦੇ ਬੈਂਕ ਖਾਤੇ ’ਚ 15 ਲੱਖ ਰੁਪਏ ਪਾਉਣ ਦੇ ਜੁਮਲੇ ਹਨ।




THE LAW OFFICES OF
GURVINDER S. SAHNI
A PREMIER NEW YORK CITY LAW FIRM

Family Law
Immigration
Real Estate
Transactions
Commerical
Litigation

Attorney At Law

Tel: 718-846-3400, Fax: 718-846-2299

Email: sahnilaw@gmail.com | 117-07 101st Avenue, Richmond Hill, NY 11419

# ਦਲ ਬਦਲੂ ਅਤੇ ਦਲ ਬਦਲ ਵਿਰੋਧੀ ਕਾਨੂੰਨ

ਗੁਰਮੀਤ ਸਿੰਘ ਪਲਾਹੀ
ਫੋਨ: +91-98158-02070

ਦੇਸ਼ ਵਿਚ ਦਲ ਬਦਲਣ ਦੀ ਖੇਡ 60 ਸਾਲ ਪੁਰਾਣੀ ਹੈ। ਅਸਲ ਵਿਚ ਦਲ ਬਦਲ 'ਸਿਆਸੀ ਦਿਲ' ਬਦਲਣ ਦੀ ਨਿਵੇਕਲੀ ਖੇਡ ਹੈ। ਇਹ ਕਦੇ ਇੱਕ ਪਾਰਟੀ ਵਿਚ ਆਦਰਮਾਣ-ਸਨਮਾਨ ਨਾ ਮਿਲਣ ਤੋਂ ਨਿਰਾਸ਼ ਹੋਣ ਉਤੇ ਹੁੰਦਾ ਹੈ ਅਤੇ ਕਦੇ "ਮਨ ਦੀ ਅਵਾਜ਼" ਸੁਣਨ 'ਤੇ। ਤਾਕਤ ਦੀ ਹਵਾ ਜਿਸ ਪਾਸੇ ਵੱਲ ਵਗਦੀ ਹੈ, ਦਲ ਬਦਲ ਵੀ ਉਸ ਪਾਰਟੀ ਵੱਲ ਵੱਧ ਹੁੰਦਾ ਹੈ। ਭਾਰਤ ਵਿਚ ਇਹ ਕਿਸੇ ਵੇਲੇ ਕਾਂਗਰਸ ਵੱਲ ਵੱਧ ਹੁੰਦਾ ਸੀ, ਹੁਣ ਭਾਜਪਾ ਵੱਲ ਜ਼ਿਆਦਾ ਹੈ। ਦੇਸ਼ ਦੇ ਚੋਣ ਮਹਾਂਕੁੰਭ ਦਾ ਦ੍ਰਿਸ਼ ਇਸ ਵਰ੍ਹੇ ਨਿਰਾਲਾ ਹੈ। ਥੋਕ ਦੇ ਭਾਅ ਹੋ ਰਿਹਾ ਦਲ ਬਦਲ ਲੋਕਾਂ ਨੂੰ ਹੈਰਾਨ-ਪ੍ਰੇਸ਼ਾਨ ਕਰ ਰਿਹਾ ਹੈ। ਇਕ ਵਿਸ਼ਲੇਸ਼ਣ ਅਨੁਸਾਰ ਸਾਲ 2024 ਦੀਆਂ ਚੋਣਾਂ 'ਚ ਭਾਜਪਾ ਦਾ ਹਰ ਚੌਥਾ ਉਮੀਦਵਾਰ ਦਲ ਬਦਲੂ ਹੈ।

ਭਾਜਪਾ ਹੁਣ ਤੱਕ 417 ਉਮੀਦਵਾਰ ਐਲਾਨ ਚੁੱਕੀ ਹੈ। ਇਨ੍ਹਾਂ ਵਿਚੋਂ 116 (28 ਫੀਸਦੀ) ਉਹ ਉਮੀਦਵਾਰ ਹਨ, ਜੋ ਸਿਆਸੀ ਧਿਰ ਬਦਲ ਕੇ ਭਾਜਪਾ ਵੱਲ ਆਏ ਹਨ। ਇਨ੍ਹਾਂ 116ਵਚੋਂ 37 ਕਾਂਗਰਸ ਵਿਚੋਂ ਆਏ ਹਨ। ਇਸੇ ਤਰ੍ਹਾਂ 2016 ਤੋਂ 2020 ਦੇ ਦੌਰਾਨ ਐਮ.ਪੀ. ਅਤੇ ਐਮ ਐਲ ਏ ਵਿਚੋਂ ਸਿਆਸੀ ਧਿਰਾਂ ਬਦਲਣ ਦੀ ਰਿਪੋਰਟ ਸਾਹਮਣੇ ਆਈ ਸੀ ਜਿਸ ਅਨੁਸਾਰ 405 ਵਿਧਾਇਕਾਂ ਅਤੇ 16 ਪਾਰਲੀਮੈਂਟ ਮੈਂਬਰਾਂ ਨੇ ਪਾਰਟੀ ਬਦਲੀ ਸੀ। ਦਲ ਬਦਲ ਕਰਨ ਵਾਲੇ 182 ਵਿਧਾਇਕ ਅਤੇ 10 ਐਮ.ਪੀ, ਭਾਜਪਾ 'ਚ ਸ਼ਾਮਲ ਹੋਏ। ਜਦੋਂ ਕਦੇ ਕਾਂਗਰਸ ਦਾ ਸੂਰਜ ਚਮਕਦਾ ਸੀ, ਉਸ ਵੇਲੇ ਕਾਂਗਰਸ ਨੂੰ ਇਸ ਦਾ ਫਾਇਦਾ ਹੋਇਆ। ਸਾਲ 1957 ਤੋਂ 1967 ਦਰਮਿਆਨ 419 ਵਿਧਾਇਕ ਕਾਂਗਰਸ ਵਿਚ ਸ਼ਾਮਲ ਹੋਏ ਸਨ। ਦਲ ਬਦਲ ਦੇ ਰੌਚਕ ਕਿੱਸਿਆਂ ਦਾ ਵਰਣਨ ਕਰਨਾ ਬਹੁਤ ਹੀ ਜ਼ਰੂਰੀ ਹੈ। ਮਹਾਂਰਾਸ਼ਟਰ ਵਿਚ 7 ਮਾਰਚ 1978 ਨੂੰ ਬਸੰਤ ਦਾਦਾ ਪਾਟਿਲ ਦੀ ਅਗਵਾਈ 'ਚ ਸਰਕਾਰ ਸੱਤਾ ਵਿਚ ਆਈ। 18 ਜੁਲਾਈ 1978 ਨੂੰ ਸ਼ਰਦ ਪਵਾਰ (ਦੇਸ਼ ਦੇ ਪ੍ਰਸਿੱਧ ਸਿਆਸੀ ਨੇਤਾ) ਦੁਪਿਹਰ ਵੇਲੇ ਵਿਧਾਨ ਸਭਾ 'ਚ ਪਾਟਿਲ ਸਰਕਾਰ ਦੇ ਹੱਕ 'ਚ ਕਸੀਦੇ ਪੜ੍ਹਦੇ ਨਜ਼ਰ ਆਏ, ਪਰੰਤੂ ਸ਼ਾਮ ਹੁੰਦਿਆਂ ਹੀ ਉਹ ਰਾਜ ਭਵਨ ਪੁੱਜੇ ਅਤੇ ਉਥੇ ਜਾ ਕੇ ਬਗ਼ਾਵਤ ਦੀ ਚਿੱਠੀ ਗਵਰਨਰ ਨੂੰ ਪੇਸ਼ ਕੀਤੀ ਅਤੇ ਫਿਰ ਖੁਦ ਮੁੱਖ ਮੰਤਰੀ ਬਣ ਗਏ।

ਹਰਿਆਣਾ ਵਿਚ ਭਜਨ ਲਾਲ ਨੇ ਸਿਆਸਤ ਕਾਂਗਰਸੀ ਵਜੋਂ ਸ਼ੁਰੂ ਕੀਤੀ, ਪ੍ਰੰਤੂ 1977 ਵਿਚ ਜਨਤਾ ਪਾਰਟੀ 'ਚ ਸ਼ਾਮਲ ਹੋ ਗਏ। ਹਰਿਆਣਾ ਦੀ ਦੇਵੀ ਲਾਲ ਸਰਕਾਰ ਵਿਚ ਉਹ ਮੰਤਰੀਬਣ ਗਏ। ਸਾਲ 1980 ਵਿਚ ਇੰਦਰਾ ਗਾਂਧੀ ਦੀ ਕੇਂਦਰ 'ਚ ਸੱਤਾ ਵਾਪਸੀ ਸਮੇਂ ਉਹ ਪੂਰੇ ਮੰਤਰੀ ਮੰਡਲ ਸਮੇਤ ਕਾਂਗਰਸ ਵਿਚ ਸ਼ਾਮਲ ਹੋ ਗਏ। (ਕੀ ਇਹ ਹਿਰਦੇ ਪਰਿਵਰਤਨ ਸੀ ਜਾਂ ਗੱਦੀ ਦੀ ਭੁੱਖ?) ਦਲ ਬਦਲ ਕਰਨ ਵਾਲਿਆਂ ਲਈ

**ਕਾਂਗਰਸ ਵਾਪਸੀ ਤੋਂ ਬਾਅਦ ਮੌਕੇ ਦੇ ਪ੍ਰਭਾਵਸ਼ਾਲੀ ਨੇਤਾ ਰਾਓ ਬਰੇਂਦਰ ਸਿੰਘ ਨੇ ਉਨ੍ਹਾਂ ਨੂੰ ਪ੍ਰੈੱਸ ਕਾਨਫਰੰਸ 'ਚ ਪੇਸ਼ ਕੀਤਾ ਤੇ ਕਿਹਾ "ਗਿਆ ਰਾਮ ਹੁਣ ਆਇਆ ਰਾਮ ਹੈ" ਇਸ ਤੋਂ ਬਾਅਦ ਭਾਰਤੀ ਸਿਆਸਤ ਵਿਚ ਦਲ ਬਦਲੂਆਂ ਦੇ ਲਈ "ਆਇਆ ਰਾਮ ਗਿਆ ਰਾਮ" ਦਾ ਮੁਹਾਵਰਾ ਬਣ ਗਿਆ।**



ਅਕਸਰ "ਆਇਆ ਰਾਮ, ਗਿਆ ਰਾਮ" ਸ਼ਬਦਾਵਲੀ ਦੀ ਵਰਤੋਂ ਕੀਤੀ ਜਾਂਦੀ ਹੈ। ਅਸਲ 'ਚ "ਗਿਆ ਰਾਮ" ਹਰਿਆਣਾ ਦੇ ਹਸਨਪੁਰ ਵਿਧਾਨ ਸਭਾ ਖੇਤਰ (ਹੁਣ ਹੋਡਲ) ਵਿਚ ਐਮ.ਐਲ.ਏ. ਸਨ, ਉਨ੍ਹਾਂ ਦੇ ਚੋਣ ਜਿੱਤਣ ਤੋਂ ਬਾਅਦ 15 ਦਿਨਾਂ 'ਚ ਚਾਰ ਵੇਰ ਆਪਣਾ ਦਲ ਬਦਲਿਆ। 1967 ਵਿਚ ਪਹਿਲੀ ਵੇਰ ਹਰਿਆਣਾ ਵਿਧਾਨ ਸਭਾ ਚੋਣਾਂ ਹੋਈਆਂ। ਇਸ ਵਿਚ 16 ਆਜ਼ਾਦ ਐਮ.ਐਲ.ਏ. ਚੁਣੇ ਗਏ, ਇਨ੍ਹਾਂ ਵਿਚ ਗਿਆ ਰਾਮ ਇੱਕ ਸੀ। ਉਹ ਕਾਂਗਰਸ ਤੋਂ ਟਿਕਟ ਨਾ ਮਿਲਣ ਕਾਰਨ ਬਾਗੀ ਹੋ ਗਿਆ ਸੀ। ਪਰ ਫਿਰ ਚੋਣ ਜਿੱਤ ਕੇ ਕਾਂਗਰਸ 'ਚ ਸ਼ਾਮਲ ਹੋ ਗਿਆ। ਜਦ ਕਾਂਗਰਸ ਨੇ 48 ਸੀਟਾਂ ਲੈ ਕੇ ਵਜ਼ਾਰਤ ਬਣਾਈ ਤਾਂ ਇਹ 10 ਦਿਨਾਂ ਬਾਅਦ ਹੀ ਡਿੱਗ ਪਈ। ਗਿਆ ਰਾਮ ਨੇ 12 ਵਿਧਾਇਕਾਂ ਨਾਲ ਰਲ ਕੇ ਪਾਰਟੀ ਛੱਡ ਦਿੱਤੀ ਅਤੇ ਯੂਨਾਈਟਡ ਫਰੰਟ 'ਚ ਸ਼ਾਮਲ ਹੋ ਗਏ। ਫਿਰ ਕੁਝ ਘੰਟਿਆਂ 'ਚ ਹੀ ਗਿਆ ਰਾਮ ਦਾ ਮਨ ਬਦਲ ਗਿਆ ਤੇ ਉਹ ਕਾਂਗਰਸ ਵਿਚ ਆ ਗਏ। ਪਰ ਕਾਂਗਰਸ ਵਿਚ ਉਹ ਸਿਰਫ਼ 9 ਘੰਟੇ ਟਿਕੇ ਅਤੇ ਕਾਂਗਰਸ ਛੱਡ ਕੇ ਮੁੜ ਯੂਨਾਈਟਡ ਫਰੰਟ 'ਚ ਚਲੇ ਗਏ। ਕਮਾਲ ਦੀ ਗੱਲ ਤਾਂ ਇਹ ਕਿ ਉਨ੍ਹਾਂ ਨੇ ਇੱਕ ਦਿਨ ਵਿਚ ਤਿੰਨ ਵੇਰ ਦਲ ਬਦਲਣ ਦਾ ਤਮਾਸ਼ਾ ਕੀਤਾ। ਕੁਝ ਦਿਨਾਂ ਬਾਅਦ ਫਿਰ ਉਹ ਕਾਂਗਰਸ ਵਿਚ ਸ਼ਾਮਲ ਹੋ ਗਏ। ਕਾਂਗਰਸ ਵਾਪਸੀ ਤੋਂ ਬਾਅਦ ਮੌਕੇ ਦੇ ਪ੍ਰਭਾਵਸ਼ਾਲੀ ਨੇਤਾ ਰਾਓ ਬਰੇਂਦਰ ਸਿੰਘ ਨੇ ਉਨ੍ਹਾਂ ਨੂੰ ਪ੍ਰੈੱਸ ਕਾਨਫਰੰਸ 'ਚ ਪੇਸ਼ ਕੀਤਾ ਤੇ ਕਿਹਾ "ਗਿਆ ਰਾਮ ਹੁਣ ਆਇਆ ਰਾਮ ਹੈ" ਇਸ ਤੋਂ ਬਾਅਦ ਭਾਰਤੀ ਸਿਆਸਤ ਵਿਚ ਦਲ ਬਦਲੂਆਂ ਦੇ ਲਈ "ਆਇਆ ਰਾਮ ਗਿਆ ਰਾਮ" ਦਾ ਮੁਹਾਵਰਾ ਬਣ ਗਿਆ। ਸਾਲ 2014 ਤੋਂ ਹੁਣ ਤੱਕ ਕਾਂਗਰਸ ਦੇ 50 ਤੋਂ ਵੀ ਜ਼ਿਆਦਾ ਪ੍ਰਭਾਵਸ਼ਾਲੀ ਨੇਤਾ ਜਿਨ੍ਹਾਂ ਵਿਚ 15 ਮੁੱਖ ਮੰਤਰੀ, ਇੰਨੇ ਹੀ ਕੇਂਦਰੀ ਮੰਤਰੀ ਅਤੇ ਆਲ ਇੰਡੀਆ ਕਾਂਗਰਸ ਕਮੇਟੀ ਦੇ ਮੈਂਬਰ ਜਾਂ ਅਹੁਦੇਦਾਰ, ਜਾਂ ਤਾਂ ਕਿਸੇ ਹੋਰ ਪਾਰਟੀ ਵਿਚ ਜਾ ਚੁੱਕੇ ਹਨ ਜਾਂ ਨਵੀਂ ਪਾਰਟੀ ਬਣਾ ਚੁੱਕੇ ਹਨ। ਇਨ੍ਹਾਂ ਵਿਚ ਐਸ.ਐਮ. ਕ੍ਰਿਸ਼ਨਨ, ਗੁਲਾਮ ਨਬੀ ਆਜ਼ਾਦ, ਕੈਪਟਨ ਅਮਰਿੰਦਰ ਸਿੰਘ, ਨਰਾਇਣ ਦੱਤ ਤਿਵਾੜੀ (ਸਵ:) ਅਸ਼ੋਕ ਚੌਹਾਨ, ਪੇਮਾ ਖਾਡੂੰ, ਕਿਰਣ ਰੈਡੀ, ਵਿਜੈ ਬਹੁਗੁਣਾ, ਦਿਗੰਬਰ ਕਾਮਤ, ਰਵੀ ਨਾਇਕ, ਨਰਾਇਣ ਰਾਏ, ਮੁਕੁਲ ਸੰਗਮਾ ਸ਼ਾਮਲ ਹਨ। ਇਨ੍ਹਾਂ ਵਿਚੋਂ ਗੁਲਾਮ ਨਬੀ ਆਜ਼ਾਦ ਨੇ ਕਾਂਗਰਸ ਤੋਂ ਅਸਤੀਫ਼ਾ ਦਿੱਤਾ ਅਤੇ ਫਿਰ ਨਵੀਂ ਪਾਰਟੀ "ਡੈਮੋਕਰੇਟਿਕ ਪ੍ਰੋਗਰੈਸਿਵ ਆਜ਼ਾਦ ਪਾਰਟੀ" ਦਾ ਗਠਨ ਕੀਤਾ।

ਪੰਜਾਬ ਵਿਚ ਕੈਪਟਨ ਅਮਰਿੰਦਰ ਸਿੰਘ ਦਾ ਪੂਰਾ ਪਰਿਵਾਰ, ਪਿਛਲੇ ਸੌ ਸਾਲ ਤੋਂ ਕਾਂਗਰਸ ਨਾਲ ਜੁੜਿਆ ਕਾਂਗਰਸੀ ਨੇਤਾ ਗੁਰਬੰਤਾ ਸਿੰਘ ਦਾ ਚੌਧਰੀ ਪਰਿਵਾਰ, ਧੁਰੰਤਰ ਕਾਂਗਰਸੀ ਨੇਤਾ ਬਲਰਾਮ ਜਾਖੜ ਦਾ ਪੁੱਤਰ ਸੁਨੀਲ ਜਾਖੜ, (ਜੋ ਸੂਬਾ ਕਾਂਗਰਸ ਦਾ ਪ੍ਰਧਾਨ ਰਿਹਾ) ਅਨੇਕਾਂ ਮੈਂਬਰ ਪਾਰਲੀਮੈਂਟ ਸਮੇਤ ਪੰਜਾਬ ਦੇ ਧੱਕੜ ਕਾਂਗਰਸੀ ਨੇਤਾ ਬੇਅੰਤ ਸਿੰਘ ਤਤਕਾਲੀਮੁੱਖ ਮੰਤਰੀ ਦਾ ਪੋਤਾ ਰਵਨੀਤ ਬਿੱਟੂ ਵੀ ਇਸ ਲਿਸਟ ਵਿਚ ਸ਼ਾਮਲ ਹਨ। ਦੇਸ਼ ਦੇ ਹੋਰ ਸੂਬਿਆਂ ਨਾਲੋਂ ਵੱਧ ਹਰਿਆਣਾ ਦਲ ਬਦਲੂਆਂ ਦਾ ਕੇਂਦਰ ਰਿਹਾ ਹੈ। ਸਾਲ 1967 ਤੋਂ 1983 ਦੇ ਵਿਚਕਾਰ ਸੂਬੇ ਵਿਚ 2700 ਤੋਂ ਵੀ ਜ਼ਿਆਦਾ ਵੇਰ ਦਲ ਬਦਲ ਹੋਇਆ। ਅਨੇਕਾਂ ਦਲ ਬਦਲੂ ਮੁੱਖ ਮੰਤਰੀ ਦੀ ਕੁਰਸੀ ਤੱਕ ਪਹੁੰਚੇ। ਹਰਿਆਣਾ ਵਿਚ ਇੰਨੇ ਵੱਡੇ ਪੈਮਾਨੇ 'ਤੇ ਦਲ ਬਦਲੀ ਨੇ ਇਸ ਸਬੰਧੀ ਕਿਸੇ ਕਾਨੂੰਨ ਦੀ ਲੋੜ ਮਹਿਸੂਸ ਕੀਤੀ ਅਤੇ ਅਖ਼ੀਰ ਕਾਫ਼ੀ ਕੋਸ਼ਿਸ਼ਾਂ ਬਾਅਦ ਸਾਲ 1985 ਵਿਚ 52ਵੀਂ ਸੰਵੀਧਾਨਕ ਸੋਧ ਨਾਲ ਦਲ ਬਦਲੀ ਕਾਨੂੰਨ ਲਾਗੂ ਹੋ ਗਿਆ।ਉਸ ਵੇਲੇ ਦੇਸ਼ ਦੇ ਪ੍ਰਧਾਨ ਮੰਤਰੀ ਰਾਜੀਵ ਗਾਂਧੀ (ਸਪੁੱਤਰ ਇੰਦਰਾ ਗਾਂਧੀ) ਸਨ, ਜੋ 400 ਪਾਰਲੀਮੈਂਟ ਸੀਟਾਂ ਜਿੱਤ ਗਏ। ਇਸ ਗੱਲ ਦਾ ਖ਼ਦਸ਼ਾ ਪਾਲੀ ਬੈਠੇ ਸਨ ਕਿ ਉਨ੍ਹਾਂ ਦੀ ਪਾਰਟੀ 'ਚ ਭੰਨ-ਤੋੜ ਨਾ ਹੋ ਜਾਏ। ਇਸੇ ਕਰਕੇ ਉਨ੍ਹਾਂ ਨੇ ਦਲ ਬਦਲ ਰੋਕੂ ਕਾਨੂੰਨ ਬਣਾਉਣ ਲਈ ਤੇਜ਼ੀ ਵਰਤੀ। 1985 ਦੇ ਇਸ ਕਾਨੂੰਨ ਵਿਚ ਪ੍ਰਾਵਾਧਾਨ ਕੀਤਾ ਗਿਆ ਕਿ ਜੇਕਰ ਕੋਈ ਐਮ.ਐਲ.ਏ., ਐਮ.ਪੀ., ਆਪਣੀ ਪਾਰਟੀ ਛੱਡ ਕੇ ਕਿਸੇ ਹੋਰ ਪਾਰਟੀ 'ਚ ਸ਼ਾਮਲ ਹੁੰਦਾ ਹੈ ਤਾਂ ਉਸਦੀ ਸਦਨ ਵਿਚ ਮੈਂਬਰੀ ਖ਼ਤਮ ਹੋ ਜਾਏਗੀ। ਪਰ ਜੇਕਰ ਉਸ ਪਾਰਟੀ ਦੇ ਇੱਕ ਤਿਹਾਈ ਮੈਂਬਰ ਵੱਖਰਾ ਗੁੱਟ ਬਣਾ ਕੇ ਪਾਰਟੀ ਛੱਡਦੇ ਹਨ ਤਾਂ ਇਹ ਕਾਨੂੰਨ ਲਾਗੂ ਨਹੀਂ ਹੋਏਗਾ। ਸਾਲ 2003 ਵਿਚ ਇਸ ਕਾਨੂੰਨ 'ਚ ਸੋਧ ਕਰ ਦਿੱਤੀ ਗਈ, ਜਿਸ ਅਨੁਸਾਰ ਇਹ ਗਿਣਤੀ ਦੋ ਤਿਹਾਈ ਕਰ ਦਿੱਤੀ ਗਈ। ਜਿਸ ਨਾਲ ਇਸ ਕਾਨੂੰਨ ਦੀ ਪ੍ਰਸੰਗਕਿਤਾ ਬਹੁਤ ਘਟ ਗਈ ਹੈ। ਹੁਣ ਨੇਤਾ, ਸਦਨ ਵਿਚੋਂ ਆਪਣੀ ਮੈਂਬਰੀ ਤੋਂ ਅਸਤੀਫ਼ਾ ਦੇ ਦਿੰਦੇ ਹਨ, ਦੂਜੀ ਪਾਰਟੀ ਵਿਚ ਨਹੀਂ ਜਾਂਦੇ, ਸਗੋਂ ਸਾਂਝੇ ਤੌਰ 'ਤੇ ਅਸਤੀਫ਼ਾ ਦੇ ਕੇ ਉਸ ਪਾਰਟੀ ਦਾ ਸਦਨ ਵਿਚੋਂ ਬਹੁਮਤ ਖ਼ਤਮ ਕਰ ਦਿੰਦੇ ਹਨ। ਸਾਲ 2018 'ਚ ਮੱਧ ਪ੍ਰਦੇਸ਼ ਵਿਚ ਵੀ ਇੰਜ ਹੀ ਵਾਪਰਿਆ। 2018 ਵਿਚ ਮੱਧ ਪ੍ਰਦੇਸ਼ 'ਚ ਕਮਲ ਨਾਥ ਨੇ 114 ਸੀਟਾਂ ਜਿੱਤ ਕੇ ਸਰਕਾਰ ਬਣਾਈ। ਭਾਜਪਾ ਨੂੰ 109 ਸੀਟਾਂ ਮਿਲੀਆਂ। ਕਾਂਗਰਸ ਦੇ 22 ਵਿਧਾਇਕਾਂ ਨੇ ਅਸਤੀਫ਼ਾ ਦੇ ਦਿੱਤਾ। ਕਾਂਗਰਸ ਵਜ਼ਾਰਤ ਘੱਟ ਗਿਣਤੀ 'ਚ ਰਹਿ ਗਈ।

ਭਾਜਪਾ ਦੀਆਂ ਸੀਟਾਂ ਕਾਂਗਰਸ ਨਾਲੋਂ ਵਧ ਗਈਆਂ। ਭਾਜਪਾ ਦੇ ਸ਼ਿਵਰਾਜ ਸਿੰਘ ਚੌਹਾਨ ਨੂੰ ਸਰਕਾਰ ਬਣਾਉਣ ਦਾ ਮੌਕਾ ਮਿਲ ਗਿਆ। ਫਿਰ ਅਸਤੀਫਾ ਦੇ ਚੁੱਕੇ 22 ਕਾਂਗਰਸੀ ਵਿਧਾਇਕਾਂ ਨੇ ਭਾਜਪਾ ਵਲੋਂ ਚੋਣ ਲੜੀ ਤੇ ਮੁੜ ਭਾਜਪਾ ਦੇ ਵਿਧਾਇਕ ਵਜੋਂ ਜਿੱਤ ਕੇ ਸਦਨ 'ਚ ਆ ਗਏ। ਇਸੇ ਸਾਲ ਕਰਨਾਟਕ 'ਚ 224 ਮੈਂਬਰੀ ਸਦਨ ਵਿਚੋਂ ਕਾਂਗਰਸ 80, ਜਨਤਾ ਦਲ (ਸ) 37 ਅਤੇ ਭਾਜਪਾ ਨੇ 104 ਸੀਟਾਂ ਜਿੱਤੀਆਂ। ਕਾਂਗਰਸ ਤੇ ਜਨਤਾ ਦਲ (ਸ) ਦੇ ਗੱਠਜੋੜ ਨੇ ਸਰਕਾਰ ਬਣਾਈ। ਕੁਝ ਮਹੀਨਿਆਂ ਬਾਅਦ ਕਾਂਗਰਸ ਦੇ 13 ਅਤੇ ਜਨਤਾ ਦਲ ਦੇ 4 ਵਿਧਾਇਕ ਅਸਤੀਫ਼ਾ ਦੇ ਗਏ, ਵਜ਼ਾਰਤ ਟੁੱਟ ਗਈ। ਭਾਜਪਾ ਨੇ ਮੁੜ ਕੁਝ ਆਜ਼ਾਦ ਮੈਂਬਰਾਂ ਦੀ ਸਹਾਇਤਾ ਨਾਲ ਵਜ਼ਾਰਤ ਬਣਾ ਲਈ। ਇਹ ਦਲ ਬਦਲੀ ਵਿਰੋਧੀ ਕਾਨੂੰਨ ਦੀ ਦੁਰਵਰਤੋਂ ਦੀਆਂ ਉਦਾਹਰਨਾਂ ਹਨ। ਦਲ ਬਦਲੀ ਵਿਰੋਧੀ ਕਾਨੂੰਨ ਤਾਂ ਇਸ ਕਰਕੇ ਲਿਆਂਦਾ ਗਿਆ ਸੀ ਕਿ ਭਾਰਤੀ ਲੋਕਤੰਤਰ ਮਜ਼ਬੂਤ ਹੋਵੇ ਤੇ ਕੁਝ ਸਵਾਰਥੀ ਲੋਕ ਲੋਕਤੰਤਰ ਦਾ ਮਜ਼ਾਕ ਨਾ ਬਣਾ ਦੇਣ ਜਿਵੇਂ ਕਿ ਹਕੂਮਤ ਪ੍ਰਾਪਤੀ ਲਈ ਇਸ ਸਮੇਂ ਵੀ ਹੋ ਰਿਹਾ ਹੈ।



# ਰਾਂਚੀ ’ਚ ਭਾਜਪਾ ਖਿਲਾਫ ਵਰ੍ਹੀ ਵਿਰੋਧੀ ਧਿਰ






ਰਾਂਚੀ, (ਸ਼.ਪ.)–‘ਇੰਡੀਆ’ ਗੱਠਜੋੜ ਨੇ ਇਥੇ ‘ਨਿਆਂ ਰੈਲੀ’ ਰਾਹੀਂ ਤਾਕਤ ਅਤੇ ਏਕਤਾ ਦਾ ਪ੍ਰਦਰਸ਼ਨ ਕਰਕੇ ਲੋਕ ਸਭਾ ਚੋਣਾਂ ਨੂੰ ਸੰਵਿਧਾਨ ਅਤੇ ਲੋਕਤੰਤਰ ਬਚਾਉਣ ਦੀ ਜੰਗ ਕਰਾਰ ਦਿੱਤਾ। ਗੱਠਜੋੜ ਦੇ ਆਗੂਆਂ ਨੇ ਕੇਂਦਰ ਦੀ ਅਗਵਾਈ ਹੇਠਲੀ ਸਰਕਾਰ ਨੂੰ ਸੱਤਾ ਤੋਂ ਲਾਂਭੇ ਕਰਨ ਦਾ ਮੁੜ ਹੋਕਾ ਦਿੱਤਾ। ਇਥੇ ਪ੍ਰਭਾਤ ਤਾਰਾ ਮੈਦਾਨ ’ਚ ਕੀਤੀ ਗਈ ਰੈਲੀ ਦੌਰਾਨ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅਤੇ ਝਾਰਖੰਡ ਦੇ ਸਾਬਕਾ ਮੁੱਖ ਮੰਤਰੀ ਹੇਮੰਤ ਸੋਰੇਨ ਦੀ ਗ੍ਰਿਫਤਾਰੀ ਲਈ ਭਾਜਪਾ ’ਤੇ ਵਰ੍ਹਦਿਆਂ ਆਗੂਆਂ ਨੇ ਕਿਹਾ ਕਿ ਇਸ ਸਾਜਸ਼ਿ ਦਾ ਲੋਕ ਵੋਟਾਂ ਰਾਹੀਂ ਜਵਾਬ ਦੇਣਗੇ। ਇਸ ਮੌਕੇ ਸਟੇਜ ’ਤੇ ਦੋ ਦੋਵੇਂ ਮੁੱਖ ਮੰਤਰੀਆਂ ਦੇ ਨਾਮ ਵਾਲੀਆਂ ਦੋ ਖਾਲੀ ਕੁਰਸੀਆਂ ਵੀ ਰੱਖੀਆਂ ਗਈਆਂ ਸਨ। ਬਿਮਾਰ ਹੋਣ ਕਾਰਨ ਕਾਂਗਰਸ ਆਗੂ ਰਾਹੁਲ ਗਾਂਧੀ ਰੈਲੀ ’ਚ ਸ਼ਮੂਲੀਅਤ ਨਾ ਕਰ ਸਕੇ। ਝਾਰਖੰਡ ਮੁਕਤੀ ਮੋਰਚਾ ਦੇ ਮੁਖੀ ਸ਼ਿਬੂ ਸੋਰੇਨ ਦੀ ਅਗਵਾਈ ਹੇਠ ਹੋਈ ਰੈਲੀ ਨੂੰ ਸੰਬੋਧਨ ਕਰਦਿਆ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਕਿਹਾ,“ਹੇਮੰਤ ਸੋਰੇਨ ਹੌਸਲਾ ਛੱਡਣ ਵਾਲੇ ਨਹੀਂ ਹਨ। ਉਹ ਜੇਲ੍ਹ ਤੋਂ ਨਹੀਂ ਡਰਦੇ ਹਨ। ਜੇਕਰ ਦੋ ਮੁੱਖ ਮੰਤਰੀਆਂ ਨੂੰ ਜੇਲ੍ਹ ’ਚ ਡੱਕ ਦਿੱਤਾ ਗਿਆ ਹੈ ਤਾਂ ਅਸੀਂ ਖਤਮ ਨਹੀਂ ਹੋਣ ਵਾਲੇ ਹਾਂ। ਸਾਡੇ ’ਤੇ ਦਬਾਅ ਨਹੀਂ ਪਾਇਆ ਜਾ ਸਕਦਾ ਹੈ। ਅਸੀਂ ਅੱਗੇ ਵਧਦੇ ਅਤੇ ਤਰੱਕੀ ਕਰਦੇ ਰਹਾਂਗੇ।” ਭਾਜਪਾ ਦੀ ਆਲੋਚਨਾ ਕਰਦਿਆਂ ਉਨ੍ਹਾਂ ਕਿਹਾ ਕਿ ਹਾਕਮਾਂ ਨੇ ਇਕ ਆਦਿਵਾਸੀ ਮਹਿਲਾ ਨੂੰ ਸਿਰਫ ਵੋਟਾਂ ਖਾਤਰ ਦੇਸ਼ ਦਾ ਰਾਸ਼ਟਰਪਤੀ ਬਣਾਇਆ ਹੈ। ‘ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੌਕਰੀਆਂ ਦੇਣ, ਕਾਲਾ ਧਨ ਵਾਪਸ ਲਿਆਉਣ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਹੋਰ ਵਾਅਦਿਆਂ ਬਾਰੇ ਸਿਰਫ ਝੂਠ ਹੀ ਬੋਲਿਆ ਹੈ।’ ਉਨ੍ਹਾਂ ਇਹ ਵੀ ਦਾਅਵਾ ਕੀਤਾ ਕਿ ਭਾਜਪਾ ਨੂੰ 150 ਤੋਂ ਵੱਧ ਸੀਟਾਂ ਨਹੀਂ ਮਿਲਣਗੀਆਂ। ਖੜਗੇ ਨੇ ਕਿਹਾ ਕਿ ‘ਇੰਡੀਆ’ ਗੱਠਜੋੜ ਦੀ ‘ਸ਼ਕਤੀ’ ਇੰਨੀ ਮਜਬੂਤ ਹੈ ਕਿ ਭਾਜਪਾ ਉਨ੍ਹਾਂ ਦੀ ‘ਸ਼ਕਤੀ’ ਨੂੰ ਨਹੀਂ ਤੋੜ ਸਕਦੀ ਹੈ। ‘ਉਹ 500, 400 ਸੀਟਾਂ ਜਿੱਤਣ ਬਾਰੇ ਗੱਲ ਕਰਦੇ ਹਨ ਪਰ ਇਸ ਵਾਰ ਗੱਠਜੋੜ ਦੀ ‘ਸ਼ਕਤੀ’ ਇੰਨੀ ਮਜਬੂਤ ਹੈ ਕਿ ਮੋਦੀ ਹੋਵੇ ਜਾਂ ਕੋਈ ਹੋਰ ਭਾਜਪਾ ਸਾਡੀ ਸ਼ਕਤੀ ਨੂੰ ਨਹੀਂ ਤੋੜ ਸਕਦੇ ਹਨ। ਉਹ ਸਾਨੂੰ ਡਰਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਹੇਮੰਤ ਸੋਰੇਨ ਨੂੰ ਇੰਡੀਆ ਗੱਠਜੋੜ ਨਾਲੋਂ ਨਾਤਾ ਨਾ ਤੋੜਨ ਕਰਕੇ ਜੇਲ੍ਹ ਭੇਜਿਆ ਗਿਆ ਹੈ।’ ‘ਆਪ’ ਆਗੂ ਸੰਜੈ ਸਿੰਘ ਨੇ ਭਾਜਪਾ ’ਤੇ ਹਮਲਾ ਕਰਦਿਆਂ ਕਿਹਾ ਕਿ ਜਦੋਂ ਉਹ ਭ੍ਰਿਸ਼ਟਾਚਾਰ ਬਾਰੇ ਗੱਲ ਕਰਦੀ ਹੈ ਤਾਂ ਇੰਜ ਜਾਪਦਾ ਹੈ ਕਿ ‘ਓਸਾਮਾ ਬਿਨ ਲਾਦੇਨ ਅਤੇ ਗੱਬਰ ਸਿੰਘ ਅਹਿੰਸਾ ਬਾਰੇ ਬੋਲ ਰਹੇ ਹਨ।’ ਪ੍ਰਧਾਨ ਮੰਤਰੀ ਨਰਿੰਦਰ ਮੋਦੀ ’ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਮੋਦੀ ਵਾਸ਼ਿੰਗ ਪਾਊਡਰ ਸਾਰੇ ਭ੍ਰਿਸ਼ਟਾਚਾਰ ਨੂੰ ਸਾਫ ਕਰ ਦਿੰਦਾ ਹੈ। ‘ਨਰਿੰਦਰ ਮੋਦੀ ਭ੍ਰਿਸ਼ਟਾਚਾਰ ਖਲਿਾਫ ਬੋਲਦੇ ਹਨ। ਉਹ ਹੇਮੰਤ ਸੋਰੇਨ ਅਤੇ ਅਰਵਿੰਦ ਕੇਜਰੀਵਾਲ ਨੂੰ ਝੂਠੇ ਦੋਸ਼ਾਂ ਹੇਠ ਜੇਲ੍ਹ ’ਚ ਡੱਕਦੇ ਹਨ।

ਉਹ ਅਤੇ ਭਾਜਪਾ ਜਦੋਂ ਭ੍ਰਿਸ਼ਟਾਚਾਰ ਬਾਰੇ ਬੋਲਦੀ ਹੈ ਤਾਂ ਇੰਜ ਜਾਪਦਾ ਹੈ ਜਿਵੇਂ ਓਸਾਮਾ ਬਿਨ ਲਾਦੇਨ ਅਤੇ ਗੱਬਰ ਸਿੰਘ ਅਹਿੰਸਾ ਦਾ ਸਬਕ ਸਿਖਾ ਰਹੇ ਹਨ। ਮੋਦੀ ਵਾਸ਼ਿੰਗ ਪਾਊਡਰ ਆ ਗਿਆ ਹੈ ਜੋ ਤੁਹਾਡੇ ਸਾਰੇ ਭ੍ਰਿਸ਼ਟਾਚਾਰ ਨੂੰ ਸਾਫ ਕਰ ਦਿੰਦਾ ਹੈ। ਉਨ੍ਹਾਂ ਦਾ ਨਾਅਰਾ–ਜੋ ਜਿੰਨਾ ਵੱਡਾ ਭ੍ਰਿਸ਼ਟਾਚਾਰੀ, ਉਹ ਓਨਾ ਵੱਡਾ ਪਦਅਧਿਕਾਰੀ।’ ਰਾਜ ਸਭਾ ਮੈਂਬਰ ਨੇ ਕਿਹਾ ਕਿ ਦੋ ਵੀਰ ਨਾਰੀਆਂ ਕਲਪਨਾ ਸੋਰੇਨ ਅਤੇ ਸੁਨੀਤਾ ਕੇਜਰੀਵਾਲ ਇਥੇ ਬੈਠੀਆਂ ਹਨ। ਜੇਕਰ ਉਹ ਆ ਸਕਦੀਆਂ ਹਨ ਤਾਂ ਸਾਨੂੰ ਸਾਰਿਆਂ ਨੂੰ ਵੀ ਖੁੱਲ੍ਹ ਕੇ ਬਾਹਰ ਆਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਥੇ ਇਕੱਤਰ ਹੋਏ ਵੱਡੀ ਗਿਣਤੀ ਲੋਕ ਮੋਦੀ ਨੂੰ ਹਰਾਉਣ ਦਾ ਸੁਨੇਹਾ ਦੇ ਰਹੇ ਹਨ ਅਤੇ ਆਦਿਵਾਸੀਆਂ ਨੇ ਤਾਂ ਬਰਤਾਨਵੀ ਹਾਕਮਾਂ ਨੂੰ ਭੱਜਣ ਲਈ ਮਜਬੂਰ ਕਰ ਦਿੱਤਾ ਸੀ। ਝਾਰਖੰਡ ਦੇ ਮੁੱਖ ਮੰਤਰੀ ਚੰਪਈ ਸੋਰੇਨ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹੇਮੰਤ ਸੋਰੇਨ ਆਦਿਵਾਸੀਆਂ, ਹਾਸ਼ੀਏ ’ਤੇ ਲੋਕਾਂ ਅਤੇ ਘੱਟ ਗਿਣਤੀਆਂ ਦੇ ਹੱਕਾਂ ਲਈ ਕੰਮ ਕਰ ਰਹੇ ਸਨ ਜਿਸ ਕਰਕੇ ਉਨ੍ਹਾਂ ਨੂੰ ਜੇਲ੍ਹ ’ਚ ਡੱਕਿਆ ਗਿਆ ਹੈ। ਉੱਤਰ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਅਖਿਲੇਸ਼ ਯਾਦਵ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਕੇਜਰੀਵਾਲ ਅਤੇ ਸੋਰੇਨ ਨਾਲ ਅਨਿਆਂ ਕੀਤਾ ਹੈ ਅਤੇ ਲੋਕ ਵੋਟਾਂ ਰਾਹੀਂ ਇਸ ਬੇਇਨਸਾਫੀ ਦਾ ਜਵਾਬ ਦੇਣਗੇ। ਰਾਸ਼ਟਰੀ ਜਨਤਾ ਦਲ ਦੇ ਆਗੂ ਤੇਜਸਵੀ ਯਾਦਵ ਨੇ ਕਿਹਾ ਕਿ ਭਾਜਪਾ ਸਰਕਾਰ ਸੋਚਦੀ ਹੈ ਕਿ ਵਿਰੋਧੀ ਧਿਰ ਜੇਲ੍ਹ ਤੋਂ ਡਰ ਗਈ ਹੈ। ‘ਉਹ ਨਹੀਂ ਜਾਣਦੇ ਹਨ ਕਿ ਅਸੀਂ ਭਗਵਾਨ ਕ੍ਰਿਸ਼ਨ ਦੇ ਪੈਰੋਕਾਰ ਹਾਂ ਜਿਨ੍ਹਾਂ ਦਾ ਜਨਮ ਜੇਲ੍ਹ ਦੀ ਕੋਠੜੀ ’ਚ ਹੀ ਹੋਇਆ ਸੀ।’ ਨੈਸ਼ਨਲ ਕਾਨਫਰੰਸ ਦੇ ਆਗੂ ਅਤੇ ਜੰਮੂ ਕਸ਼ਮੀਰ ਦੇ ਸਾਬਕਾ ਮੁੱਖ ਮੰਤਰੀ ਫਾਰੂਕ ਅਬਦੁੱਲਾ ਨੇ ਕਿਹਾ ਕਿ ਡਾਕਟਰ ਬੀ ਆਰ ਅੰਬੇਡਕਰ ਵੱਲੋਂ ਤਿਆਰ ਕੀਤਾ ਗਿਆ ਸੰਵਿਧਾਨ ਅੱਜ ਖਤਰੇ ’ਚ ਹੈ। ਰੈਲੀ ’ਚ ਸ਼ਿਵ ਸੈਨਾ (ਯੂਬੀਟੀ) ਦੀ ਪ੍ਰਿਯੰਕਾ ਚਤੁਰਵੇਦੀ ਅਤੇ ਹੋਰ ਆਗੂ ਵੀ ਹਾਜਰ ਸਨ। –ਏਐੱਨਆਈ/ਆਈਏਐੱਨਐੱਸ

### ਅਖਿਲੇਸ ਯਾਦਵ ਕੇਜਰੀਵਾਲ ਦੇ ਹੱਕ ’ਚ ਨਿਤਰੇ

ਨਵੀਂ ਦਿੱਲੀ (ਪੱਤਰ ਪ੍ਰੇਰਕ): ਦਿੱਲੀ ਦੇ ਮੁੱਖ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਵਧੀ ਸੂਗਰ ਸਬੰਧੀ ਲਾਏ ਜਾ ਰਹੇ ਦੋਸ਼ਾਂ ਦੌਰਾਨ ਸਮਾਜਵਾਦੀ ਪਾਰਟੀ ਦੇ ਆਗੂ ਅਖਿਲੇਸ ਯਾਦਵ ਵੀ ਉਨ੍ਹਾਂ ਦੇ ਹੱਕ ਵਿੱਚ ਨਿਤਰ ਆਏ ਹਨ। ਉਨ੍ਹਾਂ ‘ਐਕਸ’ ਉੱਤੇ ਲਿਖਿਆ,‘ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਚੰਗੀ ਸਿਹਤ ਦਾ ਮੌਲਿਕ ਅਧਿਕਾਰ ਹੈ। ਇਹ ਖਬਰ ਮੰਨਣਯੋਗ ਨਹੀਂ ਹੈ ਕਿ ਜੇਲ੍ਹ ਵਿੱਚ ਉਨ੍ਹਾਂ ਨੂੰ ਆਪਣੀ ਵਧਦੀ ਸੂਗਰ ਨੂੰ ਕੰਟਰੋਲ ਕਰਨ ਲਈ ਇਨਸੁਲਿਨ ਦੇਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ। ਇਸ ਖਬਰ ਦਾ ਤੁਰੰਤ ਉੱਚ ਪੱਧਰੀ ਨੋਟਿਸ ਲਿਆ ਜਾਣਾ ਚਾਹੀਦਾ ਹੈ ਅਤੇ ਇਹ ਪਤਾ ਲਾਇਆ ਜਾਣਾ ਚਾਹੀਦਾ ਹੈ ਕਿ ਇਸ ਸਾਜਸਿ ਪਿੱਛੇ ਕਿਸ ਦੀਆਂ ਹਦਾਇਤਾਂ ਹਨ।’

### ਕੇਜਰੀਵਾਲ ਨੂੰ ਜੇਲ੍ਹ ’ਚ ਮਾਰਨ ਦੀ ਕੋਸ਼ਿਸ਼: ਸੁਨੀਤਾ

‘ਆਪ’ ਕਨਵੀਨਰ ਅਰਵਿੰਦ ਕੇਜਰੀਵਾਲ ਦੀ ਪਤਨੀ ਸੁਨੀਤਾ ਕੇਜਰੀਵਾਲ ਨੇ ਆਪਣੇ ਸੰਬੋਧਨ ’ਚ ਕਿਹਾ ਕਿ ਉਨ੍ਹਾਂ ਦੇ ਪਤੀ ਨੇ ਦਿਨ–ਰਾਤ ਦਿੱਲੀ ਦੇ ਲੋਕਾਂ ਦੀ ਭਲਾਈ ਲਈ ਕੰਮ ਕੀਤਾ। ਉਨ੍ਹਾਂ ਨੂੰ ਸ਼ੂਗਰ ਦਾ ਰੋਗ ਹੋਣ ਦੇ ਬਾਵਜੂਦ ਜਾਣਬੁੱਝ ਕੇ ਜੇਲ੍ਹ ਵਿੱਚ ਰੱਖਿਆ ਗਿਆ ਹੈ। ਦੇਸ਼ ਦੀ ਜਨਤਾ ਇਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ 20 ਸਾਲ ਤੋਂ ਸ਼ੂਗਰ ਦੇ ਮਰੀਜ਼ ਹਨ। ਉਹ ਪਿਛਲੇ 12 ਸਾਲ ਤੋਂ 50 ਯੂਨਿਟ ਇਨਸੁਲਿਨ ਰੋਜ਼ਾਨਾ ਲੈਂਦੇ ਹਨ ਪਰੰਤੂ ਇਹ ਲੋਕ ਉਨ੍ਹਾਂ ਨੂੰ ਇਨਸੁਲਿਨ ਨਾ ਦੇ ਕੇ ਜੇਲ੍ਹ ਵਿੱਚ ਮਾਰਨਾ ਚਾਹੁੰਦੇ ਹਨ। ਕੇਜਰੀਵਾਲ ਦੇ ਜੇਲ੍ਹ ’ਚ ਅੰਬ ਅਤੇ ਮਠਿਆਈਆਂ ਖਾਣ ਦੇ ਈਡੀ ਦੇ ਦੋਸ਼ਾਂ ਉੱਤੇ ਸੁਨੀਤਾ ਕੇਜਰੀਵਾਲ ਨੇ ਕਿਹਾ ਕਿ ਲੋਕ ਸੱਚ ਹੀ ਕਹਿੰਦੇ ਹਨ ਕਿ ਰਾਜਨੀਤੀ ਬਹੁਤ ਗੰਦੀ ਚੀਜ਼ ਹੈ, ਤਾਂ ਹੀ ਕੈਮਰੇ ਲਗਾ ਕੇ ਕੇਜਰੀਵਾਲ ਦੀ ਇੱਕ–ਇੱਕ ਬੁਰਕੀ ਉੱਤੇ ਨਜ਼ਰ ਰੱਖੀ ਜਾ ਰਹੀ ਹੈ। ਉਨ੍ਹਾਂ ਨਾਅਰਾ ਲਾਇਆ,“ਜੇਲ੍ਹ ਕਾ ਤਾਲਾ ਟੂਟੇਗਾ, ਅਰਵਿੰਦ ਕੇਜਰੀਵਾਲ ਛੂਟੇਗਾ, ਹੇਮੰਤ ਸੋਰੇਨ ਛੂਟੇਗਾ।”

### ਸੋਰੇਨ ’ਤੇ ਆਧਾਰਹੀਣ ਦੋਸ਼ ਲਗਾ ਕੇ ਜੇਲ੍ਹ ਭੇਜਿਆ: ਕਲਪਨਾ

ਰੈਲੀ ’ਚ ਮੌਜੂਦ ਹੇਮੰਤ ਸੋਰੇਨ ਦੀ ਪਤਨੀ ਕਲਪਨਾ ਨੇ ਪਤੀ ਦਾ ਸੁਨੇਹਾ ਪੜ੍ਹ ਕੇ ਸੁਣਾਇਆ। ਉਨ੍ਹਾਂ ਕਿਹਾ ਕਿ ਪਤੀ ਨੂੰ ਆਧਾਰਹੀਣ ਦੋਸ਼ ਲਗਾ ਕੇ ਜੇਲ੍ਹ ਭੇਜਿਆ ਗਿਆ ਹੈ। ਆਜਾਦੀ ਤੋਂ ਬਾਅਦ ਇਹ ਪਹਿਲੀ ਵਾਰ ਹੋਇਆ ਹੈ ਕਿ ਚੋਣਾਂ ਤੋਂ ਐਨ ਪਹਿਲਾਂ ਵਿਰੋਧੀ ਧਿਰਾਂ ਦੇ ਮੁੱਖ ਮੰਤਰੀਆਂ ਨੂੰ ਜੇਲ੍ਹ ਭੇਜਿਆ ਗਿਆ ਹੈ। ਕਲਪਨਾ ਨੇ ਕਿਹਾ,“ਅਸੀਂ ਜੇਲ੍ਹਾਂ ਤੋਂ ਨਹੀਂ ਡਰਦੇ ਹਾਂ। ਜਦੋਂ ਅਸੀਂ ਕੇਂਦਰ ਤੋਂ ਆਪਣੇ ਹੱਕ ਮੰਗਦੇ ਹਾਂ ਤਾਂ ਅਜਿਹੇ ਵਤੀਰੇ ਦਾ ਸਾਹਮਣਾ ਕਰਨਾ ਪੈਂਦਾ ਹੈ। ਆਦਿਵਾਸੀਆਂ ਦੇ ਹੱਕਾਂ ’ਤੇ ਹਮਲਾ ਕੀਤਾ ਜਾ ਰਿਹਾ ਹੈ। ਕੇਂਦਰੀ ਏਜੰਸੀਆਂ ਰਾਹੀਂ ਵਿਰੋਧੀਆਂ ਦੀ ਆਵਾਜ ਦਬਾਈ ਜਾ ਰਹੀ ਹੈ।”



### ਦੇਸ਼ ਵਿੱਚ ਕੋਈ ਮੋਦੀ ਲਹਿਰ ਨਹੀਂ: ਭਗਵੰਤ ਮਾਨ

ਰਾਂਚੀ (ਟਨਸ): ਇੰਡੀਆ ਗੱਠਜੋੜ ਦੀ ਇਥੇ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਕੋਈ ਸਿਆਸੀ ਰੈਲੀ ਜਾਂ ਤਾਕਤ ਦਾ ਪ੍ਰਦਰਸ਼ਨ ਨਹੀਂ ਹੈ। ਸੰਵਿਧਾਨ ਅਤੇ ਲੋਕਤੰਤਰ ਬਚਾਉਣ ਦਾ ਪ੍ਰਣ ਲੈਣ ਲਈ ਇਕੱਠੇ ਹੋਣ ਦਾ ਦਾਅਵਾ ਕਰਦਿਆਂ ਉਨ੍ਹਾਂ ਕਿਹਾ ਕਿ ਭਾਜਪਾ ਦੇਸ਼ ਦੇ ਲੋਕਤੰਤਰ ਨੂੰ ਤਬਾਹ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂਆਂ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਤਾਂ ਜੋ ਉਹ ਚੋਣ ਪ੍ਰਚਾਰ ਨਾ ਕਰ ਸਕਣ। ਪੰਜਾਬ ਦੇ ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਵਿੱਚ ਕੋਈ ਮੋਦੀ ਲਹਿਰ ਨਹੀਂ ਚੱਲ ਰਹੀ ਹੈ, ਜੇਕਰ ਮੋਦੀ ਲਹਿਰ ਹੁੰਦੀ ਤਾਂ ਭਾਜਪਾਈ ਕੇਜਰੀਵਾਲ ਅਤੇ ਸੋਰੇਨ ਨੂੰ ਜੇਲ੍ਹ ’ਚ ਬੰਦ ਨਾ ਕਰਦੇ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਦੀਆਂ ਚੋਣਾਂ ਮਗਰੋਂ ਆ ਰਹੀਆਂ ਰਿਪੋਰਟਾਂ ਤੋਂ ਭਾਜਪਾ ਪੂਰੀ ਤਰ੍ਹਾਂ ਘਬਰਾ ਗਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪਹਿਲੇ ਪੜਾਅ ਦੌਰਾਨ 102 ਸੀਟਾਂ ’ਤੇ ਹੋਈ ਵੋਟਿੰਗ ਵਿੱਚੋਂ ਇੰਡੀਆ ਗੱਠਜੋੜ 80 ਤੋਂ 90 ਸੀਟਾਂ ’ਤੇ ਜਿੱਤ ਪ੍ਰਾਪਤ ਕਰੇਗਾ। ਉਨ੍ਹਾਂ ਕਿਹਾ ਕਿ ਭਾਜਪਾ ਲੋਕਾਂ ਦਾ ਧਿਆਨ ਵੰਡਾਉਣ ਲਈ 400 ਪਾਰ ਦਾ ਨਾਅਰਾ ਦੇ ਰਹੀ ਹੈ, ਪਰੰਤੂ ਅੰਦਰੋਂ ਉਸ ਨੂੰ ਬੁਰੀ ਤਰ੍ਹਾਂ ਹਾਰਨ ਦਾ ਡਰ ਹੈ।

# ਸਿਹਤ ਬੀਮਾ ਪਾਲਿਸੀ ਲੈਣ ਲਈ 65 ਸਾਲ ਦੀ ਹੱਦ ਖਤਮ



ਨਵੀਂ ਦਿੱਲੀ, (ਸ਼.ਪ.)–ਬੀਮਾ ਰੈਗੂਲੇਟਰ ਆਈਆਰਡੀਏਆਈ ਨੇ ਸਿਹਤ ਬੀਮਾ ਪਾਲਿਸੀ ਖਰੀਦਣ ਵਾਲੇ ਵਿਅਕਤੀਆਂ ਲਈ 65 ਸਾਲ ਦੀ ਉਮਰ ਹੱਦ ਹਟਾ ਦਿੱਤੀ ਹੈ। ਸਿਹਤ ਬੀਮਾ ਯੋਜਨਾਵਾਂ ਖਰੀਦਣ ’ਤੇ ਵਧ ਤੋਂ ਵਧ ਉਮਰ ਹੱਦ ਖਤਮ ਕਰਕੇ ਭਾਰਤੀ ਬੀਮਾ ਰੈਗੁਲੇਟਰੀ ਅਤੇ ਵਿਕਾਸ ਅਥਾਰਿਟੀ (ਆਈਆਰਡੀਏਆਈ) ਦਾ ਮਕਸਦ ਸਿਹਤ ਸੰਭਾਲ ਪ੍ਰਣਾਲੀ ਹਰ ਵਿਅਕਤੀ ਤੱਕ ਪਹੁੰਚਾਉਣਾ ਹੈ ਤਾਂ ਜੋ ਅਚਾਨਕ ਆਉਣ ਵਾਲੇ ਮੈਡੀਕਲ ਖਰਚਿਆਂ ਖਲਿਾਫ ਲੋਕਾਂ ਨੂੰ ਤਕਲੀਫ ਨਾ ਹੋਵੇ। ਪਹਿਲਾਂ ਦੇ ਨਿਰਦੇਸ਼ਾਂ ਮੁਤਾਬਕ ਵਿਅਕਤੀਆਂ ਨੂੰ ਸਿਰਫ 65 ਸਾਲ ਦੀ ਉਮਰ ਤੱਕ ਹੀ ਨਵੀਂ ਬੀਮਾ ਪਾਲਿਸੀ ਖਰੀਦਣ ਦੀ ਇਜਾਜਤ ਸੀ। ਉਂਜ ਪਹਿਲੀ ਅਪਰੈਲ ਤੋਂ ਲਾਗੂ ਹਾਲੀਆ ਸੋਧ ਨਾਲ ਕਿਸੇ ਵੀ ਉਮਰ ਦਾ ਕੋਈ ਵੀ ਵਿਅਕਤੀ ਨਵੀਂ ਬੀਮਾ ਪਾਲਿਸੀ ਖਰੀਦਣ ਦੇ ਯੋਗ ਹੈ। ਮੌਜੂਦਾ ਗਜਟ ਨੋਟੀਫਿਕੇਸ਼ਨ ’ਚ ਅਥਾਰਿਟੀ ਨੇ ਕਿਹਾ ਕਿ ਬੀਮਾਕਰਤਾ ਇਹ ਯਕੀਨੀ ਬਣਾਉਣਗੇ ਕਿ ਉਹ ਸਾਰੇ ਉਮਰ ਵਰਗਾਂ ਦੀਆਂ ਲੋੜਾਂ ਪੂਰਾ ਕਰਨ ਲਈ ਸਿਹਤ ਬੀਮਾ ਉਤਪਾਦਾਂ ਦੀ ਪੇਸ਼ਕਸ਼ ਕਰਨ। ਇਸ ਤੋਂ ਇਲਾਵਾ ਬੀਮੇ ਵਾਲੀਆਂ ਕੰਪਨੀਆਂ ਨੂੰ ਪਹਿਲਾਂ ਤੋਂ ਕਿਸੇ ਵੀ ਤਰ੍ਹਾਂ ਦੇ ਮੈਡੀਕਲ ਹਾਲਾਤ ਵਾਲੇ ਵਿਅਕਤੀਆਂ ਨੂੰ ਸਿਹਤ ਬੀਮੇ ਪ੍ਰਦਾਨ ਕਰਨ ਦਾ ਵੀ ਹੁਕਮ ਦਿੱਤਾ ਗਿਆ ਹੈ। ਇਸ ਦੇ ਨਤੀਜੇ ਵਜੋਂ ਬੀਮਾ ਕੰਪਨੀਆਂ ਨੂੰ ਕੈਂਸਰ, ਦਿਲ ਜਾਂ ਗੁਰਦੇ ਫੇਲ੍ਹ ਹੋਣ ਅਤੇ ਏਡਜ ਜਿਹੀਆਂ ਗੰਭੀਰ ਬਿਮਾਰੀਆਂ ਵਾਲੇ ਵਿਅਕਤੀਆਂ ਨੂੰ ਪਾਲਿਸੀ ਜਾਰੀ ਕਰਨ ਤੋਂ ਇਨਕਾਰ ਕਰਨ ਤੋਂ ਰੋਕਿਆ ਗਿਆ ਹੈ। ਨੋਟੀਫਿਕੇਸ਼ਨ ਮੁਤਾਬਕ ਬੀਮਾਕਾਰਾਂ ਨੂੰ ਪਾਲਿਸੀ ਧਾਰਕਾਂ ਦੀ ਸਹੂਲਤ ਲਈ ਕਿਸਤਾਂ ’ਚ ਪ੍ਰੀਮੀਅਮ ਭੁਗਤਾਨ ਦੀ ਪੇਸ਼ਕਸ਼ ਕਰਨ ਦੀ ਇਜਾਜਤ ਹੈ।


YouTube

ਸ਼ਾਨੇ ਪੰਜਾਬ ਯੂਐਸਏ
ਯੂਟਿਊਬ ’ਤੇ ਦੇਖਣ ਲਈ ਕ੍ਰਿਪਾ ਕਰਕੇ।
shaanepunjabusa

S & J CONSTRUCTION SERVICES
SIDEWALK SHEDS BRIDGING & PIPE SCAFFOLDING.



Dashmesh Patroleum
Michigan
Specialised in Restoration
Wateproofing -Roofing -Concrete
Masonry-steel & Iron
Sidewalk Shed Briding & Pipe
Scaffolding.

SKYLINE
General Construction Corp.

Dashmesh Petroleum
Michigan - Indiana

S & J Real Estate
New York

Email: ms@nyscontracting.com
TEL: 718-501-0004

# NY1 CONSTRUCTION INC.

ਨਵੇਂ ਘਰ ਬਨਾਉਣੇ ਹਨ ਤਾਂ ਸਾਨੂੰ ਦੱਸੋ

Demolation & Foundation ਕਰਨ ਵਿਚ ਅਸੀਂ

- ਮੁਹਾਰਤ ਰੱਖਦੇ ਹਾਂ।
- ਸਾਡੀ ਕੰਪਨੀ ਫੁੱਲੀ ਇੰਸ਼ੋਰਡ ਹੈ।
- ਅਸੀਂ ਨਵੇਂ ਘਰ ਬਨਾਉਣ ਵੇਲੇ ਘਰ ਵਾਲਿਆਂ ਦੀ
- ਮਨਪਸੰਦ ਦਾ ਸਾਮਾਨ ਹੀ ਲਾਉਂਦੇ ਹਾਂ ਅਤੇ ਦਿੱਤੇ

ਨਵੇਂ ਘਰ ਬਨਾਉਣਾ ਸਾਡਾ ਪ੍ਰੋਫ਼ੈਸ਼ਨਲ ਹੈ ਅਤੇ ਇਸ ਨਾਲ ਸਬੰਧਤ ਰੱਖਦੇ ਕਿਸੇ ਵੀ ਕੰਮ ਲਈ ਕਾਲ ਕਰੋ ਜੀ।



ਸਾਡੇ ਕੋਲ ਵਧੀਆ ਕਾਰੀਗਰ ਹੁੰਦੇ ਹਨ।



ਦਿਲਬਾਗ ਸਿੰਘ ਫੋਨ ਨੰ. 917-833-3298


# ਭਾਰਤ ਨੂੰ ਐੱਸ-400 ਮਿਜ਼ਾਈਲ ਸਿਸਟਮ ਦੀਆਂ ਬਾਕੀ ਦੋ ਖੇਪਾਂ ਅਗਲੇ ਸਾਲ ਸਪਲਾਈ ਕਰੇਗਾ ਰੂਸ

ਨਵੀਂ ਦਿੱਲੀ, (ਸ਼.ਪ.)–ਰੂਸ ਵੱਲੋਂ ਨਵੀਂ ਸਮਾਂ ਸੀਮਾ ਤਹਿਤ ਭਾਰਤ ਨੂੰ ਜ਼ਮੀਨ ਤੋਂ ਹਵਾ ਵਿੱਚ ਮਾਰ ਕਰਨ ਵਾਲੇ ਐੱਸ–400 ਟਰਾਇੰਫ ਮਿਜ਼ਾਈਲ ਸਿਸਟਮ ਦੀਆਂ ਬਾਕੀ ਦੋ ਖੇਪਾਂ (ਰੈਜੀਮੈਂਟ) ਦੀ ਸਪਲਾਈ ਅਗਲੇ ਸਾਲ ਤੱਕ ਕੀਤੀ ਜਾਵੇਗੀ। ਰੂਸ 5.5 ਅਰਬ ਅਮਰੀਕੀ ਡਾਲਰ ਦੇ ਸੌਦੇ ਤਹਿਤ ਭਾਰਤ ਨੂੰ ਲੰਮੀ ਦੂਰੀ ਦੇ ਮਿਜ਼ਾਈਲ ਸਿਸਟਮ ਦੀਆਂ ਤਿੰਨ ਇਕਾਈਆਂ ਦੀ ਸਪਲਾਈ ਪਹਿਲਾਂ ਹੀ ਕਰ ਚੁੱਕਾ ਹੈ। ਸੂਤਰਾਂ ਨੇ ਕਿਹਾ ਕਿ ਉਮੀਦ ਹੈ ਕਿ ਭਾਰਤ ਨੂੰ ਰੂਸ ਵੱਲੋਂ ਬਣਾਏ ਦੋ ਜੰਗੀ ਬੇੜਿਆਂ ਵਿੱਚ ਪਹਿਲੇ ਜੰਗੀ ਬੇੜੇ 'ਤੁਸ਼ਿਲ' ਦੀ ਸਪਲਾਈ ਸਤੰਬਰ ਵਿੱਚ ਹੋਵੇਗੀ।








## BaringHomes

118-01 Atlantic Ave, Richmond Hill, NY 11418

**Comm. Building**, 40'x115', 5,400 S.F., Drive-in Parking, 20' Ceiling Height, near Lefferts & Rockaway Blvd. **Price: $2,150,000**
**3,500 S.F. Building on a 100'x100' lot** on Lefferts Blvd. **Price: $2,050,000**
**CAN BE SOLD AS A PACKAGE OR SEPARATELY.**

**3 Story Mix-Use Building + Laundromat Business**, Laundromat has 18 Washers and 20 Dryers. 2nd floor has a 3 bedroom apartment and 3rd floor has a 3 bedroom apartment. The building has a full basement. **J/Z-Train** is located at the corner of Fulton St and Van Siclen Ave. **Price: $1,200,000**

**1 Family House**, Living Rm, Dining Rm, Kit, 3 Bedrooms, Full Basement, Private Driveway, Richmond Hill, 1 Block from A-Train. **Price: $649,000**
**2 Family House** with Private Drwy, 28'x100', 1st Fl: Living Rm, EIK, 2 Bedrooms, & Full Bath, 2nd Fl: Living Rm, EIK, 2 Bedrooms, & Full Bath, Full finished basement with separate entrance. Richmond Hill, **Price: $699,000**

**2 Family new construction available in South Ozone Park.**
**Deli for sale in Ridgewood/Maspeth on Fresh Pond Road.** Call for Details
**Deli/Supermarket for sale in Woodhaven.** Call for Details



**2 Family** house with wide shared driveway. 2 parking spaces. Close to public transportation and highways. House was renovated and extended in 2006. Finished basement with seperate entrance. First floor: Living room, kitchen, full bath, 2 bedrooms. Second floor: Living room, kitchen, full bath, 2 bedroom. Third floor: 2 rooms and full bath.
**Asking $849,000**



Gurcharan S. Baring / Broker
O: 718-441-0900 M: 917-741-2499
gsbaring@gmail.com

# MEDICAL OFFICE

## 114-15, 101 Ave, Richmond Hill, Ny 11419

1. ਅਸੀਂ ਤੁਹਾਡੀ ਜ਼ੁਬਾਨ ਵਿੱਚ ਖੁੱਲ੍ਹ ਕੇ ਗੱਲ ਕਰਦੇ ਹਾਂ। 2. ਔਰਤਾਂ ਲਈ Cancer Screening Test (Pap Smear Test) 3. ਅਸੀਂ ਪੁਰਸ਼ਾਂ, ਔਰਤਾਂ ਤੇ ਬੱਚਿਆਂ ਦੀ ਹਰ Medical ਬੀਮਾਰੀ ਦਾ ਇਲਾਜ ਕਰਦੇ ਹਾਂ। 4. ਛੋਟੇ ਜ਼ਖ਼ਮਾਂ ਦੀ ਸਫ਼ਾਈ, ਛੋਟੇ Operation ਤੇ ਟਾਂਕੇ ਲਾਉਣ ਦਾ ਪ੍ਰਬੰਧ ਹੈ। 5. Eke Test, ਫੇਫੜਿਆਂ ਦੇ Test ਤੇ Blood ਲੈਣ ਦਾ ਇੰਤਜਾਮ ਹੈ।

## We are Open Now 6 Days a Week



Dr. Jagjit Singh (MD)

From:-11.00 Am. to 7.00 Pm

ਅਸੀਂ Pre-Employment Physical Exam, School and Collage Entrance Physical Exam, Taxi and Truck Driving Physical Exam ਵੀ ਕਰਦੇ ਹਾਂ।



Dr. Gurvinder Kaur (MD)

Ph: 718-641-9874

# SONU INSURANCE AGENCY INC.

SPECIALIZING IN

- AUTO
- HOME
- BUISINESS
- CONSTROCTION
- WORKER S COMPENSATION

CALL TODAY :

MOHINDER SINGH (MASTER)





113-09-101 AVE (OPPOSITE GURDWARA) RICHMOND HILL

Tell :- (718) 847-1878, Fax :- (718) 847-1878, Cell :- (646) 523-5092

# ਭਾਰਤੀ ਲੋਕਤੰਤਰ ਦੇ ਵਿਗਾੜ ਅਤੇ ਇਸ ਦਾ ਇਲਾਜ

ਸੁੱਚਾ ਸਿੰਘ ਖੱਟੜਾ
ਫੋਨ: +91-94176-52947

ਮੁੱਦੇ ਦਾ ਓ ਅ... ਲੋਕਰਾਜ ਕੇਵਲ ਵਿਚਾਰ ਨਹੀਂ ਹੈ। ਲੋਕਰਾਜ ਅਮੂਰਤ ਨਹੀਂ ਹੈ। ਲੋਕਰਾਜ ਪਦਾਰਥਕ ਹੋਂਦ, ਹੈਸੀਅਤ ਅਤੇ ਵਜੂਦ ਹੈ। ਪਾਰਲੀਮੈਂਟ ਤੋਂ ਹੇਠਾਂ ਪੰਚਾਇਤਾਂ ਤੱਕ, ਸੰਵਿਧਾਨ ਅਤੇ ਸੰਵਿਧਾਨਕ ਸੰਸਥਾਵਾਂ ਲੋਕਰਾਜ ਦੀ ਪਦਾਰਥਕ ਹੋਂਦ ਦੇ ਅੰਗ ਹਨ। ਅੱਜ ਦਾ ਲੋਕਰਾਜ ਮਾਨਵ ਸਮਾਜ ਦੇ ਇਸ ਖੇਤਰ ਵਿਚ ਮਾਨਵ ਵਿਕਾਸ ਦਾ ਇਨਕਲਾਬੀ ਪੜਾਅ ਹੈ। ਸਫ਼ਰ ਜਾਰੀ ਹੈ। ਸੰਖੇਪ ਵਿਚ ਕਬੀਲਾ ਪ੍ਰਬੰਧ ਤੋਂ ਰਾਜਾਸ਼ਾਹੀ, ਰਾਜਾਸ਼ਾਹੀ ਤੋਂ ਅੱਜ ਦੇ ਲੋਕਤੰਤਰ ਉਤੇ ਪਹੁੰਚ ਗਏ ਹਾਂ। ਸੱਭਿਅਤਾ ਦਾ ਅਗਲਾ ਪੜਾਅ ਜ਼ਰੂਰ ਆਏਗਾਕਿਉਂਕਿ ਅੱਜ ਦੇ ਇਸ ਲੋਕਤੰਤਰ ਵਿਚ 'ਸਰਕਾਰ ਵੋਟ ਦੇਣ ਵਾਲ਼ਿਆਂ ਦੀ ਨਹੀਂ, ਵੋਟ ਲੈਣ ਵਾਲ਼ਿਆਂ ਦੀ ਬਣਦੀ ਹੈ'। ਇਹ ਵਰਤਾਰਾ ਵਰਤਾਉਣ ਵਾਲ਼ੀ ਮਸ਼ੀਨ ਦਾ ਕੰਮ ਵੋਟ ਪ੍ਰਣਾਲੀ ਸ਼ੁਰੂ ਹੋਣ ਤੋਂ ਅੱਜ ਤੱਕ ਜਾਰੀ ਹੈ। ਈ.ਵੀ.ਐੱਮ. 'ਤੇ ਰੌਲ਼ਾ ਪਹਿਲਾਂ ਚੱਲਦੀ ਮਸ਼ੀਨ ਦੀ ਲਗਾਤਾਰਤਾ ਬਣਾਈ ਰੱਖਣ ਦਾ ਯਤਨ ਹੈ। ਇਸੇ ਲਈ ਇਸ ਨੂੰ ਹਟਾਉਣ ਦੀ ਬਜਾਇ ਲੋਕਾਂ ਦਾ ਧਿਆਨ ਅੱਜ ਦੀ ਈ.ਵੀ.ਐੱਮ. ਦੇ ਸੁਧਾਰਾਂ ਨਾਲ਼ ਨੂੜ ਦਿੱਤਾ ਗਿਆ ਹੈ। ਆਪਣੇ ਮੁਲਕ ਵਿਚ ਲੋਕਰਾਜ ਆਜ਼ਾਦੀ ਦੇ ਨਾਲ਼ ਹੀ ਆਇਆ ਕਿਹਾ ਜਾਣਾ ਚਾਹੀਦਾ ਹੈ। ਬਹੁਤ ਰੌਲ਼ਾ ਹੈ ਕਿ ਮੌਜੂਦਾ ਹਕੂਮਤ ਨੇ ਲੋਕਰਾਜ ਬਰਬਾਦ ਕਰ ਰੱਖਿਆ ਹੈ। ਹੁਣ ਮੌਜੂਦਾ ਹਕੂਮਤ ਇਸ ਲੋਕਤੰਤਰ ਦੇ ਆਧਾਰ, ਭਾਵ ਸੰਵਿਧਾਨ ਨੂੰ ਬਦਲਣ ਦੇ ਐਲਾਨ ਨਾਲ਼ ਚੋਣਾਂ ਵਿਚ ਉਤਰ ਕੇ ਜਨਮਤ ਦੀ ਮੋਹਰ ਲਗਵਾਉਣਾ ਚਾਹੁੰਦੀ ਹੈ। ਇਹ ਸਭ ਕੁਝ ਠੀਕ ਹੈ ਪਰ ਇਸ ਵਰਤਾਰੇ ਦੀ ਚਰਚਾ ਲੋਕਾਂ ਦੀ ਸਮਝ-ਬੂਝ ਤਿੱਖਾ ਕਰਦੀ ਪ੍ਰਤੀਤ ਨਹੀਂ ਹੁੰਦੀ। ਹੁਣ ਤੱਕ ਇਸ ਚਰਚਾ ਦੀ ਬਾਇਨਿਰੀ 'ਚੋਣ ਕਮਿਸ਼ਨ ਪੱਖਪਾਤੀ ਹੈ', ਇਸ ਦਾ ਹੱਲ ਹੈ 'ਚੋਣ ਕਮੀਸ਼ਨ ਨਿਰਪੱਖ ਹੋਣਾ ਚਾਹੀਦਾ ਹੈ', 'ਚੋਣਾਂ ਵਿਚ ਧਨ ਦੀ ਵਰਤੋਂ ਹੱਦੋਂ ਵੱਧ ਹੋ ਗਈ ਹੈ', ਇਸ ਦਾ ਹੱਲ 'ਚੋਣਾਂ ਵਿਚ ਧਨ ਦੀ ਵਰਤੋਂ ਘਟਣੀ ਚਾਹੀਦੀ ਹੈ'। ਇਹ ਮੁਹਾਰਨੀ ਪਾਠਕ ਨੂੰ ਸਹੀ ਫ਼ੈਸਲ਼ਾ ਕਰਨ ਵਿਚ ਮਦਦ ਨਹੀਂ ਕਰਦੀ। ਲੋੜ ਮੁੱਦੇ ਦੀ ਕਿਸੇ ਹੋਰ ਦਿਸ਼ਾ ਤੋਂ ਵਿਸ਼ਲੇਸ਼ਣ ਕਰਨ ਦੀ ਹੈ। ਲੋਕਰਾਜ ਬਚਣਾ ਹੀ ਤਾਂ ਹੈ ਜੇਕਰ ਇਸ ਵਿਸ਼ੇ ਉਤੇ ਵੱਖਰੀ ਦਿਸ਼ਾ ਤੋਂ ਵਿਸ਼ਲੇਸ਼ਣ ਕੀਤਾ ਜਾਵੇ। ਇਸ ਵਿਸ਼ਲੇਸ਼ਣ ਵਿਚ ਲੋਕਰਾਜ ਨੂੰ ਬਚਾਉਣ ਵਾਲ਼ੀਆਂ ਸ਼ਕਤੀਆਂ ਦੀ ਨਿਸ਼ਾਨਦੇਹੀ ਕਰਨੀ ਅਤੇ ਇਸ ਬਾਰੇ ਉਨ੍ਹਾਂ ਸ਼ਕਤੀਆਂ ਨੂੰ ਲੋਕਰਾਜ ਨੂੰ ਬਚਾਉਣ ਦੀ ਲੋੜ ਅਤੇ ਇਸ ਕਾਰਜ ਉਤੇ ਕਾਰਜਸ਼ੀਲ ਹੋਣ ਲਈ ਪ੍ਰੇਰਨਾ ਪਵੇਗਾ। ਇਸ ਲਈ ਸਾਡੀ ਚਰਚਾ ਦੇ ਆਧਾਰ ਬਿੰਦੂ ਹਨ: (ੳ) ਮੁਲਕ ਵਿਚ ਲੋਕਰਾਜ ਕੌਣ ਲੈ ਕੇ ਆਏ ਅਤੇ ਕਿਵੇਂ ਲਿਆਂਦਾ? (ਅ) ਲੋਕਰਾਜ ਕੌਣ ਬਚਾਏਗਾ ਅਤੇ ਕਿਵੇਂ ਬਚਾਏਗਾ? ਲੋਕਰਾਜ ਦੀ ਸਮਾਜ ਵਿਚ ਲੋੜ ਕਿਹਨੂੰ ਹੈ, ਇਹ ਬੁੱਝਣਾ ਜ਼ਰੂਰੀ ਹੈ ਕਿਉਂਕਿ ਲੋਕਰਾਜ ਲਿਆਉਣ ਵਾਲ਼ਿਆਂ ਨੇ ਹੀ ਇਸ ਨੂੰ ਬਚਾਉਣਾ ਹੈ। ਮੁਲਕ ਦੀ ਆਜ਼ਾਦੀ ਨਾਲ਼ ਹੀ ਸੰਵਿਧਾਨ ਮਿਲਿਆ ਅਤੇ ਸੰਵਿਧਾਨਕ ਲੋਕਰਾਜ ਸ਼ੁਰੂ ਹੋਇਆ। ਇਸ ਲੋਕਰਾਜ ਨੂੰ ਲਿਆਉਣ ਵਾਲ਼ੇ ਹਰ ਰੰਗ, ਧਰਮ ਅਤੇ ਨਰਮ-ਗਰਮ ਤਸੀਰਾਂ ਵਾਲ਼ੇ ਦੇਸ਼ਭਗਤਾਂ ਦੀ ਅਗਵਾਈ ਵਿਚ ਕਰੋੜਾਂਕਰੋੜਾਂ ਭਾਰਤੀ ਸਨ। ਇਨ੍ਹਾਂ ਸਭਨਾਂ ਅੰਦਰ ਆਜ਼ਾਦੀ ਘੁਲਾਟੀਆਂ ਨੇ ਆਜ਼ਾਦ ਭਾਰਤ ਬਾਰੇ ਕਿੰਨੇ ਹੀ ਤਰ੍ਹਾਂ ਦੇ ਸੁਫ਼ਨੇ ਜਗਾਏ ਸਨ। ਮੁਲਕ ਦੀ ਦੌਲਤ ਇੰਗਲੈਂਡ ਦੇ ਖ਼ਜ਼ਾਨੇ ਦੀ ਥਾਂ ਆਜ਼ਾਦ ਭਾਰਤ ਦੇ ਖ਼ਜ਼ਾਨੇ ਵਿਚ ਜਾਏਗੀ, ਪੈਦਾਵਾਰੀ ਅਦਾਰੇ ਅਤੇ ਇਸ ਲਈ ਮੁੱਢਲਾ ਢਾਂਚਾ ਮੁਲਕ ਦੇ ਲੋਕਾਂ ਦੀ ਚੁਣੀ ਸੰਵਿਧਾਨਕ ਸਰਕਾਰ ਉਸਾਰੇਗੀ। ਸਿੱਖਿਆ, ਸਿਹਤ, ਸੰਚਾਰ ਅਤੇ ਸੜਕਾਂ, ਸਭ ਤਰ੍ਹਾਂ ਦੀਆਂ ਸੇਵਾਵਾਂ ਲਈ ਸਰਕਾਰੀ ਅਦਾਰੇ ਹੋਣਗੇ। ਸਭ ਲਈ ਮਿਆਰੀ ਸਿੱਖਿਆ, ਸਿਹਤ ਅਤੇ ਸੜਕ ਸੇਵਾਵਾਂ ਮੁਫ਼ਤ ਮਿਲਣਗੀਆਂ। ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਹੋਵੇਗੀ। ਕਿਸੇ ਵੀ ਆਧਾਰ 'ਤੇ ਕਿਸੇ ਨਾਲ਼ ਵੀ ਵਿਤਕਰਾ ਨਹੀਂ ਹੋਵੇਗਾ। ਸੰਵਿਧਾਨਕ ਸੰਸਥਾਵਾਂ ਮੌਕੇ ਦੀ ਸਰਕਾਰ ਦੀ ਦਖ਼ਲਅੰਦਾਜ਼ੀ ਤੋਂ ਬਿਨਾਂ ਕੰਮ ਕਰਨਗੀਆਂ। ਕਾਨੂੰਨ-ਘੜਨੀ ਅਦਾਰੇ ਭਾਵ ਪਾਰਲੀਮੈਂਟ ਅਤੇ ਵਿਧਾਨ ਸਭਾਵਾਂ ਸੰਵਿਧਾਨ ਵਿਚ ਦਰਜ ਨੀਤੀ ਨਿਰਦੇਸ਼ਾਂ ਦੀ ਲੋਅ ਵਿਚ ਕਾਨੂੰਨ ਬਣਾਉਣਗੇ ਆਦਿ-ਆਦਿ। ਲੋਕਾਂ ਨੇ ਉਪਰੋਕਤ ਭਵਿੱਖੀ ਤਸਵੀਰ ਨੂੰ ਅਸਲੀਅਤ ਵਿਚ ਉਤਾਰਨ ਲਈ ਅੰਗਰੇਜ਼ ਹਕੂਮਤ ਦੀਆਂ ਫਾਂਸੀਆਂ, ਲੰਮੀਆਂ ਜੇਲ੍ਹਾਂ, ਕੁਰਕੀਆਂ, ਤਸੀਹੇ ਅਤੇ ਜ਼ਿੱਲਤਾਂ ਸਹਾਰ ਕੇ ਆਜ਼ਾਦੀ ਅਤੇ ਸੰਵਿਧਾਨ ਲਿਆਂਦੇ। ਇਹ (ੳ) ਧਿਰ ਲੋਕਰਾਜ ਨੂੰ ਲਿਆਉਣ ਵਾਲੀ ਹੈ। ਦੂਜੀ ਧਿਰ ਭਾਰਤੀ ਜਨਤਾ ਪਾਰਟੀ, ਇਸ ਦੀ ਮਾਂ ਜਨਸੰਘ, ਉਸ ਦੀ ਮਾਂ ਆਰ.ਐੱਸ.ਐੱਸ., ਮਾਸੀ ਹਿੰਦੂ ਮਹਾਂ ਸਭਾ ਅਤੇ ਧਨ ਕੁਬੇਰਾਂ ਦੀ ਮੁਲਕ ਲਈ ਆਜ਼ਾਦੀ ਅਤੇ ਸੰਵਿਧਾਨ ਦੀ ਪ੍ਰਾਪਤੀ ਵਿਚ ਉਕੀ ਹੀ ਭੂਮਿਕਾ ਨਹੀਂ। ਹਾਂ, ਆਜ਼ਾਦੀ ਸੰਗਰਾਮ ਅਤੇ ਆਜ਼ਾਦੀ ਸੰਗਰਾਮੀਆਂ ਦੇ ਵਿਰੋਧ ਵਿਚ ਭੁਗਤਣ ਦੀਆਂ ਅਨੇਕ ਮਿਸਾਲਾਂ ਹਨ। ਹੁਣ ਦੂਜੀ ਧਿਰ ਦੀ ਮੁਲਕ ਦੀ ਆਜ਼ਾਦੀ, ਸੰਵਿਧਾਨ ਅਤੇ ਲੋਕਰਾਜ ਲਿਆਉਣ ਵਿਚ ਕੋਈ ਭੂਮਿਕਾ ਨਹੀਂ, ਇਸ ਲਈ ਇਸ ਨੂੰ ਬਚਾਉਣ ਵਾਲ਼ੀ ਇਹ ਕਦੇ ਵੀ ਧਿਰ ਨਹੀਂ ਬਣੇਗੀ। ਸਮਾਜ ਅਤੇ ਰਾਜ/ ਪ੍ਰਸ਼ਾਸਨ ਚਲਾਉਣ ਲਈ ਸੰਵਿਧਾਨ ਦੀ ਥਾਂ ਇਹ ਧਿਰ ਮਨੂੰ ਸਮਰਿਤੀ ਤੋਂ ਅਗਵਾਈ ਲੈਣ ਵਿਚ ਭਰੋਸਾ ਰੱਖਦੀ ਹੈ। ਸੰਵਿਧਾਨ ਅਤੇ ਸੰਵਿਧਾਨ ਉਤੇ ਆਧਾਰਿਤ ਲੋਕਰਾਜ ਦੀ ਭਾਰਤੀ ਜਨਤਾ ਪਾਰਟੀ ਨੂੰ ਉਕਾ ਲੋੜ ਨਹੀਂ। ਇਸੇ ਬਰੈਕਟ ਵਿਚ ਮੁਲਕ ਦੇ ਧਨ ਕੁਬੇਰ ਹਨ ਜੋ ਸੋਚ ਅਤੇ ਹਿਤਾਂ, ਦੋਹਾਂ ਵਿਚ ਸਾਂਝੀਦਾਰ ਹਨ। ਲੋਕਰਾਜ ਅਤੇ ਲੋਕਰਾਜੀ ਸੰਸਥਾਵਾਂ ਨੂੰ ਗ਼ੁਲਾਮ ਅਤੇ ਅਪੰਗ ਕਰਨਾ ਇਨ੍ਹਾਂ ਦੋਹਾਂ ਦਾ ਏਜੰਡਾ ਰਿਹਾ ਹੈ। ਇਹ ਪ੍ਰਸ਼ਨ ਵੀ ਉਤਰ ਮੰਗਦਾ ਹੈ ਕਿ ਜੇਕਰ ਭਾਰਤੀ ਜਨਤਾ ਪਾਰਟੀ ਵਿਰੁੱਧ ਇਤਿਹਾਸ ਇੰਨਾ ਕੁਝ ਦਿਖਾ ਰਿਹਾ ਹੈ ਤਾਂ ਇਹ ਜਮਾਤ ਇਸੇ ਲੋਕਰਾਜ ਦੀ ਕੁਰਸੀ ਕਿਵੇਂ ਲੈ ਗਈ? ਉਤਰ ਹੈ, ਇਸ ਨੂੰ ਇਸ ਬੁਲੰਦੀ ਤੱਕ ਲਿਆਉਣ ਵਿਚ ਮੁੱਖ ਭੂਮਿਕਾ ਕਾਂਗਰਸ ਦੀ ਅਤੇ ਉਪ ਭੂਮਿਕਾ ਵਿਚ ਕਮਿਊਨਿਸਟਾਂ ਤੋਂ ਬਿਨਾਂ ਉਹ ਸਾਰੇ ਹਨ ਜਿਹੜੇ ਅੱਜ ਮੁੜ ਆਪਣੀ ਹੋਂਦ ਸਥਾਪਿਤ ਕਰਨ ਲਈ ਇੱਕ ਹਨ। ਇਹ ਧਿਰਾਂ ਆਪਣੀਆਂ ਆਰਥਿਕ ਨੀਤੀਆਂ ਕਾਰਨ ਭ੍ਰਿਸ਼ਟ ਹੋ ਕੇ ਲੋਕਾਂ ਨੂੰ ਭੁੱਲ ਗਈਆਂ। ਆਰਥਿਕਤਾ ਨੂੰ ਸਮਾਜਵਾਦੀ ਲੀਹ ਤੋਂ ਉਤਾਰ ਦਿੱਤਾ। ਭਾਰਤੀ ਜਨਤਾ ਪਾਰਟੀ ਦਾ ਧਰਮ ਆਧਾਰਿਤ ਨਫ਼ਰਤੀ ਏਜੰਡਾ ਲੋਕਾਂ ਵਿਚ ਬਦਨਾਮ ਨਾ ਕਰ ਸਕੇ। ਨਤੀਜੇ ਵਜੋਂ ਭਾਰਤੀ ਜਨਤਾ ਪਾਰਟੀ ਲਈ ਇੱਕ ਪਾਸੇ ਰਾਸ ਆਉਂਦਾ ਆਰਥਿਕ ਮਾਡਲ ਖੜ੍ਹਾ ਕਰ ਦਿੱਤਾ ਅਤੇ ਦੂਜੇ ਪਾਸੇ ਸਮਾਜ ਦਾ ਵੱਡਾ ਹਿੱਸਾ ਧਰਮ ਦੇ ਆਧਾਰ 'ਤੇ



ਉਨ੍ਹਾਂ ਦੀ ਝੋਲੀ ਪਾ ਦਿੱਤਾ। ਕਮਿਊਨਿਸਟਾਂ ਤੋਂ ਬਗ਼ੈਰ ਕਾਂਗਰਸ ਅਤੇ ਇਹ ਦੂਜੀਆਂ ਪਾਰਟੀਆਂ ਆਰ.ਐੱਸ.ਐੱਸ. ਦੀ ਮੁਲਕ ਪ੍ਰਤੀ ਹੌਲੀ ਭੂਮਿਕਾ ਤੋਂ ਲੋਕਾਂ ਨੂੰ ਜਾਣੂ ਨਾ ਕਰਵਾ ਸਕੀਆਂ। ਕਾਂਗਰਸ ਅਤੇ 'ਇੰਡੀਆ' ਗੱਠਜੋੜ ਵਿਚ ਜੁੜੀਆਂ ਧਿਰਾਂ ਨੂੰ ਸ਼ਰਮਿੰਦਾ ਹੋਣਾ ਚਾਹੀਦਾ ਹੈ ਕਿ ਭਾਰਤੀ ਜਨਤਾ ਪਾਰਟੀ ਨਹਿਰੂ, ਗਾਂਧੀ ਸਭਨਾਂ ਸਬੰਧੀ ਝੂਠ-ਪ੍ਰਚਾਰ ਵਿਚ ਸਫ਼ਲ ਰਹੀ। ਇੱਧਰ ਕਾਂਗਰਸ ਇਨ੍ਹਾਂ ਹੀ ਆਗੂਆਂ ਬਾਰੇ ਸੱਚ ਵੀ ਨਾ ਪ੍ਰਚਾਰ ਸਕੀ। ਹੁਣ ਪ੍ਰਸ਼ਨ ਹੈ ਕਿ ਪਹਿਲੀ ਧਿਰ ਨੂੰ ਲੋਕਤੰਤਰ ਦੀ ਲੋੜ ਕਿਉਂ ਹੈ? ਉਤਰ ਹੈ ਕਿ ਲੋਕਤੰਤਰ ਦੀ ਮੌਤ ਨਾਲ਼ ਇਸ ਧਿਰ ਦੀ ਮੌਤ ਲਿਖੀ ਗਈ ਹੈ। ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ, ਵਿਦਿਆਰਥੀਆਂ, ਮੀਡੀਆ ਕਰਮੀਆਂ, ਸੁਤੰਤਰ ਮੀਡੀਆ ਦੇ ਹਮਾਇਤੀਆਂ, ਬੁੱਧੀਜੀਵੀਆਂ ਅਤੇ ਸਮਾਜ ਦੇ ਕਿਸੇ ਵੀ ਪੀੜਤ ਵਰਗ ਨੂੰ ਆਪੋਆਪਣੇ ਸੰਘਰਸ਼ਾਂ ਤੋਂ ਇਸ ਪ੍ਰਸ਼ਨ ਉਤੇ ਸਹੀਸਹੀ ਉਤਰ ਮਿਲ ਜਾਵੇਗਾ। ਇਨ੍ਹਾਂ ਮਿਹਨਤਕਸ਼ਾਂ ਦੇ ਸੰਘਰਸ਼ਾਂ ਨੇ ਆਪੋ-ਆਪਣੀ ਕੰਧ ਉਤੇ ਇਹ ਉਤਰ ਲਿਖ ਰੱਖਿਆ ਹੈ। ਇਸ ਨੂੰ ਪੜ੍ਹਨ-ਸਮਝਣ ਵਿਚ ਜੀਵਨ ਹੈ, ਨਾ ਪੜ੍ਹਨ ਵਿਚ ਮੌਤ ਹੈ। ਆਖ਼ਰੀ ਗੱਲ ਲੋਕਰਾਜ ਦੀ ਬਹਾਲੀ ਦੀ ਗਰੰਟੀ 'ਇੰਡੀਆ' ਗੱਠਜੋੜ ਦੇ ਜਿੱਤਣ ਨਾਲ਼ ਹੀ ਨਹੀਂ ਹੋਣੀ। ਇਹ ਧਿਰ ਅਤੇ ਧਿਰਾਂ ਉਹੀ ਹਨ ਜਿਨ੍ਹਾਂ ਨੇ ਭਾਰਤੀ ਜਨਤਾ ਪਾਰਟੀ, ਆਰ.ਐੱਸ.ਐੱਸ. ਅਤੇ ਕਾਰਪੋਰੇਟ ਦੀ ਤਿਕੜੀ ਨੂੰ ਗੱਦੀ ਉਤੇ ਬਿਠਾਉਣ ਲਈ ਰਾਹ ਤਿਆਰ ਕੀਤਾ। ਉਪਰੋਕਤ ਲੜਦੀਆਂ ਸ਼ਕਤੀਆਂ ਨੂੰ ਲੋਕਰਾਜ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਸੰਘਰਸ਼ ਕਰਦਿਆਂ ਨਵੇਂ ਲੀਡਰ ਅਤੇ ਨਵੇਂ ਆਰਥਿਕ ਢਾਂਚਿਆਂ ਦੇ ਬਿਰਤਾਂਤ ਦੀ ਸਿਰਜਣਾ ਕਰਨੀ ਪਏਗੀ।












ALL YOUR CONSTRUCTION NEEDS
KAJ
SIDEWALK SHED / PIPE SCAFFOLD
347-221-6610
Standards
Lashing
Plank
S.F.
F.F.
Braces
Putlogs
Guard board
G.F.
Ledger
(a) View
Guard board
Plank
Putlog
Ledger
Standard
(b) Vertical
24 Hour
Emergency Service
Santnam Singh Tahli
Bik: 347-221-6610
Email:Dkcontractornyc@gmail.com
advt. Design-shaanepunjabusa.com

# ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਉਪ ਰਾਸ਼ਟਰਪਤੀ ਅਤੇ ਪ੍ਰਧਾਨਮੰਤਰੀ ਦੀ ਹਾਜਰੀ ਵਿੱਚ ਸੌਂਪੇ ਪੁਰਸਕਾਰ







ਨਵੀਂ ਦਿੱਲੀ, (ਸ਼.ਪ.)-ਸਾਬਕਾ ਉਪ ਰਾਸਟਰਪਤੀ ਐਮ. ਵੈਂਕਈਆ ਨਾਇਡੂ, ਸੁਲਭ ਇੰਟਰਨੈਸਨਲ ਦੇ ਸੰਸਥਾਪਕ ਬਿੰਦੇਸਵਰ ਪਾਠਕ ਅਤੇ ਕਈ ਹੋਰ ਉੱਘੀਆਂ ਸਖਸੀਅਤਾਂ ਨੂੰ ਰਾਸਟਰਪਤੀ ਵੱਲੋਂ ਪਦਮ ਪੁਰਸਕਾਰਾਂ ਨਾਲ ਸਨਮਾਨਿਤ ਕੀਤਾ ਗਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੋਮਵਾਰ ਨੂੰ ਰਾਸਟਰਪਤੀ ਭਵਨ 'ਚ ਇਕ ਰਸਮੀ ਸਮਾਰੋਹ ਦੌਰਾਨ ਇਹ ਪੁਰਸਕਾਰ ਪ੍ਰਦਾਨ ਕੀਤੇ।

ਪ੍ਰਸਿੱਧ ਭਰਤਨਾਟਿਅਮ ਡਾਂਸਰ ਪਦਮ ਸੁਬਰਾਮਣੀਅਮ ਨੂੰ ਪਦਮ ਵਿਭੂਸਣ ਨਾਲ ਸਨਮਾਨਿਤ ਕੀਤਾ ਗਿਆ ਸੀ।

ਅਭਿਨੇਤਾ ਮਿਥੁਨ ਚੱਕਰਵਰਤੀ, ਗਾਇਕ ਊਸਾ ਉਥੁਪ, ਉੱਤਰ ਪ੍ਰਦੇਸ ਦੇ ਸਾਬਕਾ ਰਾਜਪਾਲ ਰਾਮ ਨਾਇਕ ਅਤੇ ਸਨਅਤਕਾਰ ਸੀਤਾਰਾਮ ਜਿੰਦਲ ਨੂੰ ਪਦਮ ਭੂਸਣ, ਪੰਜਾਬੀ ਅਦਾਕਾਰਾ ਨਿਰਮਲ ਰਿਸ਼ੀ ਨੂੰਪਦਮਸ੍ਰੀ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਵਿੱਚ ਉਪ ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਅਤੇ ਵਿਦੇਸ ਮੰਤਰੀ ਐਸ. ਜੈਸੰਕਰ ਸਮੇਤ ਹੋਰ ਸਖਸੀਅਤਾਂ ਹਾਜਰ ਸਨ। ਪਦਮ ਪੁਰਸਕਾਰ, ਦੇਸ ਦੇ ਸਰਵਉੱਚ ਨਾਗਰਿਕ ਸਨਮਾਨਾਂ ਵਿੱਚੋਂ ਇੱਕ ਹੈ ਜਿਸ ਨੂੰ ਤਿੰਨ ਸ੍ਰੇਣੀਆਂ ਪਦਮ ਵਿਭੂਸਣ, ਪਦਮ ਭੂਸਣ ਅਤੇ ਪਦਮਸ੍ਰੀ ਵਿੱਚ ਪ੍ਰਦਾਨ ਕੀਤਾ ਜਾਂਦਾ ਹੈ। ਇਹ ਪੁਰਸਕਾਰ ਵੱਖ-ਵੱਖ ਵਿਸਿਆਂ ਜਾਂ ਗਤੀਵਿਧੀਆਂ ਦੇ ਖੇਤਰਾਂ ਵਿੱਚ ਦਿੱਤੇ ਜਾਂਦੇ ਹਨ। ਪਦਮ ਵਿਭੂਸਣ ਬੇਮਿਸਾਲ ਅਤੇ ਵਿਲੱਖਣ ਸੇਵਾ ਲਈ, ਉੱਚ ਪੱਧਰੀ ਸੇਵਾ ਲਈ ਪਦਮ ਭੂਸਣ ਅਤੇ ਕਿਸੇ ਵੀ ਖੇਤਰ ਵਿੱਚ ਵਿਲੱਖਣ ਸੇਵਾ ਲਈ ਪਦਮਸ੍ਰੀ ਨਾਲ ਸਨਮਾਨਿਤ ਕੀਤਾ ਜਾਂਦਾ ਹੈ। 2024 ਲਈ ਰਾਸਟਰਪਤੀ ਨੇ 132 ਪਦਮ ਪੁਰਸਕਾਰਾਂ ਨੂੰ ਮਨਜੂਰੀ ਦਿੱਤੀ ਸੀ। ਇਸ ਸੂਚੀ ਵਿੱਚ ਪੰਜ ਪਦਮ ਵਿਭੂਸਣ, 17 ਪਦਮ ਭੂਸਣ ਅਤੇ 110 ਪਦਮਸ੍ਰੀ ਪੁਰਸਕਾਰ ਸਾਮਲ ਹਨ। ਪੁਰਸਕਾਰ ਜੇਤੂਆਂ ਵਿੱਚੋਂ 30 ਔਰਤਾਂ ਹਨ ਅਤੇ ਸੂਚੀ ਵਿੱਚ ਵਿਦੇਸੀ/ ਐਨਆਰਆਈ/ਪੀਆਈਓ/ਓਸੀਆਈ ਦੀ ਸ੍ਰੇਣੀ ਦੇ ਅੱਠ ਲੋਕ ਅਤੇ 9 ਮਰਨ ਉਪਰੰਤ ਪੁਰਸਕਾਰ ਪ੍ਰਾਪਤ ਕਰਨ ਵਾਲੇ ਵੀ ਸਾਮਲ ਹਨ।


GSM CONSTRUCTION CORP

82-BRIGHTON, 11 STREET, BROOKLYNE- 11237

ਕੰਸਟਰਕਸ਼ਨ ਦੇ ਕਿਸੇ ਵੀ ਕੰਮ ਲਈ ਸਾਡੀਆਂ ਸੇਵਾਵਾਂ ਹਾਜ਼ਰ ਹਨ। ਅਸੀਂ ਸਟੀਮ ਕਲੀਨਿੰਗ, ਬਰਿੱਕ ਪੁਆਇੰਟਿੰਗ, ਸਟੱਕੋ, ਰੂਫ ਅਤੇ ਇੱਟਾਂ ਦਾ ਕੰਮ ਕਰਦੇ ਹਾਂ। ਸਾਡੀ ਕੰਪਨੀ Fully insured ਹੈ ਅਤੇ ਅਸੀਂ ਫਰੀ ਐਸਟੀਮੇਟ ਦਿੰਦੇ ਹਾਂ।

ਰਣਜੀਤ ਸਿੰਘ ਮਹਿਮਦਪੁਰ 917-969-3100





ਗੁਰਮੀਤ ਸਿੰਘ ਮਹਿਮਦਪੁਰ
ਪ੍ਰਧਾਨ ਬਾਬਾ ਮੱਖਣ ਸ਼ਾਹ ਲੁਬਾਣਾ,
ਸਿੱਖ ਸੈਂਟਰ ਨਿਊਯਾਰਕ, 917-225-6703



TEL : 718-769-5555
FAX : 718-368-3355



P & D Deli Grocery

114-13-101, AVE RICHMOND HILL-NY 11419



ਸੈਂਡਵਿਚਜ਼, ਹਰ ਪ੍ਰਕਾਰ ਦਾ ਸੋਡਾ, ਕੋਲਡ ਬੀਅਰ ਅਤੇ ਹਰ ਤਰ੍ਹਾਂ ਦੀਆਂ ਛੋਟੀਆਂ ਮੋਟੀਆਂ ਜ਼ਰੂਰਤਾਂ ਦਾ ਸਨਮਾਨ ਉਬਲਬੱਧ ਹੈ।

ਤੁਹਾਡਾ ਅਪਣਾ ਏਰੀਆ ਤੁਹਾਡੀ ਅਪਣੀ ਡੇਲੀ ਦਰਸ਼ਨ ਦਿਓ।

ਲਾਟਰੀ ਦੀਆਂ ਟਿਕਟਾਂ ਖਰੀਦੋ ਅਤੇ ਇਨਾਮ ਪਾਓ ਸਕਰੈਚ ਲਾਟਰੀ ਭਾਵੇਂ ਮੌਕੇ ਤੇ ਖਰੀਦੋ ਅਤੇ ਮੌਕੇ 'ਤੇ ਇਨਾਮ ਪਾਓ।

WESTERN UNION

ਸਵੇਰੇ 8 ਵਜੇ ਤੋਂ ਰਾਤ 11 ਵਜੇ ਤੱਕ ਉਪਲਬਧ ਹੈ।

ਮਨਪ੍ਰੀਤ ਸਿੰਘ ਮੋਨੂੰ

Phone 347-251-0006

Trans Fast



ਸਰਵਿਸ ਰਾਹੀਂ ਅਪਣੇ ਦੇਸ਼ ਨੂੰ ਸਭ ਤੋਂ ਵੱਧ ਰੇਟ ਨਾਲ ਪੈਸੇ ਭੇਜੋ।

ਰਿਚਮੰਡ ਹਿੱਲ ਦੇ ਪੰਜਾਬੀ ਭਾਈਚਾਰੇ ਲਈ ਵੱਡੀ ਸਹੂਲਤ ਇੰਡੀਆ ਪੈਸੇ ਭੇਜਣ ਲਈ ਸਭ ਤੋਂ ਚੰਗੀ ਸਹੂਲਤ ਇਸ ਸਟੋਰ ਵਿਚ ਖੋਲ੍ਹ ਦਿੱਤੀ ਗਈ।

Peter & Danny Consturction

ਪ੍ਰੀਤਮ ਸਿੰਘ ਗਿਲਜ਼ੀਆ 917-687-3701, ਹਰਜੀਤ ਸਿੰਘ ਸੇਠੀ (ਮੈਨੇਜਰ) 646-379-6490

ਹਰ ਤਰ੍ਹਾਂ ਦੇ ਕੰਸਟਰਕਸ਼ਨ ਦੇ ਕੰਮਾਂ ਲਈ ਕਾਲ ਕਰੋ।



ਪ੍ਰੀਤਮ ਸਿੰਘ ਗਿਲਜ਼ੀਆ



ਮਨਪ੍ਰੀਤ ਸਿੰਘ ਮੋਨੂੰ



ਹਰਜੀਤ ਸਿੰਘ ਸੇਠੀ

Advt. Shaanepunjabusa.com







www.shaanepunjabusa.com







www.shaanepunjabusa.com

# ਆਬਕਾਰੀ ਨੀਤੀ: ਕੇਜਰੀਵਾਲ ਨੂੰ ਸੁਪਰੀਮ ਕੋਰਟ ਤੋਂ ਰਾਹਤ ਨਹੀਂ



ਨਵੀਂ ਦਿੱਲੀ, (ਸ਼.ਪ.)-ਸੁਪਰੀਮ ਕੋਰਟ ਨੇ ਕਥਿਤ ਆਬਕਾਰੀ ਨੀਤੀ ਘੁਟਾਲੇ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵੱਲੋਂ ਆਪਣੀ ਗ੍ਰਿਫਤਾਰੀ ਨੂੰ ਚੁਣੌਤੀ ਦਿੰਦੀ ਪਟੀਸ਼ਨ 'ਤੇ 'ਆਪ' ਦੇ ਕੌਮੀ ਕਨਵੀਨਰ ਨੂੰ ਫੌਰੀ ਭਾਵੇਂ ਕੋਈ ਰਾਹਤ ਨਹੀਂ ਦਿੱਤੀ ਪਰ ਜਸਟਿਸ ਸੰਜੀਵ ਖੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੇ ਬੈਂਚ ਨੇ ਐਂਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਤੋਂ 24 ਅਪਰੈਲ ਤੱਕ ਜਵਾਬ ਜਰੂਰ ਮੰਗ ਲਿਆ ਹੈ। ਕੇਜਰੀਵਾਲ ਨੇ ਪਟੀਸ਼ਨ ਵਿਚ ਦਿੱਲੀ ਹਾਈ ਕੋਰਟ ਵੱਲੋਂ 9 ਅਪਰੈਲ ਨੂੰ ਸੁਣਾਏ ਗ੍ਰਿਫਤਾਰੀ ਬਰਕਰਾਰ ਰੱਖਣ ਦੇ ਫੈਸਲੇ ਨੂੰ ਚੁਣੌਤੀ ਦਿੱਤੀ ਸੀ। ਬੈਂਚ ਨੇ ਕੇਸ ਦੀ ਅਗਲੀ ਸੁਣਵਾਈ 29 ਅਪਰੈਲ ਲਈ ਨਿਰਧਾਰਿਤ ਕੀਤੀ ਹੈ।

ਸੁਪਰੀਮ ਕੋਰਟ ਵਿਚ ਅੱਜ ਪਟੀਸ਼ਨ 'ਤੇ ਸੁਣਵਾਈ ਦੌਰਾਨ ਕੇਜਰੀਵਾਲ ਵੱਲੋਂ ਪੇਸ਼ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਨੇ ਬੈਂਚ ਨੂੰ ਦੱਸਿਆ ਕਿ ਉਹ ਕੁੱਝ ਤੱਥ ਦਿਖਾਉਣਾ ਚਾਹੁੰਦੇ ਹਨ ਜਿਸ ਨਾਲ ਕੋਰਟ ਦੀ ਅੰਤਰ-ਆਤਮਾ ਨੂੰ 'ਝਟਕਾ' ਲੱਗੇਗਾ। ਸਿੰਘਵੀ ਨੇ ਕਿਹਾ ਕਿ ਇਹ 'ਮਾਮਲਾ ਬਹੁਤ ਅਸਾਧਾਰਨ' ਹੈ ਸਿਰਫ ਇਸ ਲਈ ਨਹੀਂ ਕਿਉਂਕਿ ਕੇਜਰੀਵਾਲ ਮੁੱਖ ਮੰਤਰੀ ਹਨ। ਸਿੰਘਵੀ ਨੇ ਕੇਜਰੀਵਾਲ ਦੀ ਗ੍ਰਿਫਤਾਰੀ 'ਤੇ ਸਵਾਲ ਉਠਾਉਂਦਿਆਂ ਕਿਹਾ ਕਿ ਗ੍ਰਿਫਤਾਰੀ ਉਦੋਂ ਹੋਈ ਜਦੋਂ ਲੋਕ ਸਭਾ ਚੋਣਾਂ ਕਰਕੇ ਚੋਣ ਜਾਬਤਾ ਅਮਲ ਵਿਚ ਆ ਚੁੱਕਾ ਸੀ। ਉਨ੍ਹਾਂ ਕਿਹਾ ਕਿ ਥਾਂ ਥਾਂ 'ਤੇ ਚੋਣਵੀਆਂ ਚੋਰਮੋਰੀਆਂ ਹਨ' ਜੋ ਹਰ ਕਿਸੇ ਨੂੰ ਗਲਤ ਪ੍ਰਭਾਵ ਦੇ ਰਹੀਆਂ ਹਨ। ਜਸਟਿਸ ਖੰਨਾ ਨੇ ਕਿਹਾ, "ਮੈਨੂੰ ਇਨ੍ਹਾਂ ਚੋਣਵੀਆਂ ਚੋਰਮੋਰੀਆਂ ਬਾਰੇ ਕੋਈ ਜਾਣਕਾਰੀ ਨਹੀਂ ਹੈ। ਇਸ ਲਈ ਨੋਟਿਸ ਜਾਰੀ ਕਰਨਾ ਬਣਦਾ ਹੈ।" ਈਡੀ ਵੱਲੋਂ ਪੇਸ਼ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਤੇ ਵਧੀਕ ਸੌਲੀਸਿਟਰ ਜਨਰਲ ਐੱਸ.ਵੀ.ਰਾਜੂ ਨੇ ਕਿਹਾ ਕਿ ਜਾਂਚ ਏਜੰਸੀ ਪਟੀਸ਼ਨ ਨੂੰ ਲੈ ਕੇ ਆਪਣਾ ਜਵਾਬ ਦਾਖਲ ਕਰੇਗੀ। ਇਸ 'ਤੇ ਸਿੰਘਵੀ ਨੇ ਮਸਲਾ ਫੌਰੀ ਸੁਣੇ ਜਾਣ ਦੀ ਲੋੜ 'ਤੇ ਜੋਰ ਦਿੰਦੇ ਹੋਏ ਕਿਹਾ, "ਮੈਂ ਕਾਰਨ ਦੱਸੇ ਜਾਣ ਲਈ ਸ਼ੁੱਕਰਵਾਰ ਦੀ ਬੇਹੱਦ ਛੋਟੀ ਤਰੀਕ ਲਈ ਨਹੀਂ ਕਹਿ ਰਿਹਾ।" ਜਸਟਿਸ ਖੰਨਾ ਨੇ ਸਿੰਘਵੀ ਨੂੰ ਕਿਹਾ, "ਅਸੀਂ ਮੁਨਾਸਬ ਤਰੀਕ ਦੇਵਾਂਗੇ, ਬਹੁਤ ਛੋਟੀ ਤਰੀਕ, ਪਰ ਜੋ ਤੁਸੀਂ ਕਹਿ ਰਹੇ ਹੋ ਉਹ ਨਹੀਂ।" ਸੁਣਵਾਈ ਦੌਰਾਨ ਸੀਨੀਅਰ ਐਡਵੋਕੇਟ ਨੇ ਕਿਹਾ ਕਿ ਸੀਬੀਆਈ ਤੇ ਈਡੀ ਨੇ ਆਬਕਾਰੀ ਕੇਸ ਵਿਚ ਅੱਠ ਦੋਸ਼-ਪੱਤਰ ਦਾਖਲ ਕੀਤੇ ਹਨ ਤੇ ਇਨ੍ਹਾਂ ਵਿਚੋਂ ਕਿਸੇ ਵਿਚ ਵੀ ਕੇਜਰੀਵਾਲ ਦਾ ਨਾਮ ਨਹੀਂ ਹੈ।" ਉਨ੍ਹਾਂ ਕਿਹਾ, "ਕਹਾਣੀ ਸਤੰਬਰ 2022 ਤੋਂ ਸ਼ੁਰੂ ਹੁੰਦੀ ਹੈ ਤੇ ਕੇਜਰੀਵਾਲ ਨੂੰ ਮਾਰਚ 2024 ਵਿਚ ਗ੍ਰਿਫਤਾਰ ਕੀਤਾ ਗਿਆ।" ਸਿੰਘਵੀ ਨੇ ਕਿਹਾ ਕਿ ਇਸ ਅਰਸੇ ਦੌਰਾਨ 15 ਬਿਆਨ (ਨੌਂ ਇਕੋ ਵਿਅਕਤੀ ਵੱਲੋਂ ਤੇ ਛੇ ਹੋਰਨਾਂ ਵੱਲੋਂ) ਦਰਜ ਕੀਤੇ ਗਏ, ਪਰ ਕਿਸੇ ਨੇ ਵੀ ਕੇਜਰੀਵਾਲ ਦਾ ਨਾਮ ਨਹੀਂ ਲਿਆ। ਉਨ੍ਹਾਂ 'ਆਪ' ਦੇ ਕੌਮੀ ਕਨਵੀਨਰ ਦੀ ਗ੍ਰਿਫਤਾਰੀ ਦੀ ਟਾਈਮਿੰਗ ਨੂੰ ਲੈ ਕੇ ਕਿਹਾ ਕਿ ਪਹਿਲੇ ਗੇੜ ਦੀਆਂ ਚੋਣਾਂ 19 ਅਪਰੈਲ ਨੂੰ ਹੋਣੀਆਂ ਹਨ।

## ਸੰਗਰੂਰ ਜੇਲ੍ਹ 'ਚ ਝੜਪ, ਦੋ ਕੈਦੀਆਂ ਦੀ ਮੌਤ

ਸੰਗਰੂਰ, (ਸ਼.ਪ.)-ਜ਼ਿਲ੍ਹਾ ਜੇਲ੍ਹ ਵਿਚ ਕੈਦੀਆਂ ਤੇ ਹਵਾਲਾਤੀਆਂ ਵਿਚਾਲੇ ਹੋਈ ਖੂਨੀ ਝੜਪ ਦੌਰਾਨ ਦੋ ਕੈਦੀਆਂ ਦੀ ਮੌਤ ਹੋ ਗਈ ਤੇ ਦੋ ਹੋਰ ਕੈਦੀ ਗੰਭੀਰ ਜ਼ਖ਼ਮੀ ਹੋਏ ਹਨ। ਜ਼ਖਮੀਆਂ ਨੂੰ ਡਾਕਟਰਾਂ ਵੱਲੋਂ ਸਿਵਲ ਹਸਪਤਾਲ ਤੋਂ ਪਟਿਆਲਾ ਰੈਫ਼ਰ ਕਰ ਦਿੱਤਾ ਗਿਆ ਹੈ। ਡਾਕਟਰਾਂ ਨੇ ਇਸ ਘਟਨਾ ਦੀ ਪੁਸ਼ਟੀ ਕੀਤੀ ਹੈ ਜਦਕਿ ਜ਼ਿਲ੍ਹਾ ਪੁਲਿਸ, ਸਿਵਲ ਅਤੇ ਜੇਲ੍ਹ ਪ੍ਰਸ਼ਾਸਨ ਨੇ ਮੀਡੀਆ ਤੋਂ ਪਾਸਾ ਵੱਟੀ ਰੱਖਿਆ। ਜਾਣਕਾਰੀ ਅਨੁਸਾਰ ਸੰਗਰੂਰ ਜ਼ਿਲ੍ਹਾ ਜੇਲ੍ਹ 'ਚ ਦੇਰ ਸ਼ਾਮ ਕੈਦੀਆਂ/ਹਵਾਲਾਤੀਆਂ ਦੀ ਝੜਪ ਹੋ ਗਈ ਜਿਸ 'ਚ ਗੰਭੀਰ ਜ਼ਖ਼ਮੀ ਹੋਏ ਚਾਰ ਕੈਦੀਆਂ ਨੂੰ ਜੇਲ੍ਹ ਪ੍ਰਸ਼ਾਸਨ ਵੱਲੋਂ ਸਥਾਨਕ ਸਿਵਲ ਹਸਪਤਾਲ ਲਿਜਾਇਆ ਗਿਆ ਜਿਥੇ ਡਾਕਟਰਾਂ ਨੇ ਦੋ ਕੈਦੀਆਂ ਨੂੰ ਮ੍ਰਿਤਕ ਕਰਾਰ ਦੇ ਦਿੱਤਾ। ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ 'ਚ ਡਿਊਟੀ 'ਤੇ ਤਾਇਨਾਤ ਡਾ. ਕਰਮਦੀਪ ਕਾਹਲ ਨੇ ਦੱਸਿਆ ਕਿ ਸ਼ਾਮ ਕਰੀਬ ਸਾਢੇ ਸੱਤ ਵਜੇ ਜ਼ਿਲ੍ਹਾ ਜੇਲ੍ਹ ਤੋਂ ਚਾਰ ਕੈਦੀਆਂ/ਹਵਾਲਾਤੀਆਂ ਮੁਹੰਮਦ ਹਰੀਸ਼, ਮੁਹੰਮਦ ਸ਼ਹਿਬਾਜ਼, ਗਗਨਦੀਪ ਸਿੰਘ ਅਤੇ ਧਰਮਿੰਦਰ ਸਿੰਘ ਨੂੰ ਸਿਵਲ ਹਸਪਤਾਲ ਲਿਆਂਦਾ ਗਿਆ ਸੀ ਜਿਨ੍ਹਾਂ 'ਚੋਂ ਮੁਹੰਮਦ ਹਰੀਸ਼ ਅਤੇ ਧਰਮਿੰਦਰ ਸਿੰਘ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ। ਗੰਭੀਰ ਜ਼ਖ਼ਮੀ ਗਗਨਦੀਪ ਸਿੰਘ ਅਤੇ ਮੁਹੰਮਦ ਸ਼ਹਿਬਾਜ਼ ਨੂੰ ਪਟਿਆਲਾ ਰੈਫ਼ਰ ਕਰ ਦਿੱਤਾ ਗਿਆ।

# ਦੇਸ਼ ਦਾ ਸੰਵਿਧਾਨ ਬਦਲਣ ਦੀ ਸਾਜਸ਼ਿ ਰਚ ਰਹੀ ਹੈ ਭਾਜਪਾ: ਪ੍ਰਿਯੰਕਾ ਗਾਂਧੀ




ਰਾਏਪੁਰ, (ਸ਼.ਪ.)-ਕਾਂਗਰਸ ਆਗੂ ਪ੍ਰਿਯੰਕਾ ਗਾਂਧੀ ਵਾਡਰਾ ਨੇ ਅੱਜ ਕਿਹਾ ਕਿ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਦੇਸ਼ ਦਾ ਸੰਵਿਧਾਨ ਬਦਲਣਾ ਅਤੇ ਲੋਕਾਂ ਦੇ ਅਧਿਕਾਰ ਖੋਹਣਾ ਚਾਹੁੰਦੀ ਹੈ।

ਛੱਤੀਸਗੜ੍ਹ ਦੇ ਬਲੋਦ 'ਚ ਕਾਂਕੇਰ ਲੋਕ ਸਭਾ ਹਲਕੇ ਤੋਂ ਕਾਂਗਰਸ ਉਮੀਦਵਾਰ ਬੀਰੇਸ਼ ਠਾਕੁਰ ਦੇ ਹੱਕ 'ਚ ਰੈਲੀ ਕਰਦਿਆਂ ਉਨ੍ਹਾਂ ਸਿਆਸਤ ਵਿੱਚ ਧਰਮ ਦੀ ਵਰਤੋਂ ਕਰਨ ਦਾ ਵੀ ਵਿਰੋਧ ਕੀਤਾ ਅਤੇ ਕਿਹਾ ਕਿ ਇਹ ਕਦੀ ਵੀ ਭਾਰਤ ਦੀ ਰਵਾਇਤ ਨਹੀਂ ਰਹੀ ਹੈ। ਉਨ੍ਹਾਂ ਕਿਹਾ, 'ਭਾਜਪਾ ਦੇ ਕਈ ਆਗੂ ਆਪਣੇ ਭਾਸ਼ਣਾਂ ਵਿੱਚ ਕਹਿ ਰਹੇ ਹਨ ਕਿ ਉਨ੍ਹਾਂ ਨੂੰ 400 ਲੋਕ ਸਭਾ ਸੀਟਾਂ ਦਿਓ ਅਤੇ ਉਹ ਸੰਵਿਧਾਨ ਬਦਲ ਦੇਣਗੇ। ਉਹ ਅਜਿਹਾ ਕਿਉਂ ਕਹਿ ਰਹੇ ਹਨ? ਭਾਜਪਾ ਦੇ ਛੋਟੇ ਆਗੂ ਅਤੇ ਬਹੁਤ ਸਾਰੇ ਮੰਤਰੀ ਕਹਿ ਰਹੇ ਨੇ ਕਿ ਉਹ ਸੰਵਿਧਾਨ ਬਦਲ ਦੇਣਗੇ ਪਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਹੋਰ ਸੀਨੀਅਰ ਆਗੂ ਕਹਿ ਰਹੇ ਨੇ ਕਿ ਉਹ ਨਹੀਂ ਬਦਲਣਗੇ। ਕੀ ਤੁਹਾਨੂੰ ਲਗਦਾ ਹੈ ਕਿ ਭਾਜਪਾ ਆਗੂ ਮੋਦੀ ਜੀ ਦੀ ਇਜਾਜਤ ਤੋਂ ਬਿਨਾਂ ਇੰਨੀ ਵੱਡੀ ਗੱਲ ਕਹਿ ਸਕਦੇ ਨੇ।' ਉਨ੍ਹਾਂ ਕਿਹਾ, 'ਇਹ ਇੱਕ ਸਾਜਸ਼ਿ ਹੈ। ਸੰਵਿਧਾਨ ਨੇ ਤੁਹਾਨੂੰ ਵੋਟ ਪਾਉਣ ਦਾ ਅਧਿਕਾਰ ਦਿੱਤਾ, ਤੁਹਾਨੂੰ ਰਾਖਵਾਂਕਰਨ ਦਿੱਤਾ, ਕਬਾਇਲੀ ਸੱਭਿਆਚਾਰ ਦੀ ਰਾਖੀ ਅਤੇ ਦਲਿਤਾਂ ਦਾ ਵਿਕਾਸ ਯਕੀਨੀ ਬਣਾਇਆ। ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਸੰਵਿਧਾਨ ਨੂੰ ਬਦਲਣਾ ਚਾਹੁੰਦੀ ਹੈ ਅਤੇ ਲੋਕਾਂ ਦੇ ਅਧਿਕਾਰ ਖਤਮ ਕਰਨਾ ਚਾਹੁੰਦੀ ਹੈ।' ਉਨ੍ਹਾਂ ਕਿਹਾ ਕਿ ਸੰਵਿਧਾਨ 'ਚ ਕੋਈ ਵੀ ਤਬਦੀਲੀ ਹਰ ਕਿਸੇ ਨੂੰ ਪ੍ਰਭਾਵਿਤ ਕਰੇਗੀ ਅਤੇ ਆਪਣੇ ਅਧਿਕਾਰ ਗੁਆਉਣ ਮਗਰੋਂ ਲੋਕ ਇੱਜਤ ਭਰੀ ਜੰਿਦਗੀ ਨਹੀਂ ਜਿਊਂ ਸਕਣਗੇ।

ਭਾਜਪਾ 'ਤੇ ਹਮਲਾ ਕਰਦਿਆਂ ਉਨ੍ਹਾਂ ਕਿਹਾ ਕਿ ਮੋਦੀ ਇੱਥੇ ਪ੍ਰਚਾਰ ਲਈ ਆਉਣਗੇ, ਵੱਡੇ-ਵੱਡੇ ਵਾਅਦੇ ਕਰਨਗੇ। ਕਬਾਇਲੀ ਸੱਭਿਆਚਾਰ ਬਾਰੇ ਗੱਲਾਂ ਕਰਨਗੇ ਪਰ ਇਸ ਦੀ ਰਾਖੀ ਲਈ ਕੁਝ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮਹਿੰਗਾਈ, ਬੇਰੁਜਗਾਰੀ ਤੇ ਹੋਰ ਲੋਕ ਮੁੱਦਿਆਂ 'ਤੇ ਕਦੀ ਵੀ ਗੱਲ ਨਹੀਂ ਕਰਦੇ।

**ਮੋਦੀ ਨੂੰ ਹਟਾਉਣਾ ਜਰੂਰੀ: ਰਾਹੁਲ**

ਨਵੀਂ ਦਿੱਲੀ: ਕਾਂਗਰਸੀ ਆਗੂ ਰਾਹੁਲ ਗਾਂਧੀ ਨੇ ਦੋਸ਼ ਲਾਇਆ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਰੇਲਵੇ ਨੂੰ 'ਅਯੋਗ' ਸਾਬਿਤ ਕਰਨਾ ਚਾਹੁੰਦੀ ਹੈ ਤਾਂ ਕਿ ਉਸ ਕੋਲ ਆਪਣੇ 'ਮਿੱਤਰਾਂ' ਨੂੰ ਰੇਲਵੇ ਵੇਚਣ ਦਾ ਬਹਾਨਾ ਮਿਲ ਸਕੇ।


**ਕੰਸਟਰਕੱਸ਼ਨ ਕਰਦੇ ਪੰਜਾਬੀ ਭਰਾਵਾਂ ਲਈ ਖੁਸ਼ਬਗੀ**

ਹੁਣ ਯੂਨਾਈਟਿਡ ਤੁਹਾਡੀ ਸੇਵਾ ਲਈ ਹਾਜ਼ਰ ਹਨ।

ਵਾਜਿਬ ਰੇਟ ਅਤੇ ਚੰਗੀ ਸਰਵਿਸ ਦੀ ਗਾਰੰਟੀ ਕਾਲ ਕਰੋ 24 ਘੰਟੇ ਉਪਲਬੱਧ ਹੈ।



**UNITED CONTAINERS OF QUEENS, INC.**

Roll-Off Containers Service
Commercial-Industrial-Contractors



Free Damage-Demolition & Concrete Removal Dirt Loads

Same Day Service



All for discount prices serving 5 boroughs & Nassau



Available 10, 15, 20 & 30 Yards

Tel: 718-501-1435, 917-855-0419

FULLY LICENSED & INSURED, FAX: 718-441-1576


# ਰਾਜ ਸਭਾ ਚੋਣ 'ਚ ਹੋਈ ਹਾਰ ਨੂੰ ਸਿੰਘਵੀ ਵੱਲੋਂ ਚੁਣੌਤੀ



ਸ਼ਿਮਲਾ, ਹਿਮਾਚਲ ਪ੍ਰਦੇਸ਼ 'ਚ ਰਾਜ ਸਭਾ ਚੋਣ ਹਾਰਨ ਦੇ ਕੁਝ ਹਫਤਿਆਂ ਮਗਰੋਂ ਕਾਂਗਰਸ ਆਗੂ ਅਭਿਸ਼ੇਕ ਮਨੂ ਸਿੰਘਵੀ ਨੇ ਨਤੀਜੇ ਨੂੰ ਹਾਈ ਕੋਰਟ 'ਚ ਚੁਣੌਤੀ ਦਿੱਤੀ ਹੈ। ਉਨ੍ਹਾਂ ਵੋਟਾਂ ਬਰਾਬਰ ਰਹਿਣ ਮਗਰੋਂ ਚੋਣ ਅਧਿਕਾਰੀ ਵੱਲੋਂ ਡਰਾਅ ਰਾਹੀਂ ਜੇਤੂ ਦਾ ਐਲਾਨ ਕਰਨ ਦੇ ਨੇਮਾਂ ਨੂੰ ਚੁਣੌਤੀ ਦਿੱਤੀ ਹੈ। ਭਾਜਪਾ ਉਮੀਦਵਾਰ ਹਰਸ਼ ਮਹਾਜਨ ਅਤੇ ਸਿੰਘਵੀ ਨੂੰ 34-34 ਵੋਟਾਂ ਮਿਲੀਆਂ ਸਨ ਜਿਸ ਮਗਰੋਂ ਡਰਾਅ ਕੱਢਿਆ ਗਿਆ ਅਤੇ ਮਹਾਜਨ ਨੂੰ ਜੇਤੂ ਕਰਾਰ ਦਿੱਤਾ ਗਿਆ। ਹਿਮਾਚਲ ਪ੍ਰਦੇਸ਼ ਹਾਈ ਕੋਰਟ 'ਚ ਪਟੀਸ਼ਨ ਦਾਖਲ ਕਰਨ ਮਗਰੋਂ ਸਿੰਘਵੀ ਨੇ ਪੱਤਰਕਾਰਾਂ ਨੂੰ ਦੱਸਿਆ,"ਕਾਨੂੰਨ ਵਿਚ, ਨਾ ਹੀ ਐਕਟ ਅਤੇ ਨਾ ਹੀ ਨਿਯਮਾਂ ਵਿਚ ਅਜਿਹਾ ਕੁਝ ਹੈ ਜੋ ਕਿਸੇ ਵਿਆਖਿਆ ਲਈ ਮਜਬੂਰ ਕਰਦਾ ਹੈ ਜਿਸ ਵਿਚ ਇਹ ਜਰੂਰੀ ਹੈ ਕਿ ਜਿਸ ਵਿਅਕਤੀ ਦਾ ਨਾਮ ਪਰਚੀਆਂ ਦੇ ਡਰਾਅ ਵਿਚ ਕੱਢਿਆ ਗਿਆ ਹੈ, ਉਹ ਹਾਰਨ ਵਾਲਾ ਹੈ।"

ਕਾਂਗਰਸ ਦੇ ਵਿਧਾਨ ਸਭਾ 'ਚ 40 ਵਿਧਾਇਕ ਸਨ ਅਤੇ ਇਸ ਨੂੰ ਤਿੰਨ ਆਜਾਦ ਉਮੀਦਵਾਰਾਂ ਦੀ ਹਮਾਇਤ ਪ੍ਰਾਪਤ ਸੀ ਪਰ 9 ਵਿਧਾਇਕਾਂ (ਕਾਂਗਰਸ ਦੇ ਛੇ ਬਾਗੀ ਅਤੇ ਤਿੰਨ ਆਜਾਦ ਵਿਧਾਇਕ) ਨੇ ਭਾਜਪਾ ਉਮੀਦਵਾਰ ਹਰਸ਼ ਮਹਾਜਨ ਦੇ ਹੱਕ 'ਚ ਵੋਟ ਪਾਏ ਸਨ। ਜੇਤੂ ਦਾ ਐਲਾਨ ਡਰਾਅ ਰਾਹੀਂ ਕੀਤਾ ਗਿਆ। ਚੋਣ ਅਧਿਕਾਰੀ ਨੇ ਪ੍ਰਕਿਰਿਆ ਦਾ ਪਾਲਣ ਕੀਤਾ ਅਤੇ ਜਿਸ ਵਿਅਕਤੀ ਦਾ ਨਾਮ ਪਰਚੀ 'ਤੇ ਨਿਕਲਿਆ, ਉਸ ਨੂੰ ਹਾਰਿਆ ਹੋਇਆ ਐਲਾਨ ਦਿੱਤਾ। ਸਿੰਘਵੀ ਨੇ ਕਿਹਾ ਕਿ ਦੁਨੀਆ 'ਚ ਹਰ ਥਾਂ 'ਤੇ ਇਹੋ ਹੁੰਦਾ ਹੈ ਕਿ ਜਦੋਂ ਦੋ ਵਿਅਕਤੀਆਂ ਦੇ ਵੋਟ ਬਰਾਬਰ ਰਹਿੰਦੇ ਹਨ ਤਾਂ ਜਿਸ ਦਾ ਨਾਮ ਪਰਚੀ 'ਚ ਨਿਕਲਦਾ ਹੈ, ਉਸ ਨੂੰ ਜੇਤੂ ਐਲਾਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੇ ਹਾਈ ਕੋਰਟ ਨੇ ਸਾਡੀ ਦਲੀਲ ਮੰਨ ਲਈ ਤਾਂ ਨਤੀਜੇ ਨੂੰ ਗਲਤ ਐਲਾਨਿਆ ਜਾ ਸਕਦਾ ਹੈ। ਰਾਜ ਸਭਾ ਚੋਣ 'ਚ ਹਾਰ ਮਗਰੋਂ ਹਿਮਾਚਲ ਪ੍ਰਦੇਸ਼ 'ਚ ਕਾਂਗਰਸ ਸਰਕਾਰ ਸੰਕਟ 'ਚ ਘਿਰ ਗਈ ਹੈ।

## ਜਾਲਮ ਪਤੀ ਨੇ ਗਰਭਵਤੀ ਪਤਨੀ ਨੂੰ ਮੰਜੇ ਨਾਲ ਬੰਨ੍ਹ ਕੇ ਲਾਈ ਅੱਗ



ਅੰਮ੍ਰਿਤਸਰ 'ਚ ਇਕ ਅਜਿਹੀ ਘਟਨਾ ਸਾਹਮਣੇ ਆਈ ਹੈ, ਜਿਸ ਨੂੰ ਜਾਣ ਕੇ ਰੂਹ ਕੰਬ ਜਾਵੇਗੀ। ਇੱਕ ਗਰਭਵਤੀ ਔਰਤ ਦਾ ਪਤੀ ਨਾਲ ਝਗੜਾ ਹੋ ਗਿਆ ਤੇ ਫਿਰ ਉਸ ਨੂੰ ਆਪਣੀ ਜਾਨ ਤੋਂ ਹੱਥ ਧੋਣੇ ਪਏ। ਤਕਰਾਰ ਤੋਂ ਨਾਰਾਜ ਹੋ ਕੇ ਪਤੀ ਨੇ ਔਰਤ ਨੂੰ ਮੰਜੇ ਨਾਲ ਬੰਨ੍ਹ ਕੇ ਅੱਗ ਲਾ ਦਿੱਤੀ। ਅੱਗ 'ਚ ਝੁਲਸਣ ਨਾਲ ਔਰਤ ਦੀ ਮੌਕੇ 'ਤੇ ਹੀ ਮੌਤ ਹੋ ਗਈ। 23 ਸਾਲਾ ਔਰਤ 6 ਮਹੀਨੇ ਦੀ ਗਰਭਵਤੀ ਸੀ।ਕੌਮੀ ਮਹਿਲਾ ਕਮਿਸਨ (ਐਨਸੀਡਬਲਯੂ) ਨੇ ਵੀ ਇਸ ਮਾਮਲੇ ਨੂੰ ਗੰਭੀਰਤਾ ਨਾਲ ਲਿਆ ਹੈ ਅਤੇ ਪੰਜਾਬ ਪੁਲਿਸ ਤੋਂ ਇਸ ਦੀ ਵਿਸਤ੍ਰਿਤ ਰਿਪੋਰਟ ਮੰਗੀ ਹੈ। ਰਾਸਟਰੀ ਮਹਿਲਾ ਕਮਿਸਨ ਨੇ ਸੋਸਲ ਮੀਡੀਆ ਪਲੇਟਫਾਰਮ 'ਤੇ ਇਕ ਪੋਸਟ ਪਾ ਕੇ ਇਸ ਭਿਆਨਕ ਘਟਨਾ ਦੀ ਨਿੰਦਾ ਕੀਤੀ ਹੈ ਅਤੇ ਇਸ ਬੇਰਹਿਮੀ ਨੂੰ ਅਕਲਪਿਤ ਦੱਸਿਆ ਹੈ। ਪੁਲਿਸ ਦਾ ਕਹਿਣਾ ਹੈ ਕਿ ਇਸ ਮਾਮਲੇ 'ਚ ਮਾਮਲਾ ਦਰਜ ਕਰ ਲਿਆ ਗਿਆ ਹੈ।


ROYAL
INDIAN CUISINE
407-778-3064
8216 World Center Dr. Orlando FL 32821
FLAVORS OF INDIA
indian restaurant
11701 international dr #310, orlando fl 32821
ਸਟਾਫ ਦੀ ਲੋੜ ਹੈ
ਸਾਨੂੰ ਸ਼ੈਫ, ਤੰਦੂਰੀਆ ਅਤੇ ਪੰਜਾਬੀ ਵੇਟਰਾਂ ਦੀ ਲੋੜ ਹੈ।
We looking for Punjabi chefs , Tandooriaa and Indian servers !!
COME ON IN AND TIKKA BITE...
JAIN & VEGAN DISH
Design:Shaanepunjabusa
Tel:407-778-5255
www.royalindiaorlando.com
www.flavorsofindiaorlando.com
we cater & Deliver
Charajeet jhally
646-201-0197
Raj Jhamat
646-371-3450
Harry bhai Athouli wala
252-370-2111


NY 1 Sarpanch Construction INC
Fimlly Insured Free
Estimates Steaming
Cleaning
Waterproofing g Roofing
BricecPointing Side walk
Painting Rheroseal
Vinyl work.
Design By:Shaanepunjabusa.com
ਸਾਡੀ ਸੁਸਾਇਟੀ
ਇੰਡੀਆ
ਵਿਚ ਲੋੜਵੰਦਾਂ ਦੀ
ਮਦਦ ਕਰਦੀ ਹੈ
ASK for
Mr. Singh
Tel: 917-553-5036
118-08-Atlantic Avenue,Queens.Ny-11419
email: ny1Sarpanchconstructioninc@gmail.com